ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 12 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੨੯ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਵਿਦੇਸ਼ ਭੱਜਿਆ ਗੈਂਗਸਟਰ ਵੈਂਕਟ ਕਾਬੂ, ਜਾਰਜੀਆ ਤੋਂ ਲਿਆਂਦਾ ਗਿਆ ਭਾਰਤ



**ਨਵੀਂ ਦਿੱਲੀ, 11 ਜੂਨ (ਆਵਾਜ਼ਿ ਕੌਮ ਬਿਊਰੋ)**-ਸਪੈਸ਼ਲ ਟਾਸਕ ਫੋਰਸ ਨੇ ਦਿੱਲੀ ਹਵਾਈ ਅੱਡੇ ’ਤੇ ਬਦਨਾਮ ਗੈਂਗਸਟਰ ਵੈਂਕਟੇਸ਼ ਗਰਗ ਉਰਫ਼ ਵੈਂਕਟ ਸੀਨੀਅਰ ਬਸਪਾ ਨੇਤਾ ਹਰਬਿਲਾਸ ਰਾਜੂਮਾਜਰਾ ਦੇ ਕਤਲ ਦਾ ਮਾਸਟਰਮਾਈਂਡ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਉਹ ਜਾਰਜੀਆ ਵਿੱਚ ਰਹਿੰਦਿਆਂ ਆਪਣਾ ਗੈਂਗ ਚਲਾ ਰਿਹਾ ਸੀ। ਉਸ ਦੀ ਹਵਾਲਗੀ ਤੋਂ ਬਾਅਦ ਵੀਰਵਾਰ ਸਵੇਰੇ ਉਸ ਨੂੰ ਭਾਰਤ ਵਾਪਸ ਲਿਆਂਦਾ ਗਿਆ। ਉਸ ’ਤੇ ਹਰਿਆਣਾ, ਦਿੱਲੀ, ਪੰਜਾਬ ਅਤੇ ਚੰਡੀਗੜ੍ਹ ਵਿੱਚ ਕਤਲ, ਡਕੈਤੀ ਅਤੇ ਜਬਰੀ ਵਸੂਲੀ ਨਾਲ ਸਬੰਧਤ 12 ਤੋਂ ਵੱਧ ਮਾਮਲਿਆਂ ਵਿੱਚ ਦੋਸ਼ ਹਨ। ਉਹ STF ਦੀ ‘ਮੋਸਟ ਵਾਂਟੇਡ’ ਸੂਚੀ ਵਿੱਚ ਸੀ, ਜਿਸ ਦੀ ਗ੍ਰਿਫ਼ਤਾਰੀ ਲਈ 2 ਲੱਖ ਦਾ ਇਨਾਮ ਐਲਾਨਿਆ ਗਿਆ ਸੀ। ਪੰਜਾਬ ਰਾਜਨੀਤੀ ਪਿਛਲੇ ਸਾਲ ਜਨਵਰੀ ਵਿੱਚ ਬਸਪਾ ਨੇਤਾ ਨੂੰ ਅੰਬਾਲਾ ਦੇ ਨਰਾਇਣਗੜ੍ਹ ਖੇਤਰ ਵਿੱਚ ਦਿਨ-ਦਿਹਾੜੇ ਗੋਲੀ ਮਾਰ ਦਿੱਤੀ ਗਈ ਸੀ। ਇਸ ਕਤਲ ਤੋਂ ਬਾਅਦ ਗੈਂਗਸਟਰ ਵੈਂਕਟ ਬਦਨਾਮ ਹੋ ਗਿਆ। ਦੱਸਿਆ ਜਾ ਰਿਹਾ ਹੈ ਕਿ ਕਤਲ ਨੂੰ ਅੰਜਾਮ ਦੇਣ ਤੋਂ ਬਾਅਦ, ਉਹ ਜਾਅਲੀ ਪਾਸਪੋਰਟ ਦੀ ਵਰਤੋਂ ਕਰਕੇ ਜਾਰਜੀਆ ਭੱਜ ਗਿਆ।

### ਆਸਟ੍ਰੇਲੀਆ-ਯੂ. ਕੇ. ਸਣੇ 22 ਦੇਸ਼ਾਂ ਨੇ ਕੀਤੀ ਹਮਲਿਆਂ ਦੀ ਨਿੰਦਾ

# ਇਕੱਲਾ ਪੈਣ ਲੱਗਾ ਈਰਾਨ !

**ਵਾਸ਼ਿੰਗਟਨ, 11 ਜੂਨ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ-ਇਜ਼ਰਾਈਲ ਨਾਲ ਜਾਰੀ ਤਣਾਅ ਵਿਚਕਾਰ ਈਰਾਨ ਇਕੱਲਾ ਪੈਣ ਲੱਗ ਪਿਆ ਹੈ। ਹਾਲ ਹੀ ਵਿਚ ਅਮਰੀਕਾ, ਯੂਕੇ, ਆਸਟ੍ਰੇਲੀਆ, ਕੈਨੇਡਾ, ਫਰਾਂਸ, ਜਰਮਨੀ ਅਤੇ ਸਵੀਡਨ ਸਮੇਤ 22 ਦੇਸ਼ਾਂ ਨੇ ਸਾਂਝੇ ਤੌਰ ’ਤੇ ਯੂਰਪ, ਉੱਤਰੀ ਅਮਰੀਕਾ ਅਤੇ ਆਸਟ੍ਰੇਲੀਆ ਵਿੱਚ ਈਰਾਨ ਦੀਆਂ ਕਥਿਤ “ਘਾਤਕ ਸਾਜ਼ਿਸ਼ਾਂ ਅਤੇ ਹੋਰ ਖ਼ਤਰਨਾਕ ਗਤੀਵਿਧੀਆਂ” ਦੀ ਨਿੰਦਾ ਕੀਤੀ ਹੈ। ਉਨ੍ਹਾਂ ਨੇ ਈਰਾਨ ਦੇ ਸੁਰੱਖਿਆ ਸਿਸਟਮ ’ਤੇ ਵਿਰੋਧੀਆਂ, ਪੱਤਰਕਾਰਾਂ ਅਤੇ ਯਹੂਦੀ ਅਤੇ ਇਜ਼ਰਾਈਲੀ ਭਾਈਚਾਰਿਆਂ ਨੂੰ ਨਿਸ਼ਾਨਾ ਬਣਾਉਣ ਦਾ ਦੋਸ਼ ਲਗਾਇਆ। ਮੰਗਲਵਾਰ ਨੂੰ ਜਾਰੀ ਇੱਕ ਸਾਂਝੇ ਬਿਆਨ ਵਿੱਚ ਦੇਸ਼ਾਂ ਨੇ ਕਿਹਾ ਕਿ ਉਹ ਈਰਾਨ ਦੀਆਂ ਸੁਰੱਖਿਆ ਏਜੰਸੀਆਂ ਦੁਆਰਾ ਪੈਦਾ ਕੀਤੇ ਜਾ ਰਹੇ ਖ਼ਤਰਿਆਂ ਦਾ ਮੁਕਾਬਲਾ ਕਰਨ ਲਈ ਇਕਜੁੱਟ ਹਨ। ਇਨ੍ਹਾਂ ਏਜੰਸੀਆਂ ਵਿੱਚ ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ-ਇੰਟੈਲੀਜੈਂਸ ਆਰਗੇਨਾਈਜ਼ੇਸ਼ਨ, ਕੁਦਸ ਫੋਰਸ, ਅਤੇ ਮਿਨਸਟਰੀ ਆਫ ਇਟੈਂਲੀਜੈਂਸ ਅਤੇ ਸੁਰੱਖਿਆ ਮੰਤਰਾਲੇ ਸ਼ਾਮਲ ਹਨ। ਸਾਂਝੇ ਬਿਆਨ ਵਿੱਚ ਕਿਹਾ ਗਿਆ ਹੈ, “ਅਮਰੀਕਾ, ਯੂਕੇ, ਆਸਟ੍ਰੇਲੀਆ, ਆਸਟਰੀਆ, ਬੈਲਜੀਅਮ, ਬੁਲਗਾਰੀਆ, ਕੈਨੇਡਾ, ਚੈੱਕ ਗਣਰਾਜ, ਡੈਨਮਾਰਕ, ਐਸਟੋਨੀਆ, ਫਿਨਲੈਂਡ, ਫਰਾਂਸ, ਜਰਮਨੀ, ਆਇਰਲੈਂਡ, ਲਾਤਵੀਆ, ਲਿਥੁਆਨੀਆ, ਨੀਦਰਲੈਂਡ, ਨਿਊਜ਼ੀਲੈਂਡ, ਉੱਤਰੀ ਮੈਸੇਡੋਨੀਆ, ਨਾਰਵੇ, ਪੁਰਤਗਾਲ ਅਤੇ ਸਵੀਡਨ; ਈਰਾਨ ਦੀਆਂ ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ-ਇੰਟੈਲੀਜੈਂਸ ਆਰਗੇਨਾਈਜ਼ੇਸ਼ਨ, ਕੁਦਸ ਫੋਰਸ, ਅਤੇ ਮਿਨਸਟਰੀ ਆਫ ਇਟੈਂਲੀਜੈਂਸ ਅਤੇ ਸੁਰੱਖਿਆ ਮੰਤਰਾਲੇ ਦੁਆਰਾ ਯੂਰਪ, ਉੱਤਰੀ ਅਮਰੀਕਾ ਅਤੇ ਆਸਟ੍ਰੇਲੀਆ ਵਿੱਚ ਕੀਤੀਆਂ ਜਾ ਰਹੀਆਂ ਘਾਤਕ ਸਾਜ਼ਿਸ਼ਾਂ ਅਤੇ ਖ਼ਤਰਨਾਕ ਕਾਰਵਾਈਆਂ ਦੀ ਨਿੰਦਾ ਕਰਦੇ ਹਾਂ।” ਦਸਤਖਤ ਕਰਨ ਵਾਲੇ ਦੇਸ਼ਾਂ ਨੇ ਦੋਸ਼ ਲਗਾਇਆ ਕਿ ਈਰਾਨੀ ਏਜੰਟਾਂ ਨੇ “ਈਰਾਨੀ ਅਸੰਤੁਸ਼ਟਾਂ, ਪੱਤਰਕਾਰਾਂ, ਅਤੇ ਯਹੂਦੀ ਅਤੇ ਇਜ਼ਰਾਈਲੀ ਭਾਈਚਾਰਿਆਂ ਅਤੇ ਉਨ੍ਹਾਂ ਦੇ ਹਿੱਤਾਂ” ਨੂੰ ਨਿਸ਼ਾਨਾ ਬਣਾਇਆ ਹੈ। ਉਨ੍ਹਾਂ ਨੇ ਆਪਣੇ ਨਾਗਰਿਕਾਂ ਦੀ ਰੱਖਿਆ ਲਈ ਆਪਣੇ ਸਮੂਹਿਕ ਸੰਕਲਪ ਨੂੰ ਦੁਹਰਾਇਆ।



## ਖੁੱਲ੍ਹ ਗਏ ਪੌਂਗ ਡੈਮ ਦੇ ਗੇਟ, ਛੱਡਿਆ ਗਿਆ ਪਾਣੀ

**ਹੁਸ਼ਿਆਰਪੁਰ, 11 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਾਸੀਆਂ ਲਈ ਅਹਿਮ ਖ਼ਬਰ ਸਾਹਮਣੇ ਆਈ ਹੈ। ਮਾਨਸੂਨ ਤੋਂ ਪਹਿਲਾਂ ਹੀ ਪਾਣੀ ਦੇ ਵੱਧਦੇ ਪੱਧਰ ਕਾਰਨ ਪ੍ਰਸ਼ਾਸਨ ਨੇ ਪੌਂਗ ਡੈਮ ਦੇ ਫਲੱਡ ਗੇਟ ਖੋਲ੍ਹ ਕੇ ਵਾਧੂ ਪਾਣੀ ਛੱਡ ਦਿੱਤਾ ਹੈ। ਇਸ ਕਾਰਨ ਬਿਆਸ ਦਰਿਆ ਦੇ ਨੇੜਲੇ ਇਲਾਕਿਆਂ ਵਿੱਚ ਸਾਵਧਾਨੀ ਵਰਤਣ ਲਈ ਅਲਰਟ ਜਾਰੀ ਕੀਤਾ ਗਿਆ ਹੈ। ਮਾਨਸੂਨ ਤੋਂ ਪਹਿਲਾਂ ਹੀ ਬੀ. ਬੀ. ਐੱਮ. ਬੀ. ਸੂਬਿਆਂ ਨੂੰ ਪਾਣੀ ਦੇਣ ਦੀ ਤਿਆਰੀ ਕਰ ਰਿਹਾ ਹੈ। ਪੌਂਗ ਡੈਮ ਦੀਆਂ ਸਾਹਮਣੇ ਆਈਆਂ ਤਸਵੀਰਾਂ ਵਿਚ ਤੁਸੀਂ ਵੇਖ ਸਕਦੇ ਹੋ ਕਿ ਕਿਵੇਂ ਡੈਮ ਵਿਚ ਪਾਣੀ ਛਾਲਾਂ ਮਾਰ ਰਿਹਾ ਹੈ। ਪਾਣੀ ਛੱਡੇ ਜਾਣ ਕਾਰਨ ਬਿਆਸ ਦਰਿਆ ਦੇ ਕੰਢੇ ਵਸੇ ਪਿੰਡਾਂ ਅਤੇ ਨੀਵੇਂ ਇਲਾਕਿਆਂ ਵਿੱਚ ਹੜ੍ਹਾਂ ਵਰਗੀ ਸਥਿਤੀ ਬਣ ਸਕਦੀ ਹੈ। ਇਥੇ ਦੱਸ ਦੇਈਏ ਕਿ ਪੰਜਾਬ ’ਚ ਮਾਨਸੂਨ ਦੇ ਆਉਣ ਲਈ ਅਜੇ ਤਿੰਨ-ਚਾਰ ਹਫ਼ਤਿਆਂ ਦਾ ਸਮਾਂ ਬਚਿਆ ਹੈ ਪਰ ਉਸ ਤੋਂ ਪਹਿਲਾਂ ਹੀ ਡੈਮਾਂ ਵਿਚ ਪਾਣੀ ਦਾ ਪੱਧਰ ਵਧਣ ਕਾਰਨ ਭਾਖੜਾ-ਬਿਆਸ ਮੈਨੇਜਮੈਂਟ ਬੋਰਡ ਦੀ ਚਿੰਤਾ ਵਧ ਗਈ ਹੈ। ਭਾਖੜਾ-ਬਿਆਸ ਮੈਨੇਜਮੈਂਟ ਬੋਰਡ ਨੇ ਸਥਿਤੀ ਨੂੰ ਵੇਖਦੇ ਹੋਏ ਪੰਜਾਬ, ਹਰਿਆਣਾ ਅਤੇ ਰਾਜਸਥਾਨ ਵਰਗੇ ਹਿੱਸੇਦਾਰ ਸੂਬਿਆਂ ਨੂੰ ਆਪਣੀ ਤੈਅ ਮਾਤਰਾ ਤੋਂ ਵਾਧੂ ਪਾਣੀ ਲੈਣ ਦੀ ਅਪੀਲ ਕੀਤੀ ਹੈ। BBMB ਨੇ ਸਲਾਹ ਦਿੱਤੀ ਹੈ ਕਿ ਹੁਣ ਝੋਨੇ (ਧਾਨ) ਦਾ ਸੀਜ਼ਨ ਚੱਲ ਰਿਹਾ ਹੈ, ਇਸ ਲਈ ਪੰਜਾਬ ਅਤੇ ਹਰਿਆਣਾ ਨੂੰ ਆਪਣੇ ਕੋਟੇ ਦਾ ਪਾਣੀ ਵੱਧ ਤੋਂ ਵੱਧ ਵਰਤਣਾ ਚਾਹੀਦਾ ਹੈ ਤਾਂ ਜੋ ਗੋਵਿੰਦ ਸਾਗਰ ਝੀਲ ’ਚ ਆਉਣ ਵਾਲੀ ਮਾਨਸੂਨੀ ਬਾਰਿਸ਼ ਦੇ ਪਾਣੀ ਨੂੰ ਸੰਭਾਲਣ ਲਈ ਜਗ੍ਹਾ ਬਣਾਈ ਜਾ ਸਕੇ।



## ਪੰਜਾਬੀ ਗਾਇਕ ਗੁਰੂ ਰੰਧਾਵਾ ਦੇ ਜਿੰਮ ਦੇ ਬਾਹਰ ਹੋਈ ਫਾਈਰਿੰਗ, ਲਾਰੈਂਸ ਗੈਂਗ ਨੇ ਲਈ ਜ਼ਿੰਮੇਵਾਰੀ

**ਨਵੀਂ ਦਿੱਲੀ, 11 ਜੂਨ (ਆਵਾਜ਼ਿ ਕੌਮ ਬਿਊਰੋ)**-ਰਾਜਧਾਨੀ ਦਿੱਲੀ ਵਿੱਚ ਕਾਨੂੰਨ ਵਿਵਸਥਾ ਨੂੰ ਚੁਣੌਤੀ ਦੇਣ ਵਾਲੀ ਇੱਕ ਹੈਰਾਨ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ। ਅਣਪਛਾਤੇ ਹਮਲਾਵਰਾਂ ਨੇ ਮਸ਼ਹੂਰ ਪੰਜਾਬੀ ਗਾਇਕ ਗੁਰੂ ਰੰਧਾਵਾ ਦੀ ਮਲਕੀਅਤ ਵਾਲੇ ਜਿਮ ਦੇ ਬਾਹਰ ਗੋਲੀਬਾਰੀ ਕੀਤੀ। ਇਸ ਘਟਨਾ ਕਾਰਨ ਇਲਾਕੇ ਵਿੱਚ ਵਿਆਪਕ ਦਹਿਸ਼ਤ ਫੈਲ ਗਈ ਹੈ ਅਤੇ ਸੁਰੱਖਿਆ ਸਖ਼ਤ ਕਰ ਦਿੱਤੀ ਗਈ ਹੈ। ਇਸ ਸਨਸਨੀਖੇਜ਼ ਹਮਲੇ ਦੀ ਜ਼ਿੰਮੇਵਾਰੀ ਬਦਨਾਮ ਲਾਰੈਂਸ ਬਿਸ਼ਨੋਈ ਗੈਂਗ ਨੇ ਲਈ ਹੈ। ਗੈਂਗ ਨੇ ਸੋਸ਼ਲ ਮੀਡੀਆ ’ਤੇ ਵਾਇਰਲ ਹੋਈ ਇੱਕ ਕਥਿਤ ਪੋਸਟ ਅਤੇ ਆਡੀਓ ਕਲਿੱਪ ਰਾਹੀਂ ਗੋਲੀਬਾਰੀ ਦੀ ਜ਼ਿੰਮੇਵਾਰੀ ਲਈ ਹੈ। ਵਾਇਰਲ ਆਡੀਓ ਵਿੱਚ, ਇੱਕ ਗੈਂਗ ਮੈਂਬਰ ਨੂੰ ਕਥਿਤ ਤੌਰ ’ਤੇ ਇਹ ਕਹਿੰਦੇ ਸੁਣਿਆ ਜਾ ਸਕਦਾ ਹੈ ਕਿ ਗੁਰੂ ਰੰਧਾਵਾ ਦਾ ਅਦਾਕਾਰ ਸਲਮਾਨ ਖਾਨ ਨਾਲ ਨਜ਼ਦੀਕੀ ਸਬੰਧ ਹੈ, ਜਿਸ ਕਾਰਨ ਉਸਨੂੰ ਨਿਸ਼ਾਨਾ ਬਣਾਇਆ ਗਿਆ। ਆਡੀਓ ਵਿੱਚ ਹਮਲੇ ਨੂੰ ਸਿਰਫ਼ ਇੱਕ “ਟ੍ਰੇਲਰ” ਦੱਸਿਆ ਗਿਆ ਹੈ। ਘਟਨਾ ਦੀ ਜਾਣਕਾਰੀ ਮਿਲਣ ’ਤੇ, ਦਿੱਲੀ ਪੁਲਿਸ ਦੀਆਂ ਟੀਮਾਂ ਮੌਕੇ ’ਤੇ ਪਹੁੰਚੀਆਂ ਅਤੇ ਜਿੰਮ ਦੇ ਬਾਹਰੋਂ ਵਿਜ਼ੂਅਲ ਅਤੇ ਸੀਸੀਟੀਵੀ ਫੁਟੇਜ ਜ਼ਬਤ ਕੀਤੀਆਂ। ਪੁਲਿਸ ਇਹ ਪਤਾ ਲਗਾਉਣ ਲਈ ਡੂੰਘਾਈ ਨਾਲ ਜਾਂਚ ਕਰ ਰਹੀ ਹੈ ਕਿ ਕੀ ਇਹ ਸੱਚਮੁੱਚ ਕਿਸੇ ਗਿਰੋਹ ਦਾ ਕੰਮ ਸੀ ਜਾਂ ਕੀ ਕਿਸੇ ਨੇ ਦਹਿਸ਼ਤ ਫੈਲਾਉਣ ਲਈ ਇਸ ਨਾਮ ਦੀ ਵਰਤੋਂ ਕੀਤੀ ਸੀ। ਦਿੱਲੀ ਪੁਲਿਸ ਦੇ ਅਨੁਸਾਰ, ਵਾਇਰਲ ਆਡੀਓ ਅਤੇ ਸੋਸ਼ਲ ਮੀਡੀਆ ਪੋਸਟਾਂ ਦੀ ਪ੍ਰਮਾਣਿਕਤਾ ਦੀ ਜਾਂਚ ਕੀਤੀ ਜਾ ਰਹੀ ਹੈ, ਜਿਸ ਤੋਂ ਬਾਅਦ ਹੀ ਸਥਿਤੀ ਪੂਰੀ ਤਰ੍ਹਾਂ ਸਪੱਸ਼ਟ ਹੋਵੇਗੀ। ਦਿੱਲੀ ਪੁਲਿਸ ਨੇ ਇੱਕ ਬਿਆਨ ਜਾਰੀ ਕਰਕੇ ਕਿਹਾ ਕਿ 11 ਜੂਨ, 2026 ਦੀ ਸਵੇਰ ਨੂੰ, ਪੁਲਿਸ ਸਟੇਸ਼ਨ ਪੱਛਮੀ ਵਿਹਾਰ ਪੂਰਬ ਨੂੰ “24 ਘੰਟੇ ਫਿਟਨੈਸ” ਜਿਮ, ਪੁਸ਼ਕਰ ਐਨਕਲੇਵ, ਪੱਛਮੀ ਵਿਹਾਰ, ਦਿੱਲੀ ਵਿੱਚ ਗੋਲੀਬਾਰੀ ਦੀ ਘਟਨਾ ਸੰਬੰਧੀ ਇੱਕ ਪੀਸੀਆਰ ਕਾਲ ਪ੍ਰਾਪਤ ਹੋਈ। ਮੁੱਢਲੀ ਜਾਂਚ ਵਿੱਚ ਪੁਸ਼ਟੀ ਹੋਈ ਹੈ ਕਿ ਦੋ ਅਣਪਛਾਤੇ ਵਿਅਕਤੀਆਂ, ਜਿਨ੍ਹਾਂ ਦੇ ਚਿਹਰੇ ਢੱਕੇ ਹੋਏ ਸਨ, ਨੇ ਮੋਟਰਸਾਈਕਲ ’ਤੇ ਜਿਮ ਦੀਆਂ ਸ਼ੀਸ਼ੇ ਦੀਆਂ ਖਿੜਕੀਆਂ ’ਤੇ ਕੁਝ ਗੋਲੀਆਂ ਚਲਾਈਆਂ। ਇਸ ਘਟਨਾ ਵਿੱਚ ਕੋਈ ਜ਼ਖਮੀ ਨਹੀਂ ਹੋਇਆ। ਉਨ੍ਹਾਂ ਨੇ ਇਹ ਵੀ ਕਿਹਾ ਕਿ ਸਥਾਨਕ ਅਤੇ ਜ਼ਿਲ੍ਹਾ ਪੁਲਿਸ ਨੇ ਤੁਰੰਤ ਕਾਰਵਾਈ ਕੀਤੀ ਹੈ, ਅਤੇ ਮਾਮਲੇ ਵਿੱਚ ਢੁਕਵੀਂ ਕਾਨੂੰਨੀ ਪ੍ਰਕਿਰਿਆ ਸ਼ੁਰੂ ਕੀਤੀ ਜਾ ਰਹੀ ਹੈ। ਦੋਸ਼ੀਆਂ ਦੀ ਪਛਾਣ ਕਰਨ, ਖੋਜ ਕਰਨ ਅਤੇ ਜਲਦੀ ਗ੍ਰਿਫ਼ਤਾਰ ਕਰਨ ਲਈ ਕਈ ਟੀਮਾਂ ਬਣਾਈਆਂ ਗਈਆਂ ਹਨ।



## ਹਰਿਆਣਾ ਦੇ ਸਿੱਖ ਸ਼ਰਧਾਲੂਆਂ ਦਾ ਜਥਾ ਨਹੀਂ ਜਾ ਸਕਿਆ ਪਾਕਿਸਤਾਨ; ਜਥੇ ’ਚ ਸ਼ਾਮਲ ਸਨ ਹਰਿਆਣਾ ਦੇ 94 ਸਿੱਖ ਸ਼ਰਧਾਲੂ

**ਚੰਡੀਗੜ੍ਹ/ਅਟਾਰੀ, 11 ਜੂਨ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਗੁਰਪੁਰਬ ਸ਼ਹੀਦੀ ਅਸਥਾਨ ਗੁਰਦੁਆਰਾ ਡੇਰਾ ਸਾਹਿਬ ਲਾਹੌਰ ਪਾਕਿਸਤਾਨ ਜਾਣ ਲਈ ਭਾਰਤੀ ਅਟਾਰੀ ਸਰਹੱਦ ’ਤੇ ਪਹੁੰਚੇ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਜਥੇ ਨੂੰ ਭਾਰਤ ਸਰਕਾਰ ਵੱਲੋਂ ਪਾਕਿਸਤਾਨ ਜਾਣ ਦੀ ਆਗਿਆ ਨਹੀਂ ਦਿੱਤੀ ਗਈ ਜਿਸ ਕਾਰਨ ਸੰਗਤ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਦੱਸ ਦਈਏ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਗੁਰਪੁਰਬ ਪਿਛਲੇ ਕਈ ਸਾਲਾਂ ਤੋਂ ਲਾਹੌਰ ਵਿਖੇ ਮਨਾਉਣ ਲਈ ਭਾਰਤ ਤੋਂ ਸਿੱਖ ਸ਼ਰਧਾਲੂਆਂ ਦਾ ਜੱਥਾ ਕਰੀਬ 13 ਸਾਲ ਬਾਅਦ ਭਾਰਤ ਤੋਂ ਪਾਕਿਸਤਾਨ ਜਾ ਰਿਹਾ ਸੀ। ਪਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਿੱਖ ਸ਼ਰਧਾਲੂਆਂ ਦੇ ਜਥੇ ਦੇ 105 ਮੈਂਬਰਾਂ ਵਿੱਚੋਂ ਦੇ ਕਰੀਬ ਹਰਿਆਣਾ ਸੂਬੇ 99 ਸਿੱਖ ਸ਼ਰਧਾਲੂਆਂ ਨੂੰ ਵੀਜ਼ਾ ਦਿੱਤਾ ਗਿਆ। ਹਰਿਆਣਾ ਸਰਕਾਰ ਦੇ ਗ੍ਰਹਿ ਵਿਭਾਗ ਵੱਲੋਂ ਭਾਰਤੀ ਗ੍ਰਹਿ ਵਿਭਾਗ ਨੂੰ ਇਸ ਦੀ ਜਾਂਚ ਨਾ ਕੀਤੇ ਜਾਣ ਦੇ ਕਰਕੇ ਅਤੇ ਭਾਰਤੀ ਇਮੀਗ੍ਰੇਸ਼ਨ ਦੇ ਲਿਸਟ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਥੇ ਦੇ ਸ਼ਰਧਾਲੂਆਂ ਦੇ ਨਾਮ ਸ਼ਾਮਿਲ ਨਾ ਹੋਣ ਕਰਕੇ ਇਹਨਾਂ ਸ਼ਰਧਾਲੂਆਂ ਨੂੰ ਭਾਰਤੀ ਇਮੀਗਰੇਸ਼ਨ ਵੱਲੋਂ ਅਟਾਰੀ ਸਰਹੱਦ ਤੋਂ ਵਾਪਸ ਹਰਿਆਣੇ ਪਰਤਣ ਲਈ ਕਿਹਾ ਗਿਆ ਹੈ। ਭਾਰਤੀ ਇਮੀਗ੍ਰੇਸ਼ਨ ਵੱਲੋਂ ਹਰਿਆਣਾ ਸਿੱਖ ਸ਼ਰਧਾਲੂਆਂ ਨੂੰ ਪਾਕਿਸਤਾਨ ਜਾਣ ਦਾ ਜਵਾਬ ਦੇਣ ਤੋਂ ਬਾਅਦ ਵੀ ਇਹ ਸ਼ਰਧਾਲੂ ਦੇਰ ਰਾਤ ਤੱਕ ਭਾਰਤ ਦੀ ਅਟਾਰੀ ਸਰਹੱਦ ’ਤੇ ਰੁਕੇ ਰਹੇ ਪਰ ਭਾਰਤ ਸਰਕਾਰ ਵੱਲੋਂ ਫਿਰ ਵੀ ਇਜਾਜ਼ਤ ਨਾ ਦਿੱਤੇ ਜਾਣ ’ਤੇ ਦੇਰ ਰਾਤ ਨਿਰਾਸ਼ ਹੋਏ ਇਹ ਸ਼ਰਧਾਲੂ ਵਾਪਸ ਆਪਣੀਆਂ ਮੰਜ਼ਿਲਾਂ ਵੱਲ ਰਵਾਨਾ ਹੁੰਦੇ ਹੋਏ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜੱਥਾ ਲੀਡਰ ਸੁਖਪਾਲ ਸਿੰਘ ਪੁਟਰ ਦੀ ਅਗਵਾਈ ਵਿੱਚ ਵਾਪਸ ਰਾਤ ਰੁਕੇ ਅਸਥਾਨ ਗੁਰਦੁਆਰਾ ਬਾਬਾ ਦਰਸ਼ਨ ਸਿੰਘ ਜੀ ਕੁੱਲੀ ਵਾਲੇ ਘਨੂਪੁਰ ਅੰਮ੍ਰਿਤਸਰ ਵਿਖੇ ਪੁੱਜ ਗਏ ਹਨ ਤੇ ਇੱਥੋਂ ਇੱਕਠੇ ਹੋ ਕੇ ਵਾਪਸ ਹਰਿਆਣਾ ਲਈ ਰਵਾਨਾ ਹੋਣਗੇ। ਇਸ ਸਬੰਧੀ ਗੱਲਬਾਤ ਕਰਦਿਆਂ ਹਰਿਆਣਾ ਕਮੇਟੀ ਦੇ ਜਥਾ ਲੀਡਰ ਨੇ ਦੱਸਿਆ ਕਿ ਉਹਨਾਂ ਦੀ ਭਾਰਤ ਸਰਕਾਰ ਨਾਲ ਹਰਿਆਣਾ ਗ੍ਰਹਿ ਵਿਭਾਗ ਵੱਲੋਂ ਗੱਲਬਾਤ ਚੱਲ ਰਹੀ ਹੈ ਤੇ ਉਹਨਾਂ ਨੂੰ ਉਮੀਦ ਹੈ ਕਿ ਉਹਨਾਂ ਨੂੰ ਸ੍ਰੀ ਗੁਰੂ ਅਰਜਨ ਦੇਵ ਦਾ ਸ਼ਹੀਦੀ ਦਿਹਾੜਾ ਮਨਾਉਣ ਲਈ ਲਾਹੌਰ ਡੇਰਾ ਸਾਹਿਬ ਜਾਣ ਵਾਸਤੇ ਜਰੂਰ ਇਜਾਜ਼ਤ ਮਿਲੇਗੀ। ਉਹਨਾਂ ਇਹ ਵੀ ਕਿਹਾ ਕਿ ਹਰਿਆਣਾ ਸਰਕਾਰ ਦੀ ਗ੍ਰਹਿ ਵਿਭਾਗ ਵੱਲੋਂ ਭਾਰਤ ਭਾਰਤ ਦੇ ਗ੍ਰਹਿ ਵਿਭਾਗ ਅਤੇ ਭਾਰਤ ਸਥਿਤ ਪਾਕਿਸਤਾਨ ਹਾਈ ਕਮਿਸ਼ਨ ਨੂੰ ਵੀਜਾ ਅਪਲਾਈ ਕਰਨ ਸਮੇਂ ਪੂਰੀ ਕਾਰਵਾਈ ਮੁਕੰਮਲ ਕਰਕੇ ਹੀ ਪਾਸਪੋਰਟ ਜਮਾ ਕਰਵਾਏ ਗਏ ਸੀ ਪਰ ਅੱਜ ਅਟਾਰੀ ਸਰਹੱਦ ’ਤੇ ਭਾਰਤੀ ਇਮੀਗਰੇਸ਼ਨ ਦੇ ਸਿਸਟਮ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਕਮੇਟੀ ਦੇ ਜਥੇਦਾਰ ਨਾਮੋ ਨਿਸ਼ਾਨ ਹੀ ਨਾ ਹੋਣ ਤੇ ਉਹਨਾਂ ਨੂੰ ਬਹੁਤ ਦੁੱਖ ਲੱਗਾ ਹੈ। ਇਸ ਮੌਕੇ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਜਥੇ ਨੂੰ ਅਟਾਰੀ ਸਰਹੱਦ ਤੋਂ ਭਾਰਤੀ ਇਮੀਗ੍ਰੇਸ਼ਨ ਵੱਲੋਂ ਵਾਪਸ ਕੀਤੇ ਜਾਣ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਥਾ ਲੀਡਰ ਭਾਈ ਭੁਪਿੰਦਰ ਸਿੰਘ ਭਲਵਾਨ ਸੰਗਰੂਰ ਵੱਲੋਂ ਭਾਰਤੀ ਸਿੱਖ ਸ਼ਰਧਾਲੂਆਂ ਨੂੰ ਪਾਕਿਸਤਾਨ ਨਾ ਜਾਣ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਹੈ।



## ‘ਆਪ’ ਦਾ ਵਰਕਰ ਬਣ ਕੇ ਕੰਮ ਕਰ ਰਹੇ ਗਿਆਨੀ ਰਘਬੀਰ ਸਿੰਘ’, ਬਹਿਬਲ ਕਲਾਂ ਗੋਲੀਕਾਂਡ ਮਾਮਲੇ ’ਚ ਸੁਖਬੀਰ ਸਿੰਘ ਬਾਦਲ ਦਾ ਤਿੱਖਾ ਹਮਲਾ

**ਚੰਡੀਗੜ੍ਹ/ਅਟਾਰੀ, 11 ਜੂਨ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਬਹਿਬਲ ਕਲਾਂ ਗੋਲੀਕਾਂਡ ਮਾਮਲੇ ’ਚ ਪੰਜਾਬ ਸਰਕਾਰ ਦੀ ਵਿਸ਼ੇਸ਼ ਜਾਂਚ ਟੀਮ ਕੋਲ ਬਿਆਨ ਦਰਜ ਕਰਵਾਏ ਹਨ। ਦੱਸ ਦਈਏ ਕਿ ਇਹ ਘਟਨਾਕ੍ਰਮ ਉਸ ਸਮੇਂ ਸਾਹਮਣੇ ਆਇਆ ਹੈ, ਜਦੋਂ ਵਿਧਾਨ ਸਭਾ ਚੋਣਾਂ ਵਿੱਚ ਕੁੱਝ ਹੀ ਮਹੀਨੇ ਰਹਿ ਗਏ ਹਨ, ਜਿਸ ਤੋਂ ਸਿਆਸੀ ਮਾਹਰ ਇਸ ਨੂੰ ਸਿਆਸਤ ਨਾਲ ਵੀ ਜੋੜ ਕੇ ਵੇਖ ਰਹੇ ਹਨ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਤਾਂ ਇਸ ਮਾਮਲੇ ਵਿੱਚ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਘੇਰਦਿਆਂ ਕਿਹਾ ਹੈ ਕਿ ਉਹ ਆਮ ਆਦਮੀ ਪਾਰਟੀ ਦੇ ਵਰਕਰ ਵੱਜੋਂ ਕੰਮ ਕਰ ਰਹੇ ਹਨ। ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਇਹ ਗੱਲ੍ਹਾ ਸ਼ੋਭਾ ਨਹੀਂ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਉੱਚ ਸਥਾਨਾਂ ’ਤੇ ਰਹਿਣ ਵਾਲਿਆਂ ਨੂੰ ਝੂਠ ਨਹੀਂ ਬੋਲਣਾ ਚਾਹੀਦਾ ਹੈ। ਉਨ੍ਹਾਂ ਸਾਬਕਾ ਜਥੇਦਾਰ ’ਤੇ ਇਲਜ਼ਾਮ ਲਾਇਆ ਕਿ ਇਹ ਆਮ ਆਦਮੀ ਪਾਰਟੀ ਦੇ ਮੈਂਬਰ ਬਣ ਗਏ ਹਨ। ਸੁਖਬੀਰ ਬਾਦਲ ਨੇ ਸਰਕਾਰ ਨੂੰ ਸਿੱਧੀ ਅਤੇ ਖੁੱਲ੍ਹੀ ਚਿਤਾਵਨੀ ਦਿੰਦਿਆਂ ਕਿਹਾ ਕਿ ਧਰਮ ਨੂੰ ਸਿਆਸਤ ਲਈ ਵਰਤਣਾ ਬੰਦ ਕੀਤਾ ਜਾਵੇ। ਉਨ੍ਹਾਂ ਨੇ ਕਿਹਾ ਕਿ ਜੋ ਵੀ ਉਨ੍ਹਾਂ ਨੇ ਗੋਲੀਕਾਂਡ ਬਾਰੇ ਮੰਨਿਆ ਸੀ, ਉਹ ਸਭ ਦੇ ਸਾਹਮਣੇ ਕਿਹਾ ਸੀ। ਉਨ੍ਹਾਂ ਕਿਹਾ ਕਿ ਉਸ ਸਮੇਂ ਕਿਉਂਕਿ ਸਾਡੀ ਸਰਕਾਰ ਸੀ, ਇਸ ਲਈ ਮੈਂ ਖੁਦ ਇਸ ਨੂੰ ਆਪਣੀ ਝੋਲੀ ਵਿੱਚ ਪੁਆਇਆ ਸੀ। ਉਨ੍ਹਾਂ ਕਿਹਾ ਕਿ ਜੇਕਰ ਹਿੰਮਤ ਹੈ ਤਾਂ ਸਿੱਧਾ ਮੇਰੇ ’ਤੇ ਕਾਰਵਾਈ ਕਰੋ, ਮੈਂ ਤੁਹਾਡੀਆਂ ਅਜਿਹੀਆਂ ਗਿੱਦੜ-ਧਮਕੀਆਂ ਤੋਂ ਕਿਸੇ ਵੀ ਕੀਮਤ ’ਤੇ ਡਰਨ ਵਾਲਾ ਨਹੀਂ ਹਾਂ। ਚੋਣ ਵਿਸ਼ਲੇਸ਼ਣ ਗਿਆਨੀ ਰਘੁਬੀਰ ਸਿੰਘ ਨੇ ਦਾਅਵਾ ਕੀਤਾ ਕਿ ਸੁਖਬੀਰ ਸਿੰਘ ਬਾਦਲ ਨੇ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ੀ ਦੌਰਾਨ ਬਹਿਬਲ ਗੋਲੀਬਾਰੀ ਘਟਨਾ ਲਈ ਆਪਣੀ ਜ਼ਿੰਮੇਵਾਰੀ ਕਬੂਲ ਕੀਤੀ ਸੀ। ਉਨ੍ਹਾਂ ਕਿਹਾ ਕਿ ਇਹ ਇਕਬਾਲੀਆ ਬਿਆਨ ਅਕਾਲ ਤਖ਼ਤ ਸਾਹਿਬ ਦੇ ਸਾਹਮਣੇ ਜਨਤਕ ਤੌਰ ’ਤੇ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਬਹਿਬਲ ਕਲਾਂ ਗੋਲੀਕਾਂਡ ਦੀ ਘਟਨਾ ਨੇ ਸਮੁੱਚੇ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਈ ਹੈ ਅਤੇ ਇਸ ਮਾਮਲੇ ਵਿੱਚ ਸੱਚਾਈ ਦਾ ਪਰਦਾਫਾਸ਼ ਕਰਨਾ ਜ਼ਰੂਰੀ ਹੈ। ਇਹ ਜ਼ਿਕਰਯੋਗ ਹੈ ਕਿ 14 ਅਕਤੂਬਰ, 2015 ਨੂੰ ਬਹਿਬਲ ਕਲਾਂ ਵਿੱਚ ਬੇਅਦਬੀ ਦੀਆਂ ਘਟਨਾਵਾਂ ਵਿਰੁੱਧ ਪ੍ਰਦਰਸ਼ਨ ਕਰ ਰਹੇ ਲੋਕਾਂ ’ਤੇ ਪੁਲਿਸ ਨੇ ਗੋਲੀਬਾਰੀ ਕੀਤੀ ਸੀ, ਜਿਸ ਦੇ ਨਤੀਜੇ ਵਜੋਂ ਦੋ ਲੋਕਾਂ ਦੀ ਮੌਤ ਹੋ ਗਈ ਸੀ ਅਤੇ ਕਈ ਹੋਰ ਜ਼ਖਮੀ ਹੋ ਗਏ ਸਨ।



"੧ੴ ਸਤਿਗੁਰ ਪ੍ਰਸਾਦਿ ॥"

# ਖੇਡਾਂ ਸਲੇਮ ਪੁਰ ਮਸੰਦਾ ਦੀਆਂ

## ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਚਰਨ ਸੇਵਕ

# ਬਾਬਾ ਦਾਸਾ ਜੀ ਦੇ ਸਾਲਾਨਾ ਜੋੜ ਮੇਲੇ ਤੇ

# 72ਵਾਂ ਸ਼ਾਨਦਾਰ ਵਾਲੀਵਾਲ ਅਤੇ ਕਬੱਡੀ ਟੂਰਨਾਮੈਂਟ

**24-6-2026 ਤੋਂ 28-6-2026 ਤੱਕ ਪਿੰਡ ਸਲੇਮਪੁਰ-ਮਸੰਦਾ ਵਿਖੇ ਕਰਵਾਇਆ ਜਾ ਰਿਹਾ ਹੈ ।**

ਆਪ ਜੀ ਨੂੰ ਇਹ ਜਾਣ ਕੇ ਖੁਸ਼ੀ ਹੋਵੇਗੀ ਪਿੰਡ ਸਲੇਮਪੁਰ-ਮਸੰਦਾ ਵਿਖੇ ਪਿਛਲੇ ਸਾਲਾ ਦੀ ਤਰ੍ਹਾਂ ਕਬੱਡੀ ਅਤੇ ਵਾਲੀਵਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ । ਜਿਹੜਾ 24-6-2026 ਤੋਂ 28-6-2026 ਦਿਨ ਬੁੱਧਵਾਰ, ਵੀਰਵਾਰ, ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ ਨੂੰ ਹੋ ਰਿਹਾ ਹੈ । ਸਾਰੇ ਇਲਾਕੇ ਦੇ ਖਿਡਾਰੀਆਂ ਅੱਗੇ ਅਪੀਲ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਟੀਮਾਂ ਭੇਜ ਕੇ ਮੇਲੇ ਦੀ ਰੌਣਕ ਨੂੰ ਵਧਾਓ ਜੀ ।

## ਪ੍ਰੋਗਰਾਮ

**ਦਿਨ ਸ਼ਨੀਵਾਰ 27 ਜੂਨ 2026 ਮੁਤਾਬਿਕ 13 ਹਾੜ**

ਆਰੰਭ ਸ੍ਰੀ ਅਖੰਡ ਪਾਠ ਸਾਹਿਬ....................10.00 ਵਜੇ ਸਵੇਰੇ

**ਦਿਨ ਸੋਮਵਾਰ 29 ਜੂਨ 2026 ਮੁਤਾਬਿਕ 15 ਹਾੜ**

ਭੋਗ ਸ੍ਰੀ ਅਖੰਡ ਪਾਠ ਸਾਹਿਬ....................9.00 ਵਜੇ ਸਵੇਰੇ ਉਪਰੰਤ 3 ਵਜੇ ਤੱਕ ਦਿਵਾਨ ਸਜੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

**ਇਸ ਸੁਭ ਅਵਸਰ ਤੇ ਢਾਡੀ ਜੱਥਾ ਮੇਜਰ ਸਿੰਘ ਹੀਰਾ , ਢਾਡੀ ਜੱਥਾ ਸੁਖਵਿੰਦਰ ਸਿੰਘ ਅਨਮੋਲ ਸੰਗਤਾਂ ਨੂੰ ਨਿਹਾਲ ਕਰਨਗੇ ।**

27-28 ਜੂਨ ਸ਼ਾਮ 7-00 ਵਜੇ ਤੋਂ 9-00 ਵਜੇ ਤੱਕ ਭਾਈ ਸੁਲੱਖਣ ਸਿੰਘ ਮਾਡੀਵਾੜ੍ਹਾ ਸਾਹਿਬ ਵਾਲੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ ।
ਸਲੇਮਪੁਰ ਤੇ ਪਰਾਗਪੁਰ ਵਾਲੀਆਂ ਬੀਬੀਆਂ ਦਾ ਜੱਥਾ 24 ਜੂਨ ਤੋਂ 28 ਜੂਨ ਤੱਕ ਸਵੇਰੇ 6-00 ਵਜੇ ਤੋਂ 8-00 ਵਜੇ ਤੱਕ ਸੁਖਮਨੀ ਸਾਹਿਬ ਦੇ ਜਾਪ ਕਰਨਗੇ ।

## ਇਸ ਟੂਰਨਾਮੈਂਟ ਵਿਚ ਹੇਠ ਲਿਖੀਆਂ ਖੇਡਾਂ ਹੋਣਗੀਆਂ

### ਕਬੱਡੀ ਮੁਕਾਬਲੇ

| | ਐਂਟਰੀ | ਪਹਿਲਾਂ ਇਨਾਮ | ਦੂਸਰਾ ਇਨਾਮ |
|---|---|---|---|
| ਸੱਦੀਆ ਹੋਇਆ 8 ਕਲੱਬਾ | 28 ਜੂਨ 1 ਵਜੇ ਤੋਂ | 111000/- | 81000/- |
| 75 ਕਿਲੋ ਕਲੱਬ | 27 ਜੂਨ 12 ਵਜੇ ਤੱਕ | 55000/- | 45000/- |
| 65 ਕਿਲੋ | 27 ਜੂਨ 8 ਵਜੇ ਤੱਕ | 45000/- | 35000/- |
| 55 ਕਿਲੋ | 26 ਜੂਨ 8 ਵਜੇ ਤੱਕ | 30000/- | 25000/- |
| 45 ਕਿਲੋ | 25 ਜੂਨ 8 ਵਜੇ ਤੱਕ | 20000/- | 15000/- |

27 ਜੂਨ ਨੂੰ 75 ਕਿਲੋ ਕਬੱਡੀ ਦਾ ਇੱਕ ਰਾਉਂਡ ਖਡਾਇਆ ਜਾਵੇਗਾ ।

ਨੋਟ-ਹਰੇਕ ਟੀਮ ਵਿਚ 2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

### ਵਾਲੀਵਾਲ ਮੁਕਾਬਲੇ

ਓਪਨ ਪਿੰਡ ਪੱਧਰ 28 ਜੂਨ

| ਪਹਿਲਾ ਇਨਾਮ | ਦੂਸਰਾ ਇਨਾਮ | ਤੀਸਰਾ ਇਨਾਮ | ਚੌਥਾ ਇਨਾਮ |
|---|---|---|---|
| 41000/- | 31000/- | 15000/- | 10000/- |

ਨੋਟ-2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

12 ਵਜੇ ਤੋਂ ਬਾਅਦ ਕੋਈ ਵੀ ਟੀਮ ਐਂਟਰ ਨਹੀਂ ਕੀਤੀ ਜਾਵੇਗੀ । ਪਹਿਲੀਆ 16 ਟੀਮਾਂ ਐਂਟਰ ਕੀਤੀਆ ਜਾਣਗੀਆ ।

ਮਿਤੀ 29 ਜੂਨ 2026 ਦਿਨ ਸੋਮਵਾਰ ਨੂੰ ਕੁਸ਼ਤੀਆ ਦੇ ਮੁਕਾਬਲੇ ਸ਼ਾਮ 4 ਵਜੇ ਕਰਵਾਏ ਜਾਣਗੇ । ਪੰਦਰੇ ਦੀ ਕੁਸ਼ਤੀ ਗਗਨ ਖੜਾਨਾ ਅਤੇ ਇਕਬਾਲ ਇਰਾਨ ਵਿਚ ਹੋਵੇਗੀ । ਛੋਟੇ ਛੋਟੇ ਅਖਾੜਿਆ ਦੀਆਂ ਕੁਸ਼ਤੀਆ ਕਰਵਾਈਆ ਜਾਣਗੀਆ ।



ਓਪਨ ਕਲੱਬ ਕਬੱਡੀ ਦੇ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।



75 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।



65 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।


55 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ 11000- 11000 ਹਜ਼ਾਰ ਰੁਪਏ ਦਿੱਤੇ ਜਾਣਗੇ । 45 ਕਿਲੋ ਬੈਸਟ ਰੇਡਰ ਤੇ ਜਾਫੀ ਨੂੰ 5100-5100 ਰੁਪਏ ਦਿੱਤੇ ਜਾਣਗੇ ।



24 ਜੂਨ ਦਿੱਨ ਬੁੱਧਵਾਰ ਦਸਤਾਰ ਮੁਕਾਬਲੇ 10 ਵਜੇ ਕਰਵਾਏ ਜਾਣਗੇ । ਉਮਰ 15 ਸਾਲ ਤੱਕ ਪਹਿਲਾ ਇਨਾਮ-5100, ਦੂਸਰਾ ਇਨਾਮ-4100, ਤੀਸਰਾ ਇਨਾਮ-3100 ਰੁਪਏ ਦਿੱਤੇ ਜਾਣਗੇ । ਉਮਰ 11 ਸਾਲ ਤੱਕ ਪਹਿਲਾ ਇਨਾਮ-7100, ਦੂਸਰਾ ਇਨਾਮ-6100 ਰੁਪਏ ਦਿੱਤੇ ਜਾਣਗੇ ।



24 ਜੂਨ ਦਿੱਨ ਬੁੱਧਵਾਰ ਨੂੰ ਦੁਪਹਿਰ 2 ਵਜੇ ਬਲਦਾ ਦੇ ਹੱਲਟ ਮੁਕਾਬਲੇ ਕਰਵਾਏ ਜਾਣਗੇ । ਪਹਿਲਾ ਇਨਾਮ- ਦੂਸਰਾ ਇਨਾਮ-20000, ਤੀਜਾ ਇਨਾਮ-15000, ਚੌਥਾ ਇਨਾਮ-11000, ਪੰਜਵਾ ਇਨਾਮ -10000 ਰੁਪਏ ਹਰੇਕ ਦੌੜਣ ਵਾਲੀ ਜੋੜੀ ਨੂੰ 3100-3100 ਰੁਪਏ ਦਿੱਤੇ ਜਾਣਗੇ ।



ਬੈਸਟ ਵਾਲੀਵਾਲ ਖਿਡਾਰੀ ਫਾਈਨਲ 11000 ਰੁਪਏ ਤੀਜੇ ਤੇ ਚੌਥੇ ਵਿਚੋ ਬੈਸਟ 5100 ਰੁਪਏ

### ਜੌਹਲ ਹਸਪਤਾਲ

ਵਲੋ ਖਿਡਾਰੀਆ ਅਤੇ ਬਾਹਰ ਆਏ ਦਰਸ਼ਕਾ ਨੂੰ ਫਰੀ ਮੈਡੀਕਲ ਸਹਾਇਤਾ ਦਿਤੀ ਜਾਵੇਗੀ ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ ।**

**ਨੋਟ : ਇਹ ਕਬੱਡੀ ਟੂਰਨਾਮੈਂਟ ਗੁਰਦੁਆਰਾ ਬਾਬਾ ਦਾਸਾ ਜੀ ਦੇ ਅਸਥਾਨ ਦੇ ਨਜ਼ਦੀਕ ਕਰਵਾਇਆ ਜਾਵੇਗਾ ।**

ਜਰੂਰੀ ਸ਼ਰਤਾ : 1. ਕੋਈ ਵੀ ਖਿਡਾਰੀ ਤੇਲ ਅਤੇ ਵੈਸਲੀਨ ਵਗੈਰਾ ਸਰੀਰ ਉੱਤੇ ਲਾਕੇ ਨਹੀਂ ਖੇਡ ਸਕਦਾ। 2. ਪੰਜ ਖਿਡਾਰੀਆ ਤੋਂ ਘੱਟ ਖਿਡਾਰੀ ਹੋਣ ਦੀ ਸੂਰਤ ਵਿੱਚ ਨੰਬਰ ਵਿਰੋਧੀ ਟੀਮ ਨੂੰ ਦਿੱਤੇ ਜਾਣਗੇ । 3. ਹਰੇਕ ਟੀਮ ਦਾ ਭਾਰ ਇਕ ਵਾਰੀ ਤੋਲਿਆ ਜਾਵੇਗਾ ਤੇ ਜੇ ਕੋਈ ਟੀਮ ਇਤਰਾਜ਼ ਕਰਦੀ ਹੈ ਤਾਂ ਖਿਡਾਰੀ ਦਾ ਭਾਰ ਦੁਆਰਾ ਤੋਲਿਆ ਜਾਵੇਗਾ। 4. ਜਿਹੜੀਆ ਵੀ ਟੀਮਾਂ ਆਪਸ ਵਿੱਚ ਰਲ ਕੇ ਖੇਡਣਗੀਆਂ ਉਹਨਾਂ ਨੂੰ ਟੂਰਨਾਮੈਂਟ ਵਿਚੋ ਬਾਹਰ ਕੱਢ ਦਿੱਤਾ ਜਾਵੇਗਾ । 5. **ਹਰੇਕ ਖਿਡਾਰੀ ਆਪਣੇ 2 ਪਛਾਣ ਪੱਤਰ ਨਾਲ ਲੈਕੇ ਆਵੇ ।** 6. ਕੋਈ ਵੀ ਖਿਡਾਰੀ ਨਸ਼ਾ ਕਰਕੇ ਨਹੀਂ ਖੇਡ ਸਕਦਾ । 7. ਬਾਕੀ ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆ । 8. ਕਿਸੇ ਵੀ ਕਿਸਮ ਦੇ ਝਗੜਾ ਜਾਂ ਇਤਰਾਜ਼ ਤੇ ਆਖਰੀ ਫੈਸਲਾ ਬਾਬਾ ਦਾਸਾ ਜੀ ਮੈਨੇਜਮੈਂਟ ਕਮੇਟੀ ਦਾ ਹੋਵੇਗਾ । 9. **ਕਬੱਡੀ ਦੇ ਬੈਸਟ ਖਿਡਾਰੀ ਸੈਮੀ ਫਾਈਨਲ ਅਤੇ ਫਾਈਨਲ ਵਿੱਚੋਂ ਕੱਢੇ ਜਾਣਗੇ ।**



**ਰੱਸਾ-ਕੱਸੀ ਕਲੱਬ**
ਮਿਤੀ 28-6-2026
ਇਨਾਮ 20000, 15000 ਰੁਪਏ

ਲਾਈਵ ਮੇਲਾ ਮਿਤੀ 26-27-28-29 ਜੂਨ 2026 ਨੂੰ ਦਿਖਾਏ ਜਾਣਗੇ । malwatv

**ਵੱਲੋਂ : ਬਾਬਾ ਦਾਸਾ ਜੀ ਪ੍ਰਬੰਧਕ ਕਮੇਟੀ, (ਰਜਿ.) ਗ੍ਰਾਮ ਪੰਚਾਇਤ, ਐਨ. ਆਰ. ਆਈ. ਵੀਰ ਅਤੇ ਭੈਣਾ, ਸਮੂਹ ਸਾਧ ਸੰਗਤ ਸਲੇਮਪੁਰ ਮਸੰਦਾਂ (ਜਲੰਧਰ)**

**ਪਿੰਡ ਸਲੇਮਪੁਰ ਮਸੰਦਾਂ ਜੀ.ਟੀ. ਰੋਡ, ਪਰਾਗਪੁਰ ਤੋਂ ਚੜ੍ਹਦੇ ਵੱਲ 1 ਕਿ. ਮੀ. ਦੀ ਦੂਰੀ ਤੇ ਡੱਲਣ ਵੱਲ ਹੈ ।**

**ਧੰਨ ਧੰਨ ਬਾਬਾ ਦਾਸਾ ਜੀ ਦੇ 72 ਵੇ ਸਲਾਨਾ ਜੋੜ ਮੇਲੇ ਦੇ ਸਬੰਧ ਵਿਚ ਕਬੱਡੀ ਬਲਦਾ ਦੀਆ ਹਲਟ ਦੌੜਾ ਵਾਲੀਵਾਲ ਰੱਸਾਕੱਸੀ ਦਸਤਾਰ ਮੁਕਾਬਲੇ ਕੁਸ਼ਤੀਆ ਦੇ ਮੁਕਾਬਲੇ ਕਰਵਾਏ ਜਾਣਗੇ**







ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫਤਹਿ॥
ਨਾ ਸਰੋ ਮਨਸੂਰ ਗੁਰੂ ਗੋਬਿੰਦ ਸਿੰਘ ਜੀ॥

# ਪੰਥ ਅਕਾਲੀ ਤਰਨਾ ਦਲ

ਚਲਦਾ ਵਹੀਰ ਚੱਕਰਵਤੀ ਨਿਹੰਗ ਸਿੰਘ ਪੰਜਾਬ ਹਿੰਦੁਸਤਾਨ
ਰਜਿ: ਨੋਟੀਫਿਕੇਸ਼ਨ ਨੰ: ਐਕਸ.ਐਕਸ.ਆਈ. ੧੯੬੦ ਗੌਰਮਿੰਟ ਮਿਸਲ ਸ਼ਹੀਦ ਬਾਬਾ ਬੋਤਾ ਸਿੰਘ ਜੀ
ਬਾਬਾ ਗਰਜਾ ਸਿੰਘ ਜੀ ਪੜਾਅ ਨਿਹੰਗ ਸਿੰਘ ਛਾਉਣੀ

## ਸੱਦਾ ਪੱਤਰ

ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਪਾ:੧ ਅਤੇ
ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਪਾ:੬ ਦੀ ਚਰਨ ਛੂਹ ਪ੍ਰਾਪਤ

## ਗੁਰਦੁਆਰਾ ਟਿੱਬਾ ਸਾਹਿਬ, ਪਿੰਡ ਭੋਲ ਬਾਘੇ


ਸੱਚਖੰਡ ਵਾਸੀ ਸਿੰਘ ਸਾਹਿਬ ਬਾਬਾ ਦਲਬੀਰ ਸਿੰਘ ਜੀ
ਮੁਕਤਸਰ ਸਾਹਿਬ ਵਾਲੇ

ਤਹਿ: ਬਟਾਲਾ, ਗੁਰਦਾਸਪੁਰ ਵਿਖੇ

# ਉਸਾਰੀ ਦਾ ਨੀਂਹ ਪੱਥਰ

## 16 ਜੂਨ 2026, ਦਿਨ ਮੰਗਲਵਾਰ ਨੂੰ

## ਸੰਗਤਾਂ ਦੇ ਸਹਿਯੋਗ ਅਤੇ ਬੜੀ ਸਰਧਾ ਭਾਵਨਾ ਨਾਲ ਰੱਖਿਆ ਜਾਵੇਗਾ।

:: ਪਹੁੰਚ ਰਹੇ ਮਹਾਂਪੁਰਸ਼ ::

ਸਿੰਘ ਸਾਹਿਬ ਜੱਥੇਦਾਰ ਕੁਲਦੀਪ ਸਿੰਘ ਗੱੜਗੱਜ
ਸ੍ਰ. ਹਰਜਿੰਦਰ ਸਿੰਘ ਧਾਮੀ, ਪ੍ਰਧਾਨ SGPC
ਸ੍ਰੀ ਮਾਨ ਸੰਤ ਜੀਤ ਸਿੰਘ ਜੀ ਜੌਹਲਾਂ ਵਾਲੇ
ਸ੍ਰੀ ਮਾਨ ਸੰਤ ਬਾਬਾ ਅਵਤਾਰ ਸਿੰਘ ਜੀ ਦਲ ਪੰਥ ਬਾਬਾ ਬਿਧੀ ਚੰਦ ਜੀ
ਸ੍ਰੀ ਮਾਨ ਜੱਥੇਦਾਰ ਬਾਬਾ ਜੋਗਾ ਸਿੰਘ ਜੀ, ਮੁਖੀ ਤਰਨਾ ਦਲ, ਬਾਬਾ ਬਕਾਲਾ ਸਾਹਿਬ

ਆਵਾਜ਼ਿ ਕੌਮ AWAZE QAUM
International Newspaper & WEB TV

ਸ੍ਰੀ ਮਾਨ ਸੰਤ ਬਾਬਾ ਪਰਮਜੀਤ ਸਿੰਘ ਜੀ, ਹੰਸਾਲੀ ਵਾਲੇ
ਸ੍ਰੀ ਮਾਨ ਜੱਥੇਦਾਰ ਸੰਤ ਬਾਬਾ ਜਗਿੰਦਰ ਸਿੰਘ ਜੀ, ਰਕਬੇ ਵਾਲੇ
ਸ੍ਰੀ ਮਾਨ ਜੱਥੇਦਾਰ ਸੰਤ ਬਾਬਾ ਮੇਜਰ ਸਿੰਘ ਜੀ, ਮੁਖੀ ਦਸ਼ਮੇਸ਼ ਤਰਨਾ ਦਲ
ਸ੍ਰੀ ਮਾਨ ਸੰਤ ਬਾਬਾ ਲੀਡਰ ਸਿੰਘ ਜੀ, ਸੈਫਲਾਬਾਦ ਵਾਲੇ
ਸ੍ਰੀ ਮਾਨ ਸੰਤ ਬਾਬਾ ਸੁੱਖਾ ਸਿੰਘ ਜੀ, ਰੜ੍ਹਾ ਸਾਹਿਬ, ਪੱਕਾ ਪੁਲ੍ਹ ਵਾਲੇ


ਮੁੱਖ ਜਥੇਦਾਰ ਬਾਬਾ ਰਣਜੀਤ ਸਿੰਘ ਜੀ
ਮੁਕਤਸਰ ਸਾਹਿਬ ਵਾਲੇ


ਜੱਥੇਦਾਰ ਸੰਤ ਬਾਬਾ ਗੁਰਬਚਨ ਸਿੰਘ ਜੀ
ਅਣਖੀ, ਲੀਵਰ ਪੂਲ ਯੂ.ਕੇ


ਜੱਥੇਦਾਰ ਬਾਬਾ ਗੁਰਪ੍ਰੀਤ ਸਿੰਘ ਜੀ
ਮੁਕਤਸਰ ਸਾਹਿਬ ਵਾਲੇ


ਜੱਥੇਦਾਰ ਬਾਬਾ ਕਰਨ ਸਿੰਘ ਜੀ
ਹਜ਼ਾਰਾ, ਯੂ.ਕੇ

**M: 81464 29412, 76269-10039, 88729 29799**

ਆਵਾਜ਼ਿ ਕੌਮ
AWAZE QAUM

ਹੁਕਮ ਰਹਿਣਗੇ 9 ਅਗਸਤ 2026 ਤੱਕ ਲਾਗੂ

# ਬਠਿੰਡਾ ਜ਼ਿਲ੍ਹੇ ਅੰਦਰ ਵੱਖ-ਵੱਖ ਪਾਬੰਦੀਆਂ ਲਾਗੂ- ਜ਼ਿਲ੍ਹਾ ਮੈਜਿਸਟਰੇਟ



ਬਠਿੰਡਾ, 11 ਜੂਨ (ਗੁਰਜੰਟ ਸਿੰਘ ਨਥੇਹਾ)– ਭਾਰਤੀ ਨਾਗਰਿਕ ਸੁਰਖਿਆ ਸੰਹਿਤਾ ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਮੈਜਿਸਟ੍ਰੇਟ ਸ਼੍ਰੀ ਰਾਜੇਸ਼ ਧੀਮਾਨ ਨੇ ਜ਼ਿਲ੍ਹੇ 'ਚ ਮੌਜੂਦ ਹਵਾਈ ਅੱਡੇ ਦੇ ਘੇਰੇ ਤੋਂ ਦੋ ਕਿਲੋਮੀਟਰ ਅੰਦਰ ਲਾਲਟੇਨ ਪਤੰਗਾਂ, ਇੱਛਾ ਪਤੰਗਾਂ ਆਦਿ ਦੀ ਵਰਤੋਂ 'ਤੇ ਪੂਰਨ ਪਾਬੰਦੀ ਲਗਾਉਣ ਦਾ ਹੁਕਮ ਜਾਰੀ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸ਼ਹਿਰੀ ਹਵਾਬਾਜ਼ੀ ਮੰਤਰਾਲਾ, ਭਾਰਤ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਲਾਲਟੇਨ ਪਤੰਗਾਂ, ਇੱਛਾ ਪਤੰਗਾਂ ਦੀ ਵਰਤੋਂ ਹਵਾਈ ਜਹਾਜ਼ਾਂ ਦੇ ਉਤਰਨ ਅਤੇ ਚੜ੍ਹਨ ਸਮੇਂ ਦੌਰਾਨ ਕੰਮ–ਕਾਜ ਅਤੇ ਸੁਰੱਖਿਆ ਲਈ ਖਤਰਾ ਪੈਦਾ ਕਰਦੀਆਂ ਹਨ। ਇਹ ਹੋਰ ਹੁਕਮ ਅਨੁਸਾਰ ਜ਼ਿਲ੍ਹੇ ਅੰਦਰ ਅਮਨ ਕਾਨੂੰਨ ਵਿਵਸਥਾ ਅਤੇ ਸਮਾਜਿਕ ਸ਼ਾਂਤੀ ਨੂੰ ਮੁੱਖ ਰੱਖਦੇ ਹੋਏ ਹਰ ਪੀ.ਜੀ. ਮਾਲਕ ਆਪਣੀ ਪੀ.ਜੀ. ਨੂੰ ਰਜਿਸਟਰ ਕਰਵਾਉਂਦੇ ਹੋਏ ਪੀ.ਜੀ. 'ਚ ਰਹਿਣ ਵਾਲੇ ਬੱਚਿਆਂ/ਕਿਰਾਏਦਾਰਾਂ ਦੀ ਸਬੰਧਤ ਪੁਲਿਸ ਥਾਣੇ/ਸਾਂਝ ਕੇਂਦਰ ਰਾਹੀਂ ਰਜਿਸਟ੍ਰੇਸ਼ਨ/ਵੈਰੀਫ਼ਿਕੇਸ਼ਨ ਕਰਵਾਉਣ ਦਾ ਜ਼ਿੰਮੇਵਾਰ ਹੋਵੇਗਾ। ਹੁਕਮ ਮੁਤਾਬਕ ਪੀ.ਜੀ. ਮਾਲਕਾਂ ਨੂੰ ਇਹ ਵੀ ਹੁਕਮ ਦਿੱਤਾ ਹੈ ਕਿ ਉਹ ਆਪਣੇ ਪੀ.ਜੀ. ਵਿਚ ਰਹਿਣ ਵਾਲੇ ਵਿਦਿਆਰਥੀਆਂ, ਕਿਰਾਏਦਾਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਅੱਗ ਬੁਝਾਊ ਯੰਤਰ ਅਤੇ ਸੀ.ਸੀ.ਟੀ.ਵੀ. ਕੈਮਰੇ ਜ਼ਰੂਰ ਲਗਾਉਣ ਤਾਂ ਜੋ ਕੋਈ ਵੀ ਸ਼ਰਾਰਤੀ ਅਨਸਰ ਵਿਦਿਆਰਥੀ/ਕਿਰਾਏਦਾਰ ਦੀ ਆੜ ਵਿਚ ਸਮਾਜਿਕ ਸ਼ਾਂਤੀ ਭੰਗ ਨਾ ਕਰ ਸਕੇ। ਇਸੇ ਤਰ੍ਹਾਂ ਜ਼ਿਲ੍ਹਾ ਮੈਜਿਸਟ੍ਰੇਟ ਨੇ ਜਾਰੀ ਹੋਰ ਹੁਕਮਾਂ ਮੁਤਾਬਿਕ ਜ਼ਿਲ੍ਹੇ 'ਚ ਵਿਆਹਾਂ, ਸ਼ਾਦੀਆਂ ਅਤੇ ਹੋਰ ਸਮਾਗਮਾਂ ਆਦਿ 'ਤੇ ਪਟਾਕੇ, ਆਤਿਸ਼ਬਾਜ਼ੀ ਚਲਾਉਣ ਤੇ ਆਰਮ ਫਾਇਰ ਦੀ ਵਰਤੋਂ ਕਰਨ ਉੱਪਰ ਮੁਕੰਮਲ ਪਾਬੰਦੀ ਲਗਾਈ ਗਈ ਹੈ। ਇਕ ਹੋਰ ਹੁਕਮ ਰਾਹੀਂ ਤਖਤ ਸ਼੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਗੁਰੂ ਗੋਬਿੰਦ ਸਿੰਘ ਰਿਫਾਇਨਰੀ ਰਾਮਾਂ, ਨੈਸ਼ਨਲ ਫਰਟੀਲਾਈਜ਼ਰ ਲਿਮਟਿਡ ਬਠਿੰਡਾ, ਆਈ.ਓ., ਬੀ.ਪੀ.ਸੀ.ਐੱਲ, ਐਚ,ਪੀ.ਸੀ.ਐੱਲ, ਬਲਾਕ ਪੀ.ਓ.ਐੱਲ ਟਰਮਿਨਲ, ਫੂਸ ਮੰਡੀ ਮਾਨਸਾ ਰੋਡ ਬਠਿੰਡਾ, 2–ਜੀ ਬਾਇਓ ਇਥਾਨੌਲ ਪਲਾਂਟ, ਅੰਬੂਜਾ ਸੀਮਿੰਟ ਪਲਾਂਟ, ਗੁਰੂ ਗੋਬਿੰਦ ਸਿੰਘ ਥਰਮਲ ਪਲਾਂਟ, ਸਿਵਲ ਏਅਰਪੋਰਟ ਵਿਰਕ ਕਲਾਂ, ਏਅਰਫੋਰਸ ਭਿਸੀਆਣਾ, ਗੇਲ ਦਿਆਲਪੁਰਾ, ਆਰ.ਟੀ. ਬਠਿੰਡਾ, ਐਸਵੀ ਗਹਿਰੀ ਬੁੱਟਰ ਦੇ ਆਸ–ਪਾਸ ਦੇ ਏਰੀਏ ਵਿੱਚ ਡਰੋਨ ਉਡਾਉਣ 'ਤੇ ਪੂਰਨ ਪਾਬੰਦੀ ਲਗਾਈ ਜਾਂਦੀ ਹੈ। ਜਾਰੀ ਹੁਕਮ ਅਨੁਸਾਰ ਜ਼ਿਲ੍ਹਾ ਬਠਿੰਡਾ ਦੀ ਹਦੂਦ ਅੰਦਰ ਨਾਇਲੋਨ, ਪਲਾਸਟਿਕ ਜਾਂ ਸਿੰਥੈਟਿਕ ਮਟੀਰੀਅਲ ਤੋਂ ਬਣੇ ਪਤੰਗ ਉਡਾਉਣ ਵਾਲੇ ਧਾਗੇ (ਚਾਇਨਾ ਡੋਰ) ਨੂੰ ਬਣਾਉਣ, ਵੇਚਣ, ਸਟੋਰ ਕਰਨ, ਖਰੀਦਣ, ਸਪਲਾਈ ਕਰਨ, ਆਯਾਤ ਕਰਨ ਅਤੇ ਵਰਤੋਂ ਕਰਨ 'ਤੇ ਪੂਰਨ ਪਾਬੰਦੀ ਲਗਾਈ ਗਈ ਹੈ। ਇੱਕ ਹੋਰ ਜਾਰੀ ਹੁਕਮ ਅਨੁਸਾਰ ਜ਼ਿਲ੍ਹੇ ਦੀ ਹਦੂਦ ਅੰਦਰ ਅਣ–ਅਧਿਕਾਰਤ ਸੀਮਨ ਦਾ ਭੰਡਾਰ ਕਰਨ, ਟਰਾਂਸਪਰਟੇਸ਼ਨ ਕਰਨ, ਵਰਤਣ ਜਾਂ ਵੇਚਣ 'ਤੇ ਪਾਬੰਦੀ ਲਗਾਈ ਜਾਂਦੀ ਹੈ। ਜ਼ਿਲ੍ਹਾ ਮੈਜਿਸਟ੍ਰੇਟ ਨੇ ਜਾਰੀ ਹੁਕਮ ਮੁਤਾਬਿਕ ਪੁਰਾਣੀ ਤਹਿਸੀਲ ਕੰਪਲੈਕਸ ਬਠਿੰਡਾ ਵਿਖੇ ਸਰਕਾਰੀ ਜਗ੍ਹਾ ਤੇ ਗੈਰ ਕਾਨੂੰਨੀ ਢੰਗ ਨਾਲ ਬਣਾਏ ਜਾ ਰਹੇ ਦੁਕਾਨਾਂ/ਬੂਥ ਚੈਂਬਰ, ਖੋਖਿਆਂ ਆਦਿ ਦੀ ਉਸਾਰੀ ਕਰਨ 'ਤੇ ਰੋਕ ਲਗਾਈ ਗਈ ਹੈ। ਇਹ ਹੁਕਮ ਸਰਕਾਰੀ ਜਗ੍ਹਾਂ ਵਿੱਚ ਸਰਕਾਰੀ ਇਮਾਰਤ ਬਣਾਉਣ 'ਤੇ ਲਾਗੂ ਨਹੀਂ ਹੋਵੇਗਾ। ਇੱਕ ਹੋਰ ਹੁਕਮ ਰਾਹੀਂ ਬਠਿੰਡਾ ਸ਼ਹਿਰ ਅੰਦਰ ਟਰੈਫਿਕ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਹੈਵੀ ਕਮਰਸ਼ੀਅਲ ਵਹੀਕਲਾਂ (ਟਰੱਕ, ਟਰਾਲੇ, ਤੇਲ ਵਾਲੀਆਂ ਗੱਡੀਆਂ ਆਦਿ) ਦੀ ਸਵੇਰੇ 7 ਵਜੇ ਤੋਂ ਰਾਤ 8 ਵਜੇ ਤੱਕ ਸ਼ਹਿਰ ਅੰਦਰ ਦਾਖ਼ਲ ਹੋਣ 'ਤੇ ਪਾਬੰਦੀ ਲਗਾਈ ਗਈ ਹੈ। ਜਾਰੀ ਹੁਕਮ ਅਨੁਸਾਰ ਜ਼ਿਲ੍ਹਾ ਬਠਿੰਡਾ ਦੀ ਹਦੂਦ ਅੰਦਰ ਟਰੈਕਟਰ ਤੇ ਸਬੰਧਤ ਸੰਦਾਂ ਆਦਿ ਦੇ ਖਤਰਨਾਕ ਪ੍ਰਦਰਸ਼ਨ/ਸਟੰਟ ਕਰਨ ਨੂੰ ਆਯੋਜਿਤ ਕਰਨ 'ਤੇ ਪੂਰਨ ਰੋਕ ਲਗਾਈ ਗਈ ਹੈ। ਹੁਕਮ ਅਨੁਸਾਰ ਜਨਤਾ ਦਾ ਕੋਈ ਵੀ ਮੈਂਬਰ ਸ਼ੋਸਲ ਮੀਡੀਆਂ 'ਤੇ ਹਥਿਆਰਾਂ ਦੀ ਪ੍ਰਦਰਸ਼ਨੀ ਜਾਂ ਪ੍ਰਮੋਸ਼ਨ ਕਰਨ ਵਾਲੀ ਕੋਈ ਤਸਵੀਰ ਜਾਂ ਵੀਡੀਓ ਅਪਲੋਡ ਨਹੀਂ ਕਰੇਗਾ ਅਤੇ ਨਾ ਹੀ ਹਥਿਆਰਾਂ ਦੀ ਵਰਤੋਂ ਦੀ ਵਡਿਆਈ ਕਰਨ ਵਾਲਾ ਕੋਈ ਟੈਕਸਟ ਪੋਸਟ ਪਾਵੇਗਾ ਤੇ ਨਾ ਸ਼ੇਅਰ ਕਰੇਗਾ। ਕੋਈ ਵੀ ਵਿਅਕਤੀ ਕਿਸੇ ਵੀ ਸਮਾਗਮ/ਕਾਰਜ/ਪ੍ਰੋਗਰਾਮ ਆਦਿ 'ਚ ਕੋਈ ਅਜਿਹਾ ਗੀਤ ਨਹੀਂ ਗਾਏਗਾ ਅਤੇ ਨਾ ਹੀ ਅਜਿਹਾ ਕੋਈ ਨਾਟਕ ਖੇਡੇਗਾ, ਜਿਸ ਨਾਲ ਹਥਿਆਰਾਂ ਦੀ ਪ੍ਰਦਰਸ਼ਨੀ ਜਾਂ ਪ੍ਰਮੋਸ਼ਨ ਹੁੰਦੀ ਹੋਵੇ। ਇਹ ਹੁਕਮ ਆਰਮਡ ਫੋਰਸਿਜ਼ ਦੇ ਮੈਂਬਰਾਂ, ਪੁਲਿਸ, ਹੋਮ ਗਾਰਡਾਂ ਜਾਂ ਅਜਿਹੇ ਹੋਰ ਸਰਕਾਰੀ ਕਰਮਚਾਰੀਆਂ 'ਤੇ ਲਾਗੂ ਨਹੀਂ ਹੋਵੇਗਾ ਜਿਨ੍ਹਾਂ ਕੋਲ ਰਾਜ ਦੀ ਸੁਰੱਖਿਆ ਅਤੇ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਹਥਿਆਰ ਹਨ, ਜੋ ਸੁਰੱਖਿਆ ਗਾਰਡਾਂ ਦੇ ਕਰਮਚਾਰੀ ਵਿਦਿਅਕ ਅਤੇ ਵਪਾਰਕ ਅਦਾਰੇ ਹੋਟਲ ਵਿਆਹ ਸਥਾਨ ਆਦਿ 'ਤੇ ਆਪਣੀ ਡਿਊਟੀ ਨਿਭਾਅ ਰਹੇ ਹਨ 'ਤੇ ਲਾਗੂ ਨਹੀਂ ਹੋਵੇਗਾ। ਜਾਰੀ ਹੁਕਮ ਅਨੁਸਾਰੀ ਜ਼ਿਲ੍ਹੇ ਵਿੱਚ ਪ੍ਰੀਗੈਬਾਲਿਨ 75 ਐਮ.ਜੀ. ਦੇ ਕੈਪਸੂਲ ਤੇ ਗੋਲੀਆਂ ਦੀ ਵਿਕਰੀ 'ਤੇ ਮੁਕੰਮਲ ਤੌਰ 'ਤੇ ਪਾਬੰਦੀ ਲਗਾਈ ਹੈ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਕੈਮਿਸਟ ਵੱਲੋਂ ਦਵਾਈ ਦੇਣ ਸਮੇਂ ਪ੍ਰਿਸਕ੍ਰਿਪਸ਼ਨ ਸਲਿੱਪ 'ਤੇ ਆਪਣੀ ਮੋਹਰ ਲਗਾਈ ਜਾਵੇਗੀ ਤੇ ਦਵਾਈ ਦੇਣ ਦੀ ਮਿਤੀ ਦਰਜ ਕੀਤੀ ਜਾਵੇ। ਇਹ ਸਾਰੇ ਹੁਕਮ 9 ਅਗਸਤ 2026 ਤੱਕ ਲਾਗੂ ਰਹਿਣਗੇ।

ਆਵਾਜ਼ਿ ਕੌਮ
AWAZE QAUM
International Newspaper & WEB TV

## ਅੰਤਰ ਰਾਸ਼ਟਰੀ ਵਾਤਾਵਰਣ ਦਿਵਸ ਇਕ ਦਿਨ ਮਨਾ ਫਿਰ ਅਗਲੇ ਸਾਲ ਮਨਾਉਣ ਨਾਲ ਗੱਲ ਨਹੀਂ ਬਨੇਗੀ, ਰੋਜ਼ਾਨਾ ਲਗਾਉਣ ਪਹਿਲੇ ਦੀ ਸੰਭਾਲ ਕਰੋ—ਪੀ.ਸੀ ਕੁਮਾਰ



**ਫ਼ਿਰੋਜ਼ਪੁਰ, 11 ਜੂਨ (ਮਨੋਹਰ ਲਾਲ)** :— ਅੰਤਰ ਰਾਸ਼ਟਰੀ ਵਾਤਾਵਰਣ ਦਿਵਸ ਇਕ ਦਿਨ ਮਨਾ ਫਿਰ ਅਗਲੇ ਸਾਲ ਮਨਾਉਣ ਨਾਲ ਗੱਲ ਨਹੀਂ ਬਨੇਗੀ, ਰੋਜ਼ਾਨਾ ਲਗਾਉਣ ਪਹਿਲੇ ਦੀ ਸੰਭਾਲ ਕਰੋ। ਇਹ ਵਿਚਾਰ ਸ੍ਰੀ ਪੀ.ਸੀ ਕੁਮਾਰ ਉੱਘੇ ਸਮਾਜ ਸੇਵਕ ਸੁਧਾਰਕ, ਸੀਨੀਅਰ ਸਿਟੀਜਨ, ਭਾਰਤ ਦਾ ਵਫਾਦਾਰ ਨਾਗਰਿਕ ਜਨਤਾ ਦਾ ਸੇਵਕ ਸੇਵਾ ਮੁਕਤ ਮਾਸ ਮੀਡੀਆ ਅਫਸਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਨੇ ਗੱਲਬਾਤ ਕਰਦਿਆਂ ਇਸ ਗੱਲ ਤੇ ਜ਼ੋਰ ਦਿੱਤਾ ਇਹ ਦਿਨ ਰੋਜਾਨਾ ਭਾਵ 365 ਦਿਨ ਮਨਾਉਣ ਤੇ ਅਪਨਾਉਣ ਦਾ ਦਿਨ ਜਿਵੇਂ ਅਸੀਂ ਨਵ ਜਨਮੇ ਬੱਚੇ ਦੀ ਪਰਵਰਸ਼ ਕਰਦੇ ਹਾਂ, ਉਸੇ ਤਰ੍ਹਾਂ ਜਿਹੜਾ ਪੌਦਾ ਆਪਾ ਇਨ੍ਹਾਂ ਦਿਨਾਂ ਤੇ ਲਗਾਉਂਦੇ ਹਾਂ, ਉਸ ਨੂੰ ਵਧਣ ਫੁਲਣ, ਹਰਾ ਭਰਾ ਰੱਖਣਾ, ਉਨ੍ਹਾਂ ਹੀ ਜ਼ਰੂਰੀ ਹੈ, ਜਿਨ੍ਹਾਂ ਇਕ ਨਵ ਜਨਮੇ ਬੱਚੇ ਜਿਨ੍ਹੇ, ਪੌਦੇ ਅਸੀਂ ਕਾਗਜੀ ਇਨ੍ਹਾਂ ਦਿਨਾਂ ਤੇ ਲਗਾ ਚੁੱਕੇ ਹਾਂ, ਜ਼ੋ ਉਨ੍ਹਾਂ ਦੀ ਆਪਣੇ ਬੱਚਿਆਂ ਤਰ੍ਹਾਂ ਸੰਭਾਲ ਕਰਦੇ ਤਾਂ ਹੁਣ ਤੱਕ ਪੂਰਾ ਪੰਜਾਬ ਜੰਗਲ ਬਣ ਜਾਂਦਾ, ਹਾਂ ਇਹ ਗੱਲ ਤਾਂ ਪੰਜਾਬ ਅੱਜ ਸੱਚੀ ਮੁਚੀ ਕਰਣ ਸੁਨਣ ਦੀ ਨਹੀਂ ਨਕਾਰਤਮਕ ਤੌਰ ਤੇ ਹਰ ਪਾਸਿਓ ਜੰਗਲ ਬਨ ਚੁੱਕਾ ਹੈ, ਇਹ ਸਾਰੀ ਦੁਨੀਆਂ ਵਿਚ ਕਰਨ ਸੁਨਣ ਤੇ ਵੇਖਣ ਨੂੰ ਮਿਲ ਰਿਹਾ ਹੈ, ਹਰਿਆਵਲ ਵਿਚ ਤਾਂ ਹਰ ਸੂਬੇ ਨਾਲੋਂ ਪਿਛੇ ਚੱਲ ਰਿਹਾ ਜੇ ਕੋਈ ਵੇਖਣ ਨੂੰ ਮਿਲ ਰਿਹਾ ਹੈ ਉਹ ਵੀ ਰੱਬ ਦੀ ਕ੍ਰਿਪਾ ਨਾਲ ਰੱਬ ਹੀ ਜੜ੍ਹੀ ਬੂਟਿਆਂ ਕੰਢੇ ਤੇ ਹੋਰ ਕੋਈ ਤਰ੍ਹਾਂ ਦੇ ਪੌਦੇ ਸਾਡੇ ਲਾਏ ਹੋਏ ਕਿਤੇ ਨਜਰ ਨਹੀਂ ਆ ਰਹੇ ਲਾਉਣ ਨਾਲੋਂ ਪਰਵਰਿਸ਼ ਜ਼ਰੂਰੀ। ਆਓ ਪ੍ਰਣ ਕਰੀਏ ਆਪਣੇ ਬੱਚਿਆਂ ਦੀ ਸਾਂਭ–ਸੰਭਾਲ ਤਰ੍ਹਾਂ ਇਹ ਲਗਾਈਏ, ਸੰਭਾਲੀਏ ਅਤੇ ਅਮਲੀ ਰੂਪ ਵਿਚ ਇਹ ਸਾਰੇ ਮਨਾਉਣ ਦਾ ਪ੍ਰਣ ਕਰਣਾ ਲੋਕ ਹਿੱਤ ਵਿਚ ਹੈ।

ਆਵਾਜ਼ਿ ਕੌਮ
AWAZE QAUM
International Newspaper & WEB TV

# ਕੀ ਪੰਜਾਬ ਵਿੱਚ ਵੋਟ ਪੋਲ ਘੱਟ ਹੋਣ ਦਾ ਕਾਰਨ ਲੋਕਾਂ ਦਾ ਸਰਕਾਰਾਂ ਚੁਣਨ ਤੋਂ ਕਿਨਾਰਾ ਕਰਨਾ ਹੈ ?



ਪੰਜਾਬ, ਜੋ ਆਪਣੀ ਸਿਆਸੀ ਚੇਤਨਾ, ਇਨਕਲਾਬੀ ਸੋਚ ਅਤੇ ਜਨ–ਅੰਦੋਲਨਾਂ ਲਈ ਪੂਰੀ ਦੁਨੀਆ ਵਿੱਚ ਜਾਣਿਆ ਜਾਂਦਾ ਹੈ, ਅੱਜ ਇੱਕ ਅਜੀਬ ਸਿਆਸੀ ਮੋੜ 'ਤੇ ਖੜ੍ਹਾ ਹੈ। ਪਿਛਲੀਆਂ ਕੁਝ ਚੋਣਾਂ (ਚਾਹੇ ਉਹ ਵਿਧਾਨ ਸਭਾ ਹੋਣ ਜਾਂ ਲੋਕ ਸਭਾ) ਦੌਰਾਨ ਪੰਜਾਬ ਵਿੱਚ ਵੋਟ ਪੋਲਿੰਗ ਦੀ ਪ੍ਰਤੀਸ਼ਤਤਾ ਵਿੱਚ ਆਈ ਗਿਰਾਵਟ ਨੇ ਸਿਆਸੀ ਮਾਹਿਰਾਂ, ਸਮਾਜ ਸ਼ਾਸਤਰੀਆਂ ਅਤੇ ਆਮ ਨਾਗਰਿਕਾਂ ਨੂੰ ਸੋਚਣ ਲਈ ਮਜਬੂਰ ਕਰ ਦਿੱਤਾ ਹੈ।

ਸਵਾਲ ਇਹ ਉੱਠਦਾ ਹੈ ਕਿ ਕੀ ਪੰਜਾਬ ਦੇ ਲੋਕਾਂ ਦਾ ਮੌਜੂਦਾ ਸਿਆਸੀ ਪ੍ਰਣਾਲੀ ਅਤੇ ਸਰਕਾਰਾਂ ਚੁਣਨ ਦੀ ਪ੍ਰਕਿਰਿਆ ਤੋਂ ਮੋਹ ਭੰਗ ਹੋ ਰਿਹਾ ਹੈ ? ਕੀ ਉਹ ਸਿਆਸਤ ਤੋਂ ਕਿਨਾਰਾ ਕਰ ਰਹੇ ਹਨ ? ਇਸ ਗੰਭੀਰ ਵਿਸ਼ਲੇਸ਼ਣਾਤਮਕ ਲੇਖ ਵਿੱਚ ਅਸੀਂ ਇਸ ਰੁਝਾਨ ਦੇ ਪਿੱਛੇ ਛੁਪੇ ਅਸਲ ਕਾਰਨਾਂ ਅਤੇ ਇਸ ਦੇ ਭਵਿੱਖੀ ਪ੍ਰਭਾਵਾਂ ਦੀ ਪੜਚੋਲ ਕਰਾਂਗੇ।

ਇੱਕ ਸਮਾਂ ਸੀ ਜਦੋਂ ਪੰਜਾਬ ਵਿੱਚ ਚੋਣਾਂ ਕਿਸੇ ਤਿਉਹਾਰ ਵਾਂਗ ਮਨਾਈਆਂ ਜਾਂਦੀਆਂ ਸਨ ਅਤੇ ਪੋਲਿੰਗ ਪ੍ਰਤੀਸ਼ਤਤਾ 75% ਤੋਂ 80% ਤੱਕ ਪਹੁੰਚ ਜਾਂਦੀ ਸੀ। ਪਰ ਹਾਲ ਹੀ ਦੇ ਸਾਲਾਂ ਵਿੱਚ ਇਹ ਗ੍ਰਾਫ਼ ਹੇਠਾਂ ਵੱਲ ਆਇਆ ਹੈ। ਖਾਸ ਕਰਕੇ ਸ਼ਹਿਰੀ ਖੇਤਰਾਂ ਅਤੇ ਨੌਜਵਾਨਾਂ ਵਿੱਚ ਵੋਟ ਪਾਉਣ ਪ੍ਰਤੀ ਉਦਾਸੀਨਤਾ ਸਾਫ਼ ਦੇਖੀ ਜਾ ਸਕਦੀ ਹੈ। ਵੋਟ ਪ੍ਰਤੀਸ਼ਤਤਾ ਦਾ ਘਟਣਾ ਸਿਰਫ਼ ਇੱਕ ਅੰਕੜਾ ਨਹੀਂ ਹੈ, ਬਲਕਿ ਇਹ ਪੰਜਾਬ ਦੇ ਲੋਕਾਂ ਦੀ ਮਾਨਸਿਕਤਾ ਅਤੇ ਸਿਆਸੀ ਨਿਰਾਸ਼ਾ ਦਾ ਪ੍ਰਗਟਾਵਾ ਹੈ।

ਪੰਜਾਬ ਦੇ ਵੋਟਰਾਂ ਦਾ ਚੋਣਾਂ ਤੋਂ ਦੂਰ ਹੋਣਾ ਕਿਸੇ ਇੱਕ ਕਾਰਨ ਕਰਕੇ ਨਹੀਂ ਹੈ, ਬਲਕਿ ਇਹ ਕਈ ਗੰਭੀਰ ਸਮਾਜਿਕ, ਆਰਥਿਕ ਅਤੇ ਸਿਆਸੀ ਹਾਲਾਤਾਂ ਦਾ ਸਿੱਟਾ ਹੈ:

ੳ) ਰਵਾਇਤੀ ਅਤੇ ਨਵੀਆਂ ਪਾਰਟੀਆਂ ਤੋਂ ਨਿਰਾਸ਼ਾ

ਪੰਜਾਬ ਦੇ ਲੋਕਾਂ ਨੇ ਦਹਾਕਿਆਂ ਤੱਕ ਰਵਾਇਤੀ ਪਾਰਟੀਆਂ (ਕਾਂਗਰਸ ਅਤੇ ਅਕਾਲੀ ਦਲ) ਨੂੰ ਅਜ਼ਮਾਇਆ। ਜਦੋਂ ਉਨ੍ਹਾਂ ਤੋਂ ਮੋਹ ਭੰਗ ਹੋਇਆ, ਤਾਂ ਸਾਲ 2022 ਵਿੱਚ ਪੰਜਾਬੀਆਂ ਨੇ ਇੱਕ ਵੱਡਾ ਸਿਆਸੀ ਬਦਲਾਅ ਕਰਦਿਆਂ ਆਮ ਆਦਮੀ ਪਾਰਟੀ (ਆਪ) ਨੂੰ ਇਤਿਹਾਸਕ ਬਹੁਮਤ ਦਿੱਤਾ। ਪਰ ਸਮਾਂ ਬੀਤਣ ਦੇ ਨਾਲ, ਲੋਕਾਂ ਨੂੰ ਇਹ ਅਹਿਸਾਸ ਹੋਣ ਲੱਗਾ ਹੈ ਕਿ ਪਾਰਟੀਆਂ ਦੇ ਬਦਲਣ ਨਾਲ ਪੰਜਾਬ ਦੇ ਬੁਨਿਆਦੀ ਮਸਲੇ ਨਹੀਂ ਬਦਲੇ। ਜਦੋਂ ਤੀਜਾ ਵਿਕਲਪ ਵੀ ਉਮੀਦਾਂ 'ਤੇ ਖਰਾ ਨਹੀਂ ਉਤਰਦਾ, ਤਾਂ ਵੋਟਰਾਂ ਵਿੱਚ 'ਸਭ ਇੱਕੋ ਜਿਹੇ ਹਨ' ਦੀ ਭਾਵਨਾ ਪੈਦਾ ਹੋ ਜਾਂਦੀ ਹੈ, ਜੋ ਉਨ੍ਹਾਂ ਨੂੰ ਪੋਲਿੰਗ ਬੂਥਾਂ ਤੋਂ ਦੂਰ ਲੈ ਜਾਂਦੀ ਹੈ।

ਪੰਜਾਬ ਵਿੱਚ ਵੋਟ ਪੋਲ ਘੱਟ ਹੋਣ ਦਾ ਸਭ ਤੋਂ ਵੱਡਾ ਅਤੇ ਵਿਹਾਰਕ ਕਾਰਨ ਹੈ ਨੌਜਵਾਨਾਂ ਦਾ ਵਿਦੇਸ਼ਾਂ (ਕੈਨੇਡਾ, ਆਸਟ੍ਰੇਲੀਆ, ਯੂ.ਕੇ.) ਵੱਲ ਹਿਜਰਤ ਕਰਨਾ। ਪੰਜਾਬ ਦੇ ਹਰ ਪਿੰਡ ਅਤੇ ਸ਼ਹਿਰ ਵਿੱਚੋਂ ਹਜ਼ਾਰਾਂ ਨੌਜਵਾਨ ਵੋਟਰ ਸਿਸਟਮ ਤੋਂ ਤੰਗ ਆ ਕੇ ਦੇਸ਼ ਛੱਡ ਚੁੱਕੇ ਹਨ। ਸਰਕਾਰੀ ਕਾਗਜ਼ਾਂ ਵਿੱਚ ਉਨ੍ਹਾਂ ਦੀਆਂ ਵੋਟਾਂ ਅਜੇ ਵੀ ਪੰਜਾਬ ਵਿੱਚ ਦਰਜ ਹਨ, ਪਰ ਉਹ ਸਰੀਰਕ ਤੌਰ 'ਤੇ ਇੱਥੇ ਮੌਜੂਦ ਨਹੀਂ ਹਨ। ਇਸ ਕਰਕੇ ਪੋਲਿੰਗ ਦੇ ਦਿਨ ਵੋਟਾਂ ਦਾ ਪ੍ਰਤੀਸ਼ਤ ਆਪਣੇ ਆਪ ਘਟ ਜਾਂਦਾ ਹੈ।

ਪੰਜਾਬ ਸਾਲਾਂ ਤੋਂ ਕਈ ਗੰਭੀਰ ਸੰਕਟਾਂ ਨਾਲ ਜੂਝ ਰਿਹਾ ਹੈ:

ਹਰ ਚੋਣਾਂ ਵਿੱਚ ਨਸ਼ਾ ਖ਼ਤਮ ਕਰਨ ਦੇ ਵਾਅਦੇ ਕੀਤੇ ਜਾਂਦੇ ਹਨ, ਪਰ ਹਕੀਕਤ ਵਿੱਚ ਨਸ਼ੇ ਕਾਰਨ ਮਰਨ ਵਾਲੇ ਨੌਜਵਾਨਾਂ ਦੀਆਂ ਲਾਸ਼ਾਂ ਅੱਜ ਵੀ ਉੱਠ ਰਹੀਆਂ ਹਨ।

ਪੜ੍ਹੇ–ਲਿਖੇ ਨੌਜਵਾਨਾਂ ਨੂੰ ਨੌਕਰੀਆਂ ਲਈ ਟੈਂਕੀਆਂ 'ਤੇ ਚੜ੍ਹਨਾ ਪੈਂਦਾ ਹੈ ਜਾਂ ਲਾਠੀਆਂ ਖਾਣੀਆਂ ਪੈਂਦੀਆਂ ਹਨ।

ਕਰਜ਼ੇ ਦੇ ਬੋਝ ਹੇਠ ਦੱਬੇ ਕਿਸਾਨਾਂ ਦੀਆਂ ਖੁਦਕੁਸ਼ੀਆਂ ਅਤੇ ਧਰਤੀ ਹੇਠਲੇ ਪਾਣੀ ਦਾ ਮੁੱਕਣਾ ਵਰਗੇ ਅਸਲੀ ਮੁੱਦਿਆਂ 'ਤੇ ਕੋਈ ਵੀ ਸਰਕਾਰ ਠੋਸ ਨੀਤੀ ਨਹੀਂ ਬਣਾ ਸਕੀ।

ਆਵਾਜ਼ਿ ਕੌਮ
AWAZE QAUM
International Newspaper & WEB TV



ਜਦੋਂ ਲੋਕ ਦੇਖਦੇ ਹਨ ਕਿ ਚੋਣਾਂ ਸਿਰਫ਼ ਲੀਡਰਾਂ ਦੇ ਮੁਨਾਫ਼ੇ ਅਤੇ ਕੁਰਸੀ ਦੀ ਖੇਡ ਹਨ, ਤਾਂ ਉਹ ਵੋਟ ਪਾਉਣ ਦੀ ਪ੍ਰਕਿਰਿਆ ਤੋਂ ਕਿਨਾਰਾ ਕਰਨਾ ਹੀ ਬਿਹਤਰ ਸਮਝਦੇ ਹਨ।

ਅੱਜ–ਕੱਲ੍ਹ ਪੰਜਾਬ ਦੀ ਸਿਆਸਤ ਵਿੱਚ ਲੋਕ ਮੁੱਦਿਆਂ 'ਤੇ ਬਹਿਸ ਦੀ ਬਜਾਏ ਨਿੱਜੀ ਦੂਸ਼ਣਬਾਜ਼ੀ, ਗਾਇਕਾਂ–ਕਲਾਕਾਰਾਂ ਦੇ ਸਿਆਸੀ ਸਟੰਟ ਅਤੇ ਸੋਸ਼ਲ ਮੀਡੀਆ ਦੀ ਤੜਕ–ਭੜਕ ਹਾਵੀ ਹੋ ਚੁੱਕੀ ਹੈ। ਗੰਭੀਰ ਸੋਚ ਰੱਖਣ ਵਾਲਾ ਪੰਜਾਬੀ ਵੋਟਰ ਇਸ ਨਿਕਾਰਾਤਮਕ ਸਿਆਸਤ ਤੋਂ ਦੂਰ ਹੋ ਰਿਹਾ ਹੈ।

ਇੱਥੇ ਇੱਕ ਬਹੁਤ ਹੀ ਮਹੱਤਵਪੂਰਨ ਨੁਕਤਾ ਸਮਝਣ ਵਾਲਾ ਹੈ: ਪੰਜਾਬ ਦੇ ਲੋਕ ਸਿਆਸਤ ਤੋਂ ਬੇਮੁਖ ਨਹੀਂ ਹੋਏ, ਬਲਕਿ ਉਹ ਰਵਾਇਤੀ 'ਵੋਟ ਪਾਉਣ' ਦੀ ਪ੍ਰਣਾਲੀ 'ਤੇ ਆਪਣਾ ਵਿਸ਼ਵਾਸ ਗੁਆ ਰਹੇ ਹਨ।

ਪੰਜਾਬੀ ਅੱਜ ਵੀ ਬਹੁਤ ਸਿਆਸੀ ਹਨ, ਪਰ ਉਨ੍ਹਾਂ ਦੀ ਸਿਆਸਤ ਦਾ ਤਰੀਕਾ ਬਦਲ ਗਿਆ ਹੈ।

ਦਿੱਲੀ ਦੀਆਂ ਬਰੂਹਾਂ 'ਤੇ ਲੜਿਆ ਗਿਆ ਇਤਿਹਾਸਕ ਕਿਸਾਨ ਅੰਦੋਲਨ ਇਸ ਗੱਲ ਦਾ ਸਬੂਤ ਹੈ ਕਿ ਪੰਜਾਬੀ ਸੁੱਤੇ ਨਹੀਂ ਹਨ। ਜਦੋਂ ਉਨ੍ਹਾਂ ਨੂੰ ਲੱਗਦਾ ਹੈ ਕਿ ਸੰਸਦ ਜਾਂ ਵਿਧਾਨ ਸਭਾ ਵਿੱਚ ਬੈਠੇ ਲੀਡਰ ਉਨ੍ਹਾਂ ਦੀ ਗੱਲ ਨਹੀਂ ਸੁਣ ਰਹੇ, ਤਾਂ ਉਹ ਸੜਕਾਂ 'ਤੇ ਉਤਰ ਕੇ ਸਰਕਾਰਾਂ ਨੂੰ ਝੁਕਾਉਣ ਦੀ ਤਾਕਤ ਰੱਖਦੇ ਹਨ।

**ਨੋਟਾ ਅਤੇ ਆਜ਼ਾਦ ਉਮੀਦਵਾਰ:** ਚੋਣਾਂ ਦੌਰਾਨ ਨੋਟਾ ਦਾ ਬਟਨ ਦਬਾਉਣਾ ਜਾਂ ਰਵਾਇਤੀ ਪਾਰਟੀਆਂ ਨੂੰ ਨਕਾਰ ਕੇ ਆਜ਼ਾਦ ਜਾਂ ਵੱਖਰੀ ਸੋਚ ਵਾਲੇ ਉਮੀਦਵਾਰਾਂ ਨੂੰ ਜਿਤਾਉਣਾ ਵੀ ਇਹ ਦਰਸਾਉਂਦਾ ਹੈ ਕਿ ਲੋਕ ਸਿਸਟਮ ਨੂੰ ਆਪਣਾ ਗੁੱਸਾ ਦਿਖਾ ਰਹੇ ਹਨ।

ਇਸ ਲਈ, ਘੱਟ ਵੋਟ ਪੋਲ ਹੋਣ ਨੂੰ ਸਿਰਫ਼ 'ਆਲਸ' ਜਾਂ 'ਉਦਾਸੀਨਤਾ' ਨਹੀਂ ਕਿਹਾ ਜਾ ਸਕਦਾ, ਇਹ ਇੱਕ ਤਰ੍ਹਾਂ ਦਾ "ਖ਼ਾਮੋਸ਼ ਵਿਦਰੋਹ" (Silent Protest) ਵੀ ਹੈ

ਜੇਕਰ ਪੰਜਾਬ ਦੇ ਸੂਝਵਾਨ ਲੋਕ ਚੋਣਾਂ ਤੋਂ ਇਸੇ ਤਰ੍ਹਾਂ ਕਿਨਾਰਾ ਕਰਦੇ ਰਹੇ, ਤਾਂ ਇਸ ਦੇ ਆਉਣ ਵਾਲੇ ਸਮੇਂ ਵਿੱਚ ਬਹੁਤ ਘਾਤਕ ਨਤੀਜੇ ਨਿਕਲ ਸਕਦੇ ਹਨ:

ਜਦੋਂ ਜਾਗਰੂਕ ਵੋਟਰ ਘਰ ਬੈਠ ਜਾਂਦਾ ਹੈ, ਤਾਂ ਪੈਸੇ, ਨਸ਼ੇ ਜਾਂ ਕੱਟੜਤਾ ਦੇ ਜ਼ੋਰ 'ਤੇ ਵੋਟਾਂ ਖਰੀਦਣ ਵਾਲੇ ਲੋਕ ਆਸਾਨੀ ਨਾਲ ਚੋਣਾਂ ਜਿੱਤ ਜਾਂਦੇ ਹਨ।

ਪੰਜਾਬ ਵਿੱਚ ਹਮੇਸ਼ਾ ਇੱਕ ਮਜ਼ਬੂਤ ਖੇਤਰੀ ਲੀਡਰਸ਼ਿਪ ਰਹੀ ਹੈ। ਜੇਕਰ ਲੋਕ ਚੋਣਾਂ ਤੋਂ ਦੂਰ ਹੋਣਗੇ, ਤਾਂ ਪੰਜਾਬ ਦੇ ਫੈਸਲੇ ਦਿੱਲੀ ਦੇ ਹੱਥਾਂ ਵਿੱਚ ਚਲੇ ਜਾਣਗੇ, ਜਿਸ ਨਾਲ ਪੰਜਾਬ ਦੇ ਹੱਕਾਂ (ਪਾਣੀ, ਰਾਜਧਾਨੀ, ਬੋਲੀ) ਦੀ ਲੜਾਈ ਕਮਜ਼ੋਰ ਹੋਵੇਗੀ।

ਜੇਕਰ ਪੰਜਾਬ ਵਿੱਚ ਵੋਟ ਪ੍ਰਤੀਸ਼ਤਤਾ ਨੂੰ ਮੁੜ ਵਧਾਉਣਾ ਹੈ ਅਤੇ ਲੋਕਾਂ ਦਾ ਸਰਕਾਰਾਂ ਵਿੱਚ ਵਿਸ਼ਵਾਸ ਬਹਾਲ ਕਰਨਾ ਹੈ, ਤਾਂ ਹੇਠ ਲਿਖੇ ਕਦਮ ਚੁੱਕਣੇ ਲਾਜ਼ਮੀ ਹਨ:

ਪਾਰਟੀਆਂ ਜੋ ਚੋਣ ਮੈਨੀਫੈਸਟੋ ਜਾਰੀ ਕਰਦੀਆਂ ਹਨ, ਉਨ੍ਹਾਂ ਨੂੰ ਪੂਰਾ ਕਰਨਾ ਕਾਨੂੰਨੀ ਤੌਰ 'ਤੇ ਲਾਜ਼ਮੀ ਹੋਵੇ। ਮੁਫ਼ਤ ਦੀਆਂ ਸਹੂਲਤਾਂ ਦੀ ਬਜਾਏ ਪੱਕੇ ਰੁਜ਼ਗਾਰ 'ਤੇ ਜ਼ੋਰ ਦਿੱਤਾ ਜਾ

ਜਿਹੜੇ ਲੱਖਾਂ ਨੌਜਵਾਨ ਰੋਜ਼ੀ–ਰੋਟੀ ਲਈ ਬਾਹਰ ਗਏ ਹਨ, ਉਨ੍ਹਾਂ ਨੂੰ ਵਿਦੇਸ਼ਾਂ ਵਿੱਚ ਬੈਠ ਕੇ ਹੀ ਆਨਲਾਈਨ ਜਾਂ ਅੰਬੈਸੀ ਰਾਹੀਂ ਵੋਟ ਪਾਉਣ ਦਾ ਅਧਿਕਾਰ ਮਿਲਣਾ ਚਾਹੀਦਾ ਹੈ।

ਸਿਆਸੀ ਪਾਰਟੀਆਂ ਨੂੰ ਪਰਿਵਾਰਵਾਦ ਤੋਂ ਉੱਪਰ ਉੱਠ ਕੇ ਜ਼ਮੀਨੀ ਪੱਧਰ ਦੇ ਪੜ੍ਹੇ–ਲਿਖੇ ਅਤੇ ਇਮਾਨਦਾਰ ਨੌਜਵਾਨਾਂ ਨੂੰ ਅੱਗੇ ਲਿਆਉਣਾ ਚਾਹੀਦਾ ਹੈ, ਤਾਂ ਜੋ ਨਵੀਂ ਪੀੜ੍ਹੀ ਖੁਦ ਨੂੰ ਸਿਸਟਮ ਨਾਲ ਜੋੜ ਸਕੇ।

ਨਿਸ਼ਕਰਸ਼ ਵਜੋਂ, ਇਹ ਕਹਿਣਾ ਬਿਲਕੁਲ ਸਹੀ ਹੋਵੇਗਾ ਕਿ ਪੰਜਾਬ ਵਿੱਚ ਵੋਟ ਪੋਲ ਘੱਟ ਹੋਣ ਦਾ ਇੱਕ ਵੱਡਾ ਕਾਰਨ ਲੋਕਾਂ ਦਾ ਮੌਜੂਦਾ ਸਰਕਾਰਾਂ ਅਤੇ ਸਿਆਸੀ ਪਾਰਟੀਆਂ ਦੇ ਰਵੱਈਏ ਤੋਂ ਕਿਨਾਰਾ ਕਰਨਾ ਹੈ। ਪਰ ਇਹ ਕਿਨਾਰਾ ਸਿਆਸਤ ਦੀ ਸਮਝ ਮੁੱਕਣ ਕਰਕੇ ਨਹੀਂ, ਬਲਕਿ ਬਾਰ–ਬਾਰ ਮਿਲੇ ਧੋਖੇ ਅਤੇ ਨਿਰਾਸ਼ਾ ਵਿੱਚੋਂ ਉਪਜਿਆ ਹੈ। ਪੰਜਾਬੀ ਅੱਜ ਇੱਕ ਅਜਿਹੇ ਸਿਆਸੀ ਬਦਲ ਦੀ ਤਲਾਸ਼ ਵਿੱਚ ਹਨ ਜੋ ਸੱਚਮੁੱਚ ਪੰਜਾਬ ਦੀ ਜਵਾਨੀ, ਕਿਸਾਨੀ ਅਤੇ ਆਰਥਿਕਤਾ ਨੂੰ ਬਚਾ ਸਕੇ।

ਜਿੰਨਾ ਚਿਰ ਸਿਆਸੀ ਪਾਰਟੀਆਂ ਆਪਣੇ ਨਿੱਜੀ ਮੁਫ਼ਾਦ ਛੱਡ ਕੇ ਪੰਜਾਬ ਦੇ ਅਸਲ ਦਰਦ ਨੂੰ ਨਹੀਂ ਸਮਝਣਗੀਆਂ, ਉੰਨਾ ਚਿਰ ਵੋਟਰਾਂ ਦੀ ਇਹ ਖ਼ਾਮੋਸ਼ੀ ਅਤੇ ਪੋਲਿੰਗ ਬੂਥਾਂ ਤੋਂ ਦੂਰੀ ਬਣੀ ਰਹੇਗੀ, ਜੋ ਕਿ ਪੰਜਾਬ ਦੇ ਲੋਕਤੰਤਰ ਲਈ ਇੱਕ ਬਹੁਤ ਵੱਡੀ ਚੇਤਾਵਨੀ ਹੈ।

**-ਪ੍ਰਗਟ ਸਿੰਘ ਗਿੱਲ ਬਾਗੀ**

### ਅਕਾਲ ਤਖ਼ਤ ਸਾਹਿਬ ਦੀਆਂ ਪੰਥਕ ਪਰੰਪਰਾਵਾਂ ਨੂੰ

# ਕਾਨੂੰਨੀ ਅਤੇ ਸਿਆਸੀ ਵਿਵਾਦਾਂ ਵਿੱਚ ਘਸੀਟਣਾ ਚਿੰਤਾਜਨਕ ਰੁਝਾਨ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 11 ਜੂਨ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਪੰਜਾਬ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ.ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਬਹਿਬਲ ਕਲਾਂ ਗੋਲੀਕਾਂਡ ਮਾਮਲੇ ਦੀ ਜਾਂਚ ਕਰ ਰਹੀ ਵਿਸ਼ੇਸ਼ ਜਾਂਚ ਟੀਮ (ਸਿੱਟ) ਸਾਹਮਣੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਖ਼ਿਲਾਫ਼ ਦਰਜ ਕਰਵਾਏ ਗਏ ਬਿਆਨ ਨੇ ਪੰਥਕ ਅਤੇ ਸੰਵਿਧਾਨਕ ਪੱਧਰ 'ਤੇ ਗੰਭੀਰ ਪ੍ਰਸ਼ਨ ਖੜ੍ਹੇ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਇਸ ਪੂਰੇ ਮਾਮਲੇ ਨੂੰ ਕਿਸੇ ਇੱਕ ਵਿਅਕਤੀ ਜਾਂ ਰਾਜਨੀਤਿਕ ਦਲ ਦੇ ਹੱਕ ਜਾਂ ਵਿਰੋਧ ਦੇ ਨਜ਼ਰੀਏ ਨਾਲ ਦੇਖਣ ਦੀ ਬਜਾਏ, ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਯਾਦਾ, ਇਸ ਦੀਆਂ ਇਤਿਹਾਸਕ ਪਰੰਪਰਾਵਾਂ ਅਤੇ ਪੰਥਕ ਖ਼ੁਦਮੁਖ਼ਤਿਆਰੀ ਦੇ ਪ੍ਰਸੰਗ ਵਿੱਚ ਵਿਚਾਰਿਆ ਜਾਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰੋ. ਖਿਆਲਾ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਨਾਲ ਭਾਵੇਂ ਉਨ੍ਹਾਂ ਦੇ ਲੱਖ ਸਿਆਸੀ ਵਖਰੇਵੇਂ ਹੋਣ, ਪਰ ਇਹ ਸੱਚ ਕਹਿਣ ਵਿੱਚ ਕੋਈ ਸੰਕੋਚ ਨਹੀਂ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਾਹਮਣੇ ਸੁਖਬੀਰ ਸਿੰਘ ਬਾਦਲ ਨੇ ਬਹਿਬਲ ਕਲਾਂ ਗੋਲੀਕਾਂਡ ਉਨ੍ਹਾਂ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਵਾਪਰਨ ਦੇ ਸੰਦਰਭ ਵਿੱਚ ਇਸ ਦੀ ਨੈਤਿਕ ਅਤੇ ਰਾਜਨੀਤਿਕ ਜ਼ਿੰਮੇਵਾਰੀ ਕਬੂਲ ਕੀਤੀ ਸੀ, ਨਾ ਕਿ ਕਿਸੇ ਸਾਜ਼ਿਸ਼ ਤਹਿਤ ਨਿਹੱਥੇ ਅਤੇ ਬੇਕਸੂਰ ਲੋਕਾਂ 'ਤੇ ਗੋਲੀਆਂ ਚਲਵਾਉਣ ਦੀ ਸਿੱਧੀ ਜ਼ਿੰਮੇਵਾਰੀ। ਉਨ੍ਹਾਂ ਕਿਹਾ ਕਿ ਜਥੇਦਾਰ ਵਰਗੇ ਅਹਿਮ ਰੁਤਬੇ 'ਤੇ ਰਹਿ ਚੁੱਕੇ ਸਿੰਘ ਸਾਹਿਬ ਨੂੰ ਅਜਿਹਾ ਕਦਮ ਨਹੀਂ ਚੁੱਕਣਾ ਚਾਹੀਦਾ ਸੀ, ਜਿਸ ਨਾਲ ਅਕਾਲ ਤਖ਼ਤ ਸਾਹਿਬ ਦੀਆਂ ਪੰਥਕ ਪ੍ਰਕਿਰਿਆਵਾਂ ਨੂੰ ਕਾਨੂੰਨੀ ਵਿਆਖਿਆਵਾਂ ਦੇ ਘੇਰੇ ਵਿੱਚ ਲਿਆਂਦਾ ਜਾਵੇ।

ਪ੍ਰੋ. ਖਿਆਲਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਵੀ ਧਾਰਮਿਕ ਸ਼ਖ਼ਸੀਅਤਾਂ ਨੂੰ ਰਾਜਸੀ ਮੁਫ਼ਾਦਾਂ ਲਈ ਸਿਆਸੀ ਸਾਧਨ ਵਜੋਂ ਵਰਤਣ ਤੋਂ ਗੁਰੇਜ਼ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਨੇ ਕਿਹਾ ਕਿ ਜੇਕਰ ਕਿਸੇ ਮਾਮਲੇ ਵਿੱਚ ਜਾਂਚ ਏਜੰਸੀਆਂ ਕੋਲ ਸੁਤੰਤਰ ਅਤੇ ਕਾਨੂੰਨੀ ਤੌਰ 'ਤੇ ਪ੍ਰਵਾਨਿਤ ਸਬੂਤ ਮੌਜੂਦ ਹਨ ਤਾਂ ਉਨ੍ਹਾਂ ਦੇ ਆਧਾਰ 'ਤੇ ਨਿਰਪੱਖ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਪਰ ਧਾਰਮਿਕ ਮੰਚਾਂ 'ਤੇ ਹੋਈਆਂ ਪੰਥਕ ਪ੍ਰਕਿਰਿਆਵਾਂ ਨੂੰ ਸਿਆਸੀ ਅਤੇ ਕਾਨੂੰਨੀ ਲੜਾਈਆਂ ਦਾ ਹਿੱਸਾ ਬਣਾਉਣ ਤੋਂ ਹਰ ਹਾਲ 'ਚ ਗੁਰੇਜ਼ ਕੀਤਾ ਜਾਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਬਹਿਬਲ ਕਲਾਂ ਗੋਲੀਕਾਂਡ ਇੱਕ ਬਹੁਤ ਹੀ ਦੁਖਦ ਅਤੇ ਸੰਵੇਦਨਸ਼ੀਲ ਘਟਨਾ ਹੈ, ਜਿਸ ਵਿੱਚ ਜਾਨਾਂ ਗੁਆਉਣ ਵਾਲੇ ਬੇਕਸੂਰ ਲੋਕਾਂ ਦੇ ਪਰਿਵਾਰਾਂ ਨੂੰ ਨਿਆਂ ਮਿਲਣਾ ਚਾਹੀਦਾ ਹੈ। ਜਿਸ ਦੇ ਲਈ ਕਾਨੂੰਨ ਨੂੰ ਆਪਣਾ ਕੰਮ ਸੁਤੰਤਰ ਤੌਰ 'ਤੇ ਕਰਨ ਦਿੱਤਾ ਜਾਣਾ ਚਾਹੀਦਾ ਹੈ ਅਤੇ ਜੇਕਰ ਕੋਈ ਵਿਅਕਤੀ ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸ ਦੀ ਜ਼ਿੰਮੇਵਾਰੀ ਨਿਰਧਾਰਿਤ ਹੋਣੀ ਚਾਹੀਦੀ ਹੈ। ਪਰ ਇਸ ਨਿਆਂ ਪ੍ਰਕਿਰਿਆ ਦੌਰਾਨ ਉਨ੍ਹਾਂ ਧਾਰਮਿਕ ਸੰਸਥਾਵਾਂ ਦੀ ਵਿਲੱਖਣਤਾ ਅਤੇ ਮਰਯਾਦਾ ਨੂੰ ਵੀ ਕਾਇਮ ਰੱਖਣਾ ਉਤਨਾ ਹੀ ਜ਼ਰੂਰੀ ਹੈ, ਜਿਨ੍ਹਾਂ ਦਾ ਸਰੂਪ ਸਰਕਾਰੀ ਜਾਂ ਨਿਆਇਕ ਸੰਸਥਾਵਾਂ ਤੋਂ ਭਿੰਨ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਪੰਥ ਦੀ ਸਰਵਉੱਚ ਧਾਰਮਿਕ ਸੰਸਥਾ ਹੈ, ਜਿੱਥੇ ਵਿਅਕਤੀ ਧਾਰਮਿਕ ਅਤੇ ਨੈਤਿਕ ਜਵਾਬਦੇਹੀ ਦੇ ਆਧਾਰ 'ਤੇ ਪੇਸ਼ ਹੁੰਦਾ ਹੈ। ਅਕਾਲ ਤਖ਼ਤ ਸਾਹਿਬ ਅੱਗੇ ਹੋਣ ਵਾਲੀਆਂ ਪੇਸ਼ੀਆਂ, ਮੰਗੀਆਂ ਜਾਣ ਵਾਲੀਆਂ ਮੁਆਫ਼ੀਆਂ ਜਾਂ ਸਵੀਕਾਰ ਕੀਤੀਆਂ ਜਾਣ ਵਾਲੀਆਂ ਜ਼ਿੰਮੇਵਾਰੀਆਂ ਦਾ ਸੰਦਰਭ ਮੁੱਖ ਤੌਰ 'ਤੇ ਪੰਥਕ ਅਨੁਸ਼ਾਸਨ ਅਤੇ ਧਾਰਮਿਕ ਜਵਾਬਦੇਹੀ ਨਾਲ ਜੁੜਿਆ ਹੁੰਦਾ ਹੈ। ਇਨ੍ਹਾਂ ਨੂੰ ਸਿੱਧੇ ਤੌਰ 'ਤੇ ਫ਼ੌਜਦਾਰੀ ਕਾਨੂੰਨ ਦੇ ਸਬੂਤ ਵਜੋਂ ਪੇਸ਼ ਕਰਨਾ ਭਵਿੱਖ ਵਿੱਚ ਗੰਭੀਰ ਧਾਰਮਿਕ ਅਤੇ ਕਾਨੂੰਨੀ ਉਲਝਣਾਂ ਨੂੰ ਜਨਮ ਦੇ ਸਕਦਾ ਹੈ।

ਉਨ੍ਹਾਂ ਕਿਹਾ ਕਿ ਜੇਕਰ ਅਕਾਲ ਤਖ਼ਤ ਸਾਹਿਬ ਅੱਗੇ ਹੋਏ ਕਬੂਲਨਾਮਿਆਂ, ਪੇਸ਼ੀਆਂ ਜਾਂ ਧਾਰਮਿਕ ਕਾਰਵਾਈਆਂ ਨੂੰ ਰਾਜ ਦੀਆਂ ਜਾਂਚ ਏਜੰਸੀਆਂ ਵੱਲੋਂ ਸਬੂਤ ਵਜੋਂ ਵਰਤਣ ਦੀ ਪਰੰਪਰਾ ਸ਼ੁਰੂ ਹੋ ਜਾਂਦੀ ਹੈ ਤਾਂ ਇਸ ਦਾ ਨਕਾਰਾਤਮਿਕ ਪ੍ਰਭਾਵ ਪੈਣ ਦੇ ਨਾਲ ਭਵਿੱਖ ਵਿੱਚ ਲੋਕਾਂ ਦੇ ਮਨਾਂ ਵਿੱਚ ਇਹ ਡਰ ਵੀ ਪੈਦਾ ਹੋ ਸਕਦਾ ਹੈ ਕਿ ਧਾਰਮਿਕ ਮੰਚ 'ਤੇ ਕੀਤੀ ਗਈ ਪੰਥਕ ਪੇਸ਼ੀ ਨੂੰ ਬਾਅਦ ਵਿੱਚ ਉਨ੍ਹਾਂ ਵਿਰੁੱਧ ਅਪਰਾਧਿਕ ਮਾਮਲਿਆਂ ਵਿੱਚ ਵਰਤਿਆ ਜਾ ਸਕਦਾ ਹੈ। ਇਹ ਸਥਿਤੀ ਸਿੱਖ ਧਾਰਮਿਕ ਪ੍ਰਬੰਧ ਦੀ ਰੂਹ ਅਤੇ ਇਸ ਦੀਆਂ ਇਤਿਹਾਸਕ ਪਰੰਪਰਾਵਾਂ ਦੋਵਾਂ ਲਈ ਚੁਣੌਤੀ ਬਣ ਸਕਦੀ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਇਹ ਵੀ ਵਿਚਾਰਨਯੋਗ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸੰਸਥਾ ਨਾਲ ਸੰਬੰਧਿਤ ਰਹੇ ਕਿਸੇ ਵੀ ਵਿਅਕਤੀ ਨੂੰ ਸਮਕਾਲੀ ਸਿਆਸੀ ਟਕਰਾਅ ਦਾ ਹਿੱਸਾ ਨਹੀਂ ਬਣਨਾ ਚਾਹੀਦਾ। ਸਿੱਖ ਇਤਿਹਾਸ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਹਮੇਸ਼ਾ ਪੰਥਕ ਏਕਤਾ, ਨਿਆਂ ਅਤੇ ਸਵੈ-ਮਾਣ ਦੇ ਕੇਂਦਰ ਵਜੋਂ ਭੂਮਿਕਾ ਨਿਭਾਈ ਹੈ। ਇਸ ਲਈ ਇਸ ਦੀਆਂ ਪ੍ਰਕਿਰਿਆਵਾਂ, ਹੁਕਮਨਾਮਿਆਂ ਅਤੇ ਧਾਰਮਿਕ ਪਰੰਪਰਾਵਾਂ ਨੂੰ ਤਤਕਾਲੀ ਸਿਆਸੀ ਹਿੱਤਾਂ ਦੀ ਪੂਰਤੀ ਲਈ ਵਰਤਣਾ ਦੂਰਗਾਮੀ ਅਤੇ ਨੁਕਸਾਨਦੇਹ ਪ੍ਰਭਾਵ ਛੱਡ ਸਕਦਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਅੱਜ ਲੋੜ ਇਸ ਗੱਲ ਦੀ ਹੈ ਕਿ ਬਹਿਬਲ ਕਲਾਂ ਗੋਲੀਕਾਂਡ ਦੇ ਪੀੜਤ ਪਰਿਵਾਰਾਂ ਨੂੰ ਨਿਆਂ ਮਿਲੇ, ਪਰ ਨਾਲ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਯਾਦਾ, ਪੰਥਕ ਖ਼ੁਦਮੁਖ਼ਤਿਆਰੀ ਅਤੇ ਧਾਰਮਿਕ ਸੰਸਥਾਵਾਂ ਦੀ ਪਵਿੱਤਰਤਾ ਵੀ ਕਾਇਮ ਰਹੇ। ਨਿਆਂ ਅਤੇ ਮਰਯਾਦਾ ਵਿਚਕਾਰ ਸੰਤੁਲਨ ਬਣਾਈ ਰੱਖਣਾ ਹੀ ਸਮਾਜ ਅਤੇ ਪੰਥ ਦੇ ਵਿਆਪਕ ਹਿੱਤ ਵਿੱਚ ਹੋਵੇਗਾ।

ਉਨ੍ਹਾਂ ਕਿਹਾ ਕਿ ਸਿੱਖ ਪੰਥ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਕੇਵਲ ਇੱਕ ਸੰਸਥਾ ਨਹੀਂ, ਸਗੋਂ ਸਮੂਹਿਕ ਚੇਤਨਾ ਅਤੇ ਆਤਮਿਕ ਅਧਿਕਾਰ ਦਾ ਪ੍ਰਤੀਕ ਹੈ। ਇਸ ਲਈ ਇਸ ਨਾਲ ਸੰਬੰਧਿਤ ਹਰ ਕਦਮ ਬਹੁਤ ਸਾਵਧਾਨੀ, ਦੂਰਅੰਦੇਸ਼ੀ ਅਤੇ ਪੰਥਕ ਜ਼ਿੰਮੇਵਾਰੀ ਦੀ ਭਾਵਨਾ ਨਾਲ ਚੁੱਕਿਆ ਜਾਣਾ ਚਾਹੀਦਾ ਹੈ।

## ਸ਼੍ਰੋਮਣੀ ਕਮੇਟੀ ਸਿੱਖਾਂ ਦੇ ਸੁਤੰਤਰ ਗਲੋਬਲ ਮੀਡੀਆ ਪਲੇਟਫਾਰਮ ਸਬੰਧੀ ਆਏ ਪ੍ਰਸਤਾਵ 'ਤੇ ਗੰਭੀਰਤਾ ਨਾਲ ਵਿਚਾਰ ਕਰੇ : ਪ੍ਰੋ. ਸਰਚਾਂਦ ਸਿੰਘ ਖਿਆਲਾ

ਭਾਰਤੀ ਜਨਤਾ ਪਾਰਟੀ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਜੀ.ਟੀ.ਸੀ. ਨੈੱਟਵਰਕ ਦੇ ਸੰਸਥਾਪਕ ਅਤੇ ਪ੍ਰਬੰਧ ਨਿਰਦੇਸ਼ਕ ਡਾ. ਰਬਿੰਦਰ ਨਾਰਾਇਣ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ ਬਿਨਾਂ ਕਿਸੇ ਵਿੱਤੀ ਬੋਝ ਦੇ ਇੱਕ ਸਮਰਪਿਤ 24 ਘੰਟੇ ਦੇ ਗਲੋਬਲ ਸੈਟੇਲਾਈਟ ਅਤੇ ਡਿਜੀਟਲ ਚੈਨਲ ਦੀ ਸਥਾਪਨਾ ਲਈ ਦਿੱਤੇ ਗਏ ਪ੍ਰਸਤਾਵ ਦਾ ਸਵਾਗਤ ਕਰਦਿਆਂ ਐਸ.ਜੀ.ਪੀ.ਸੀ. ਨੂੰ ਇਸ ਮਾਮਲੇ 'ਤੇ ਤੁਰੰਤ ਅਤੇ ਗੰਭੀਰਤਾ ਨਾਲ ਵਿਚਾਰ ਕਰਨ ਦੀ ਅਪੀਲ ਕੀਤੀ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਦੁਨੀਆ ਭਰ ਵਿਚ ਵੱਸਦੀ ਸਿੱਖ ਸੰਗਤ ਲੰਮੇ ਸਮੇਂ ਤੋਂ ਅਜਿਹੇ ਸੁਤੰਤਰ ਮੀਡੀਆ ਪਲੇਟਫਾਰਮ ਦੀ ਮੰਗ ਕਰਦੀ ਆ ਰਹੀ ਹੈ, ਜੋ ਗੁਰਬਾਣੀ, ਗੁਰਮਤਿ ਵਿਚਾਰਧਾਰਾ, ਸਿੱਖ ਇਤਿਹਾਸ, ਪੰਥਕ ਸਰੋਕਾਰਾਂ ਅਤੇ ਸਿੱਖ ਸੰਸਥਾਵਾਂ ਦੀਆਂ ਗਤੀਵਿਧੀਆਂ ਨੂੰ ਪ੍ਰਮਾਣਿਕ ਅਤੇ ਮਰਯਾਦਿਤ ਢੰਗ ਨਾਲ ਵਿਸ਼ਵ ਪੱਧਰ 'ਤੇ ਪਹੁੰਚਾ ਸਕੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਆਪਣੇ ਨਿੱਜੀ ਸੈਟੇਲਾਈਟ ਚੈਨਲ ਦੀ ਸਥਾਪਨਾ ਲਈ ਵੱਖ-ਵੱਖ ਪੱਧਰਾਂ 'ਤੇ ਯਤਨ ਕੀਤੇ ਜਾਂਦੇ ਰਹੇ ਹਨ, ਪਰ ਇਹ ਸੁਪਨਾ ਅਜੇ ਤੱਕ ਸਾਕਾਰ ਨਹੀਂ ਹੋ ਸਕਿਆ।

ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਵੀ ਸਮੇਂ-ਸਮੇਂ 'ਤੇ ਸ਼੍ਰੋਮਣੀ ਕਮੇਟੀ ਨੂੰ ਇਸ ਦਿਸ਼ਾ ਵਿੱਚ ਪਹਿਲ ਕਰਨ ਲਈ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ ਰਹੀਆਂ ਹਨ। ਅਜਿਹੀ ਸਥਿਤੀ ਵਿਚ ਜੇਕਰ ਪ੍ਰਸਾਰਣ ਖੇਤਰ ਨਾਲ ਜੁੜੇ ਤਜਰਬੇਕਾਰ ਵਿਅਕਤੀ ਵੱਲੋਂ ਕੋਈ ਵਿਵਹਾਰਕ ਅਤੇ ਸਾਰਥਕ ਪ੍ਰਸਤਾਵ ਸਾਹਮਣੇ ਆਉਂਦਾ ਹੈ ਤਾਂ ਉਸ ਨੂੰ ਕੇਵਲ ਅਕਾਰਨ ਰੱਦ ਕਰਨ ਦੀ ਬਜਾਏ, ਪੰਥਕ ਹਿੱਤਾਂ ਨੂੰ ਧਿਆਨ ਵਿਚ ਰੱਖਦਿਆਂ ਉਸ ਦਾ ਨਿਰਪੱਖ ਮੁਲਾਂਕਣ ਕੀਤਾ ਜਾਣਾ ਚਾਹੀਦਾ ਹੈ।

ਪ੍ਰੋ. ਖਿਆਲਾ ਨੇ ਇਹ ਵੀ ਕਿਹਾ ਕਿ ਪਿਛਲੇ ਸਮੇਂ ਦੌਰਾਨ ਸ਼੍ਰੋਮਣੀ ਕਮੇਟੀ ਵੱਲੋਂ ਇੱਕ ਪਰਿਵਾਰ ਦੇ ਨਿੱਜੀ ਚੈਨਲ ਨੂੰ ਲੰਮੇ ਸਮੇਂ ਤੱਕ ਗੁਰਬਾਣੀ ਪ੍ਰਸਾਰਣ ਲਈ ਅਧਿਕਾਰਤ ਕੀਤੇ ਜਾਣ ਕਾਰਨ ਸੰਸਥਾ ਵਿਵਾਦਾਂ ਵਿੱਚ ਘਿਰੀ ਰਹੀ ਹੈ। ਇਸ ਮਾਮਲੇ ਨੂੰ ਲੈ ਕੇ ਸਿੱਖ ਸੰਗਤ ਦੇ ਵੱਡੇ ਹਿੱਸੇ ਵੱਲੋਂ ਗੁਰਬਾਣੀ ਪ੍ਰਸਾਰਣ ਉੱਤੇ ਕਿਸੇ ਵੀ ਤਰ੍ਹਾਂ ਦੀ ਇਕਾਧਿਕਾਰਵਾਦੀ ਪ੍ਰਣਾਲੀ ਦਾ ਵਿਰੋਧ ਕੀਤਾ ਜਾਂਦਾ ਰਿਹਾ ਹੈ ਅਤੇ ਇਹ ਏਕਾਧਿਕਾਰ ਅੱਜ ਵੀ ਪੂਰੀ ਤਰ੍ਹਾਂ ਖ਼ਤਮ ਨਹੀਂ ਹੋਈ। ਅਜਿਹੇ ਹਾਲਾਤ ਵਿੱਚ ਪਾਰਦਰਸ਼ਤਾ, ਪੰਥਕ ਸਹਿਮਤੀ ਅਤੇ ਸੰਸਥਾਗਤ ਜਵਾਬਦੇਹੀ ਦੇ ਆਧਾਰ 'ਤੇ ਕੋਈ ਵੀ ਫ਼ੈਸਲਾ ਲੈਣਾ ਬਹੁਤ ਜ਼ਰੂਰੀ ਹੈ, ਤਾਂ ਜੋ ਭਵਿੱਖ ਵਿੱਚ ਕਿਸੇ ਕਿਸਮ ਦੇ ਵਿਵਾਦ ਦੀ ਗੁੰਜਾਇਸ਼ ਨਾ ਰਹੇ। ਪ੍ਰੋ. ਖਿਆਲਾ ਨੇ ਦੱਸਿਆ ਕਿ 9 ਜੂਨ 2026 ਨੂੰ ਐਸ.ਜੀ.ਪੀ.ਸੀ. ਦੇ ਪ੍ਰਧਾਨ ਸ. ਹਰਜਿੰਦਰ ਸਿੰਘ ਧਾਮੀ ਨੂੰ ਸੰਬੋਧਿਤ ਇੱਕ ਵਿਸਤ੍ਰਿਤ ਪੱਤਰ ਰਾਹੀਂ ਡਾ. ਰਬਿੰਦਰ ਨਾਰਾਇਣ ਨੇ ਇਸ ਪ੍ਰੋਜੈਕਟ ਦੀ ਰੂਪਰੇਖਾ ਪੇਸ਼ ਕੀਤੀ ਹੈ। ਇਸ ਪ੍ਰਸਤਾਵ ਅਨੁਸਾਰ ਜੀ.ਟੀ.ਸੀ. ਨੈੱਟਵਰਕ ਪੂਰੇ ਪ੍ਰਸਾਰਣ ਬੁਨਿਆਦੀ ਢਾਂਚੇ ਦਾ ਖਰਚ ਆਪਣੇ ਪੱਧਰ 'ਤੇ ਉਠਾਏਗਾ, ਜਿਸ ਵਿੱਚ ਸੈਟੇਲਾਈਟ ਟ੍ਰਾਂਸਮਿਸ਼ਨ, ਟੈਲੀਵਿਜ਼ਨ ਡਿਸਟ੍ਰੀਬਿਊਸ਼ਨ, ਓ.ਟੀ.ਟੀ. ਪਲੇਟਫਾਰਮਾਂ ਨਾਲ ਏਕੀਕਰਨ ਅਤੇ ਸੰਯੁਕਤ ਰਾਜ ਅਮਰੀਕਾ, ਕੈਨੇਡਾ, ਯੂਨਾਈਟਿਡ ਕਿੰਗਡਮ, ਯੂਰਪ ਅਤੇ ਆਸਟ੍ਰੇਲੀਆ ਸਮੇਤ ਪ੍ਰਮੁੱਖ ਸਿੱਖ ਡਾਇਸਪੋਰਾ ਵਾਲੇ ਖੇਤਰਾਂ ਵਿੱਚ ਡਿਜੀਟਲ ਪਹੁੰਚ ਯਕੀਨੀ ਬਣਾਉਣਾ ਸ਼ਾਮਲ ਹੈ।

ਉਨ੍ਹਾਂ ਕਿਹਾ ਕਿ ਪ੍ਰਸਤਾਵ ਦਾ ਸਭ ਤੋਂ ਮਹੱਤਵਪੂਰਨ ਪੱਖ ਇਹ ਹੈ ਕਿ ਐਸ.ਜੀ.ਪੀ.ਸੀ. ਨੂੰ ਕਿਸੇ ਵੀ ਪੜਾਅ 'ਤੇ ਕੋਈ ਵਿੱਤੀ ਬੋਝ ਨਹੀਂ ਝੱਲਣਾ ਪਵੇਗਾ, ਜਦਕਿ ਸੰਪਾਦਕੀ ਅਧਿਕਾਰ, ਸਮੱਗਰੀ ਦੀ ਚੋਣ, ਪ੍ਰਸਾਰਣ ਨੀਤੀ ਅਤੇ ਸਿੱਖ ਮਰਿਆਦਾ ਦੀ ਪਾਲਣਾ ਦਾ ਪੂਰਾ ਅਧਿਕਾਰ ਸਿਰਫ਼ ਐਸ.ਜੀ.ਪੀ.ਸੀ. ਕੋਲ ਹੀ ਰਹੇਗਾ, ਜਿਸ ਦੀ ਅਧਿਆਤਮਕ ਅਗਵਾਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਿਧਾਂਤਾਂ ਅਨੁਸਾਰ ਹੋਵੇਗੀ।

ਪ੍ਰੋ. ਖਿਆਲਾ ਨੇ ਕਿਹਾ ਕਿ ਅੱਜ ਦੇ ਡਿਜੀਟਲ ਯੁੱਗ ਵਿਚ ਜਾਣਕਾਰੀ ਅਤੇ ਵਿਚਾਰਧਾਰਕ ਪੇਸ਼ਕਾਰੀ ਦਾ ਖੇਤਰ ਬਹੁਤ ਪ੍ਰਭਾਵਸ਼ਾਲੀ ਹੋ ਚੁੱਕਾ ਹੈ। ਅਜਿਹੇ ਸਮੇਂ ਸਿੱਖ ਕੌਮ ਕੋਲ ਆਪਣਾ ਇੱਕ ਮਜ਼ਬੂਤ, ਵਿਸ਼ਵਾਸਯੋਗ ਅਤੇ ਆਧੁਨਿਕ ਮੀਡੀਆ ਪਲੇਟਫਾਰਮ ਹੋਣਾ ਸਮੇਂ ਦੀ ਲੋੜ ਹੈ, ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਗੁਰਮਤਿ ਮੁੱਲਾਂ ਨਾਲ ਜੋੜਨ ਅਤੇ ਵਿਸ਼ਵ ਭਾਈਚਾਰੇ ਤੱਕ ਸਿੱਖੀ ਦੇ ਸਰਬੱਤ ਦੇ ਭਲੇ ਵਾਲੇ ਸੰਦੇਸ਼ ਨੂੰ ਪਹੁੰਚਾਉਣ ਦਾ ਕਾਰਜ ਕਰ ਸਕੇ। ਉਨ੍ਹਾਂ ਕਿਹਾ ਕਿ ਇਸ ਪ੍ਰਸਤਾਵ ਸਬੰਧੀ ਸਿੱਖ ਸੰਗਤ ਵਿੱਚ ਉਤਸੁਕਤਾ ਪਾਈ ਜਾ ਰਹੀ ਹੈ, ਇਸ ਲਈ ਸ਼੍ਰੋਮਣੀ ਕਮੇਟੀ ਨੂੰ ਚਾਹੀਦਾ ਹੈ ਕਿ ਉਹ ਇਸ ਬਾਰੇ ਆਪਣਾ ਅਧਿਕਾਰਤ ਪੱਖ ਸਪੱਸ਼ਟ ਕਰੇ ਅਤੇ ਜੇਕਰ ਲੋੜ ਹੋਵੇ ਤਾਂ ਪ੍ਰਸਾਰਣ ਮਾਹਿਰਾਂ, ਧਾਰਮਿਕ ਵਿਦਵਾਨਾਂ ਅਤੇ ਪੰਥਕ ਪ੍ਰਤੀਨਿਧੀਆਂ ਦੀ ਇੱਕ ਉੱਚ ਪੱਧਰੀ ਕਮੇਟੀ ਗਠਿਤ ਕਰਕੇ ਪ੍ਰਸਤਾਵ ਦੇ ਸਾਰੇ ਪੱਖਾਂ ਦਾ ਅਧਿਐਨ ਕਰਵਾਏ। ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਜੇਕਰ ਪੰਥਕ ਸੰਸਥਾਵਾਂ ਦੀ ਮਰਿਆਦਾ, ਸਿੱਖ ਸਿਧਾਂਤਾਂ ਦੀ ਪਵਿੱਤਰਤਾ ਅਤੇ ਐਸ.ਜੀ.ਪੀ.ਸੀ. ਦੀ ਸੰਸਥਾਗਤ ਸੁਤੰਤਰਤਾ ਨੂੰ ਪੂਰੀ ਤਰ੍ਹਾਂ ਬਰਕਰਾਰ ਰੱਖਦਿਆਂ ਇਹ ਯੋਜਨਾ ਸਾਕਾਰ ਹੁੰਦੀ ਹੈ ਤਾਂ ਇਹ ਵਿਸ਼ਵ ਭਰ ਦੀ ਸਿੱਖ ਸੰਗਤ ਲਈ ਇੱਕ ਇਤਿਹਾਸਕ ਕਦਮ ਸਾਬਤ ਹੋ ਸਕਦਾ ਹੈ। ਉਨ੍ਹਾਂ ਐਸ.ਜੀ.ਪੀ.ਸੀ. ਨੂੰ ਇਸ ਮੌਕੇ ਨੂੰ ਪੰਥਕ ਦ੍ਰਿਸ਼ਟੀਕੋਣ ਨਾਲ ਵਿਚਾਰਨ, ਪੂਰੀ ਪਾਰਦਰਸ਼ਤਾ ਨਾਲ ਫ਼ੈਸਲਾ ਲੈਣ ਅਤੇ ਸੰਗਤ ਦੀਆਂ ਲੰਮੇ ਸਮੇਂ ਤੋਂ ਚੱਲੀਆਂ ਆ ਰਹੀਆਂ ਭਾਵਨਾਵਾਂ ਦਾ ਸਨਮਾਨ ਕਰਨ ਦੀ ਅਪੀਲ ਕੀਤੀ।

# ਜਲ ਸਪਲਾਈ ਤੇ ਸੈਨੀਟੇਸ਼ਨ ਦੇ ਇਨਲਿਸਟਮੈਂਟ ਆਊਟਸੋਰਸ ਵਰਕਰਾਂ ਨੇ ਪੰਜਾਬ ਸਰਕਾਰ ਦੀ ਅਰਥੀ ਫੂਕ ਕੀਤਾ ਰੋਸ਼ ਪ੍ਰਦਰਸ਼ਨ

## 16 ਜੂਨ ਦੀ ਮੀਟਿੰਗ 'ਚ ਕੈਬਨਿਟ ਸਬ ਕਮੇਟੀ ਵੱਲੋਂ ਇਨਲਿਸਟਮੈਂਟ ਵਰਕਰਾਂ ਦਾ ਪੱਕਾ ਰੁਜਗਾਰ ਕਰਨ ਲਈ ਨੋਟੀਫਿਕੇਸ਼ਨ ਜਾਰੀ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਤਿੱਖਾ ਕਰਨ ਦਾ ਐਲਾਨ–ਸੂਬਾ ਆਗੂ



**ਫ਼ਿਰੋਜ਼ਪੁਰ, 11 ਜੂਨ (ਮਨੋਹਰ ਲਾਲ) :—** ਕੱਚੇ ਮੁਲਾਜਮਾਂ ਨੂੰ ਪੱਕੇ ਕਰਨ ਵਾਲੀ ਪੰਜਾਬ ਸਰਕਾਰ ਦੀ ਕੈਬਨਿਟ ਸਬ ਕਮੇਟੀ ਦੇ ਚੇਅਰਮੈਨ ਕਮ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ।31) ਦੇ ਨਾਲ 11 ਜੂਨ ਦੀ ਮੀਟਿੰਗ ਨੂੰ ਕੈਂਸਲ ਕਰਨ ਦੇ ਰੋਸ਼ ਵਜੋਂ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ 'ਚ ਠੇਕਾ ਪ੍ਰਣਾਲੀ ਦਾ ਸੰਤਾਪ ਭੋਗ ਰਹੇ ਇਨਲਿਸਟਮੈਂਟ ਆਊਟਸੋਰਸ ਵਰਕਰ ਵੱਲੋਂ ਹੈਡ ਆਫਿਸ ਪਟਿਆਲਾ ਅੱਗੇ ਲਗਾਤਾਰ ਚੱਲ ਰਹੇ ਪੱਕੇ ਮੋਰਚੇ ਦੇ ਦੌਰਾਨ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ ਅਤੇ ਜੰਮ ਕੇ ਨਾਅਰੇਬਾਜੀ ਕੀਤੀ ਗਈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਰਣਜੀਤ ਸਿੰਘ ਖਾਲਸਾ ਪ੍ਰੈਸ ਸਕੱਤਰ ਜਲ ਸਪਲਾਈ ਕੰਟਰੈਕਟ ਵਰਕਰ ਯੂਨੀਅਨ ਨੇ ਕਿਹਾ ਕਿ ਸਾਥੀਆਂ ਵੱਲੋਂ ਅੱਜ ਸਾਰੇ ਪੰਜਾਬ ਵਿਚ ਤਹਿਸੀਲ ਅਤੇ ਜਿਲ੍ਹਾ ਪੱਧਰ ਤੇ ਪੰਜਾਬ ਸਰਕਾਰ ਖਿਲਾਫ ਅਰਥੀ ਫੂਕ ਪ੍ਰਦਰਸ਼ਨ ਕੀਤੇ ਗਏ। ਇਸੇ ਤਰ੍ਹਾਂ ਹੀ ਅੱਜ ਜ਼ਿਲ੍ਹਾ ਫਿਰੋਜ਼ਪੁਰ ਦੀਆਂ ਸਾਰੀਆਂ ਬ੍ਰਾਂਚਾਂ ਵੱਲੋਂ ਬਲਾਕ ਪੱਧਰੀ ਅਤੇ ਜ਼ਿਲ੍ਹਾ ਪੱਧਰ ਤੇ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਸਬੰਧੀ ਪ੍ਰੈਸ ਬਿਆਨ ਜਾਰੀ ਕਰਦਿਆਂ ਸੂਬਾਈ ਆਗੂ ਰੁਪਿੰਦਰ ਸਿੰਘ, ਜ਼ਿਲ੍ਹਾ ਖ਼ਜ਼ਾਨਚੀ ਬਲਜਿੰਦਰ ਸਿੰਘ ਨੇ ਦੱਸਿਆ ਕਿ ਕੈਬਨਿਟ ਸਬ ਕਮੇਟੀ ਦੇ ਚੇਅਰਮੈਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਯੂਨੀਅਨ ਦੇ ਨਾਲ ਮੰਗ ਦਾ ਹੱਲ ਕਰਨ ਲਈ ਅੱਜ ਮੀਟਿੰਗ ਚੰਡੀਗੜ੍ਹ ਵਿਖੇ ਤੈਅ ਹੋਈ ਸੀ ਪਰ ਇਹ ਮੀਟਿੰਗ ਕੈਂਸਲ ਕਰ ਦਿੱਤੀ ਗਈ ਹੈ, ਜਿਸ ਕਾਰਨ ਵਰਕਰਾਂ ਵਿੱਚ ਭਾਰੀ ਰੋਸ਼ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਯੂਨੀਅਨ ਦੀ ਸੂਬਾ ਕਮੇਟੀ ਵੱਲੋਂ ਫੈਸਲਾ ਕੀਤਾ ਗਿਆ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਸਰਕਾਰ ਦੀਆਂ ਪੇਂਡੂ ਜਲ ਸਪਲਾਈ ਸਕੀਮਾਂ 'ਤੇ ਫੀਲਡ ਅਤੇ ਦਫਤਰਾਂ ਵਿਚ ਵੱਖ—ਵੱਖ ਪੋਸਟਾਂ 'ਤੇ ਰੈਗੂਲਰ ਮੁਲਾਜਮਾਂ ਵਾਂਗ ਪਿਛਲੇ 15 ਤੋਂ 20 ਸਾਲਾਂ ਦੇ ਲੰਬੇ ਅਰਸੇ ਤੋਂ ਇਕ ਵਰਕਰ ਦੇ ਰੂਪ 'ਚ ਲਗਾਤਾਰ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਠੇਕਾ ਅਧਾਰਿਤ ਮੁਲਾਜਮਾਂ ਨੂੰ ਵਿਭਾਗ 'ਚ ਮਰਜ ਕਰਕੇ ਈ.ਪੀ.ਐਫ. ਅਤੇ ਈ.ਐਸ.ਆਈ.ਸੀ. ਵਰਗੀਆਂ ਤਮਾਮ ਸਹੂਲਤਾਂ ਦੇਣ ਵਾਲੀ ਪਾਲਸੀ ਅਧੀਨ ਪੱਕੇ ਰੁਜਗਾਰ ਦਾ ਪ੍ਰਬੰਧ ਕਰਨ ਲਈ ਨੋਟੀਫਿਕੇਸ਼ਨ ਜਾਰੀ ਕਰਾਉਣ ਤੱਕ ਵਿਭਾਗ ਦੇ ਮੁੱਖ ਦਫਤਰ ਪਟਿਆਲਾ ਵਿਖੇ ਪੂਰਅਮਨ ਢੰਗ ਨਾਲ ਲਗਾਤਾਰ ਮੋਰਚਾ ਅਤੇ ਧਰਨਾ ਜਾਰੀ ਰੱਖਿਆ ਜਾਵੇਗਾ।

ਉਨ੍ਹਾਂ ਮੰਗ ਕੀਤੀ ਕਿ ਕੈਬਨਿਟ ਸਬ ਕਮੇਟੀ ਦੇ ਚੇਅਰਮੈਨ ਕਮ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ 16 ਜੂਨ 2026 ਨੂੰ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ ਨਾਲ ਕੀਤੀ ਜਾਣ ਵਾਲੀ ਮੀਟਿੰਗ ਵਿੱਚ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵਿਚ ਕੰਮ ਕਰਦੇ ਇਨਲਿਸਟਮੈਂਟ ਵਰਕਰਾਂ ਦਾ ਪੱਕਾ ਰੁਜਗਾਰ ਕਰਨ ਲਈ ਪੰਜਾਬ ਸਰਕਾਰ ਵੱਲੋਂ ਕੱਚੇ ਮੁਲਾਜਮਾਂ ਨੂੰ ਪੱਕੇ ਕਰਨ ਲਈ ਲਿਆਂਦੇ ਜਾ ਰਹੇ ਪੰਜਾਬ ਰਾਜ ਆਊਟਸੋਰਸ ਪ੍ਰਸੋਨਲ ਬਿੱਲ 2026 ਵਿੱਚ ਇਨਲਿਸਟਮੈਂਟ ਵਰਕਰਾਂ ਨੂੰ ਸ਼ਾਮਿਲ ਕਰਕੇ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਬ ਕਮੇਟੀ ਨਾਲ ਹੋਣ ਵਾਲੀ ਇਸ ਮੀਟਿੰਗ ਵਿੱਚ ਜੇਕਰ ਪੰਜਾਬ ਸਰਕਾਰ ਵੱਲੋਂ ਜਲ ਸਪਲਾਈ ਵਿਭਾਗ ਵਿਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਵਰਕਰਾਂ ਨੂੰ ਵਿਭਾਗ ਵਿਚ ਮਰਜ ਕਰਕੇ ਈ.ਪੀ.ਐਫ. ਅਤੇ ਈ.ਐਸ.ਆਈ.ਸੀ. ਵਰਗੀਆਂ ਤਮਾਮ ਸਹੂਲਤਾਂ ਦੇਣ ਵਾਲੀ ਪਾਲਸੀ ਅਧੀਨ ਪੱਕੇ ਰੁਜਗਾਰ ਦਾ ਪ੍ਰਬੰਧ ਕਰਨ ਲਈ ਫੈਸਲਾ ਨਹੀਂ ਕੀਤਾ ਗਿਆ ਜਾਂ ਫਿਰ ਇਹ ਮੀਟਿੰਗ ਸਬ ਕਮੇਟੀ ਵੱਲੋਂ ਕੈਸਲ ਕੀਤੀ ਜਾਂਦੀ ਹੈ ਤਾਂ ਯੂਨੀਅਨ ਵੱਲੋਂ 18 ਜੂਨ 2026 ਨੂੰ ਪਟਿਆਲਾ ਦੀ ਧਰਤੀ ਤੇ ਵੱਡਾ ਇਕੱਠ ਕਰਕੇ 28 ਮਈ ਤੋਂ ਲਗਾਤਾਰ ਚੱਲ ਰਹੇ ਪੱਕੇ ਮੋਰਚੇ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

ਪ੍ਰੈਸ ਸਕੱਤਰ ਰਣਜੀਤ ਸਿੰਘ ਖਾਲਸਾ ਨੇ ਦੱਸਿਆ ਕਿ ਜੇਕਰ ਸਰਕਾਰ ਵੱਲੋਂ ਠੇਕਾ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਲਿਆ ਕੇ ਪੱਕਾ ਨਾਂ ਕੀਤਾ ਤਾਂ ਆਉਣ ਵਾਲੇ ਸਮੇਂ ਵਿੱਚ ਸਰਕਾਰ ਦੇ ਨੁਮਾਇੰਦਿਆਂ ਦਾ ਪਿੰਡਾਂ ਵਿੱਚ ਵੱਡੇ ਪੱਧਰ ਤੇ ਵਿਰੋਧ ਪ੍ਰਦਰਸ਼ਨ ਕੀਤਾ ਜਾਵੇਗਾ।ਇਸ ਮੌਕੇ ਸੁਰਜੀਤ ਸਿੰਘ, ਸਲਵਿੰਦਰ ਸਿੰਘ, ਮਲਕੀਤ ਚੰਦ, ਗੁਰਪ੍ਰੀਤ ਸਿੰਘ, ਸੁਖਚੈਨ ਸਿੰਘ, ਗੁਰਮੁਖ ਸਿੰਘ, ਸੁਖਦੇਵ ਸਿੰਘ, ਵਿਜੇ ਕੁਮਾਰ, ਪਰਵਿੰਦਰ ਸਿੰਘ ਰਾਜਾ ਮੁੱਖ ਬੁਲਾਰਾ ਆਦਿ ਆਗੂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਬਾਬਾ ਜੀਵਨ ਸਿੰਘ ਟਰੱਸਟ ਵਲੋਂ

# ਐਡਵੋਕੇਟ ਲੱਖਾ ਸਿੰਘ ਅਜਾਦ ਦੇ ਦੋਵੇਂ ਸਪੁੱਤਰ ਸਨਮਾਨਿਤ



**ਚੌਕ ਮਹਿਤਾ, 11ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਹੀਦ ਬਾਬਾ ਜੀਵਨ ਸਿੰਘ ਜੀ ਵਿਦਿਅਕ ਤੇ ਭਲਾਈ ਟਰੱਸਟ ਰਜਿ ਚੰਡੀਗੜ੍ਹ, ਯੂਨਿਟ ਹਲਕਾ ਬਾਬਾ ਬਕਾਲਾ ਸਹਿਬ ਦੇ ਲੀਗਲ ਐਡਵਾਈਜਰ ਲੱਖਾ ਸਿੰਘ ਅਜਾਦ ਵਲੋਂ ਆਪਣੇ ਸਪੱਤਰ ਅਜੇਵੀਰ ਸਿੰਘ ਅਜਾਦ, ਨੂੰ ਐਡਵੋਕੇਟ ਦਾ ਲਾਇਸੈਂਸ ਮਿਲਣ, ਅਤੇ ਅਮਰਵੀਰ ਸਿੰਘ ਅਜਾਦ ਦੇ ਨਗਰ ਪੰਚਾਇਤ ਰਈਆ ਵਾਰਡ ਨੰਬਰ 3 ਤੋਂ ਕੌਂਸਲਰ ਚੁਣੇਂ ਜਾਣ ਦੀ ਖੁਸੀ ਵਿਚ ਸ੍ਰੀ ਸੁਖਮਨੀ ਸਹਿਬ ਦੇ ਭੋਗ ਉਪਰੰਤ ਗੁਰੂ ਗ੍ਰੰਥ ਸਹਿਬ ਜੀ ਦੀ ਹਜੂਰੀ ਅਤੇ ਐਲ ਏ ਸ੍ਰ ਦਲਬੀਰ ਸਿੰਘ ਟੌਂਗ, ਪ੍ਰਧਾਨ ਸ੍ਰੀ ਸੰਜੀਵ ਭੰਡਾਰੀ ਜੀ ਦੀ ਮੋਜੂਦਗੀ ਵਿਚ ਪ੍ਰਧਾਨ ਤਰਸੇਮ ਸਿੰਘ ਮੱਟੂ, ਸੈਂਟਰਲ ਕਮੇਟੀ ਦੇ ਪ੍ਰਚਾਰ ਸਕੱਤਰ ਸ੍ਰ ਜਸਵੰਤ ਸਿੰਘ ਨਗਰ ਬਾਬਾ ਜੀਵਨ ਸਿੰਘ,ਉਘੇ ਸਮਾਜ ਸੇਵੀ ਅਤੇ ਟਰੱਸਟ ਦੇ ਮੁੱਖ ਸਲਾਹਕਾਰ ਸ੍ਰ ਸੁਖਵਿੰਦਰ ਸਿੰਘ ਮਤੇਵਾਲ, ਰਈਆ ਸਹਿਰੀ ਪ੍ਰਧਾਨ ਜਥੇਦਾਰ ਮੇਵਾ ਸਿੰਘ ਵਲੋਂ ਦੋਹਾਂ ਹੋਣ ਹਾਰ ਸਪੁੱਤਰਾਂ ਐਡਵੋਕੇਟ ਅਜੇਵੀਰ ਸਿੰਘ ਅਜਾਦ , ਅਤੇ ਕੌਂਸਲਰ ਅਮਰਬੀਰ ਅਜਾਦ ਨੂੰ ਹੋਰ ਚੜਦੀ ਕਲਾ ਵਾਸਤੇ ਗੁਰੂ ਘਰ ਦੀ ਬਖਸਿਸ ਸੁਰੋਪਾਉ ਦੇ ਕੇ ਸਨਮਾਨਿਤ ਕੀਤਾ, ਇਸ ਮੋਕੇ ਕੋਂਸਲਰ ਸਤੀਸ਼ ਭੰਡਾਰੀ , ਸੁਖਦੇਵ ਸਿੰਘ ਪੱਡਾ, ਕੋਂਸਲਰ ਸਰਬਜੀਤ ਸਿੰਘ ਫੋਜੀ , ਕੌਂਸਲਰ ਰਿਖੀ, ਕੌਂਸਲਰ ਵਿਸ਼ਾਲ ਮੰਨਣ, ਸਾਬਕਾ ਕੌਂਸਲਰ ਜਗਤਾਰ ਸਿੰਘ ਬਿੱਲਾ, ਬਾਬਾ ਪ੍ਰੇਮ ਸਿੰਘ, ਸੂਬੇਦਾਰ ਤਰਸੇਮ ਸਿੰਘ, ਭੁਪਿੰਦਰ ਸਿੰਘ ਨੰਬਰਦਾਰ, ਰਤਨ ਸਿੰਘ ਫੋਜੀ , ਸ੍ਰ ਜੁਗਿੰਦਰ ਸਿੰਘ ਫੋਜੀ , ਨੰਬਰਦਾਰ ਮੇਜਰ ਸਿੰਘ, ਭਾਈ ਅਮਰੀਕ ਸਿੰਘ, ਸਮੇਤ ਹੋਰ ਬਹੁਤ ਸਾਰੀਆਂ ਸੰਗਤਾਂ ਹਾਜਰ ਸਨ।

ਲਾਇਬ੍ਰੇਰੀਅਨਾਂ ਨੇ ਤਲਵੰਡੀ ਸਾਬੋ ਵਿਧਾਇਕਾ ਨੂੰ ਸੌਂਪਿਆ ਮੰਗ ਪੱਤਰ

# ਖਾਲੀ ਅਸਾਮੀਆਂ ਭਰਨ ਅਤੇ ਐਕਟ ਲਾਗੂ ਕਰਨ ਦੀ ਅਪੀਲ



ਤਲਵੰਡੀ ਸਾਬੋ, 11 ਜੂਨ (ਗੁਰਜੰਟ ਸਿੰਘ ਨਥੇਹਾ)- ਪੰਜਾਬ ਲਾਇਬ੍ਰੇਰੀ ਯੂਨੀਅਨ ਅਤੇ ਬੇਰੁਜ਼ਗਾਰ ਲਾਇਬ੍ਰੇਰੀਅਨ ਯੂਨੀਅਨ ਵੱਲੋਂ ਵਿਧਾਇਕ ਬਲਜਿੰਦਰ ਕੌਰ ਨੂੰ ਇੱਕ ਮੰਗ ਪੱਤਰ ਸੌਂਪਿਆ ਗਿਆ ਹੈ। ਯੂਨੀਅਨ ਨੇ ਇਸ ਰਾਹੀਂ ਵਿਧਾਇਕ ਅਤੇ ਪੰਜਾਬ ਸਰਕਾਰ ਨੂੰ ਪਿਛਲੇ ਕਈ ਦਹਾਕਿਆਂ ਤੋਂ ਲਟਕਦੀਆਂ ਆ ਰਹੀਆਂ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਬਾਰੇ ਜਾਣੂ ਕਰਵਾਇਆ ਉਹਨਾਂ ਨੇ ਦੱਸਿਆ ਕਿ ਪੰਜਾਬ ਦੀਆਂ ਸਰਕਾਰੀ ਲਾਇਬ੍ਰੇਰੀਆਂ ਪੜ੍ਹਾਈ, ਗਿਆਨ ਅਤੇ ਸਮਾਜਿਕ ਜਾਗਰੂਕਤਾ ਦੇ ਮਹੱਤਵਪੂਰਨ ਕੇਂਦਰ ਹਨ, ਪਰ ਪਿਛਲੇ ਕਈ ਸਾਲਾਂ ਤੋਂ ਇਨ੍ਹਾਂ ਵਿੱਚ ਲਾਇਬ੍ਰੇਰੀਅਨ, ਸਹਾਇਕ ਲਾਇਬ੍ਰੇਰੀਅਨ ਅਤੇ ਹੋਰ ਲੋੜੀਂਦੇ ਸਟਾਫ ਦੀ ਭਾਰੀ ਘਾਟ ਚੱਲ ਰਹੀ ਹੈ। ਸਕੂਲਾਂ, ਕਾਲਜਾਂ ਅਤੇ ਸਰਕਾਰੀ ਲਾਇਬ੍ਰੇਰੀਆਂ ਵਿੱਚ ਵੱਡੀ ਗਿਣਤੀ ਵਿੱਚ ਅਸਾਮੀਆਂ ਖਾਲੀ ਪਈਆਂ ਹਨ, ਜਿਸ ਕਾਰਨ ਲਾਇਬ੍ਰੇਰੀ ਸੇਵਾਵਾਂ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀਆਂ ਹਨ ਅਤੇ ਪੜ੍ਹਨ-ਲਿਖਣ ਦਾ ਮਾਹੌਲ ਵੀ ਕਮਜ਼ੋਰ ਪੈ ਰਿਹਾ ਹੈ। ਇਸ ਤੋਂ ਇਲਾਵਾ, ਪੰਜਾਬ ਪਬਲਿਕ ਲਾਇਬ੍ਰੇਰੀ ਐਕਟ ਵੀ ਅਜੇ ਤੱਕ ਪੂਰੀ ਤਰ੍ਹਾਂ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਨਹੀਂ ਹੋ ਸਕਿਆ ਹੈ। ਯੂਨੀਅਨ ਦੀਆਂ ਮੁੱਖ ਮੰਗਾਂ ਵਿੱਚ ਸਕੂਲਾਂ, ਕਾਲਜਾਂ ਅਤੇ ਸਰਕਾਰੀ ਲਾਇਬ੍ਰੇਰੀਆਂ ਵਿੱਚ ਖਾਲੀ ਪਈਆਂ ਅਸਾਮੀਆਂ ਨੂੰ ਭਰਨ ਲਈ ਤੁਰੰਤ ਨਵੀਂ ਪੱਕੀ ਭਰਤੀ ਦਾ ਨੋਟੀਫਿਕੇਸ਼ਨ ਜਾਰੀ ਕਰਨਾ, ਅਤੇ ਪੰਜਾਬ ਪਬਲਿਕ ਲਾਇਬ੍ਰੇਰੀ ਐਕਟ ਨੂੰ ਬਿਨਾਂ ਕਿਸੇ ਦੇਰੀ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਸ਼ਾਮਲ ਹੈ। ਉਹਨਾਂ ਨੇ ਪੇਂਡੂ ਅਤੇ ਸ਼ਹਿਰੀ ਲਾਇਬ੍ਰੇਰੀਆਂ ਵਿੱਚ ਉੱਚ ਯੋਗਤਾ ਪ੍ਰਾਪਤ (B.Lib./M.Lib.) ਉਮੀਦਵਾਰਾਂ ਦੀ ਪੱਕੀ ਨਿਯੁਕਤੀ ਕਰਨ ਦੀ ਵੀ ਮੰਗ ਕੀਤੀ। ਇਸ ਤੋਂ ਇਲਾਵਾ, ਪੰਜਾਬ ਦੇ ਸਥਾਨਕ ਬੇਰੁਜ਼ਗਾਰ ਨੌਜਵਾਨਾਂ ਦੇ ਹੱਕਾਂ ਦੀ ਰਾਖੀ ਲਈ ਭਰਤੀ ਵਿੱਚ ਦੂਜੇ ਰਾਜਾਂ ਦੇ ਉਮੀਦਵਾਰਾਂ ਲਈ ਵੱਧ ਤੋਂ ਵੱਧ 5% ਕੋਟਾ ਨਿਰਧਾਰਿਤ ਕਰਨ ਅਤੇ ਲੰਬੇ ਸਮੇਂ ਤੋਂ ਪੋਸਟਾਂ ਨਾ ਨਿਕਲਣ ਕਾਰਨ ਪੰਜਾਬ ਸਰਕਾਰ ਵੱਲੋਂ ਉਮੀਦਵਾਰਾਂ ਨੂੰ ਉਮਰ ਹੱਦ ਦੀ ਛੋਟ ਦੇਣ ਦੀ ਵੀ ਅਪੀਲ ਕੀਤੀ ਗਈ।ਯੂਨੀਅਨ ਨੇ ਵਿਧਾਇਕ ਬਲਜਿੰਦਰ ਕੌਰ ਨੂੰ ਇਸ ਲੋਕ-ਹਿੱਤ ਅਤੇ ਸਿੱਖਿਆ ਨਾਲ ਜੁੜੇ ਮਹੱਤਵਪੂਰਨ ਮਸਲੇ ਨੂੰ ਵਿਧਾਨ ਸਭਾ ਅਤੇ ਸਰਕਾਰੀ ਪੱਧਰ 'ਤੇ ਉਠਾ ਕੇ ਇਸ ਦੇ ਹੱਲ ਲਈ ਯੋਗ ਯਤਨ ਕਰਨ ਦੀ ਅਪੀਲ ਕੀਤੀ। ਇਸ ਮੌਕੇ 'ਤੇ ਪੰਜਾਬ ਲਾਇਬ੍ਰੇਰੀ ਯੂਨੀਅਨ ਯੂਨੀਅਨ ਨੇ ਵਿਧਾਇਕ ਬਲਜਿੰਦਰ ਕੌਰ ਨੂੰ ਇਸ ਲੋਕ-ਹਿੱਤ ਅਤੇ ਸਿੱਖਿਆ ਨਾਲ ਜੁੜੇ ਮਹੱਤਵਪੂਰਨ ਮਸਲੇ ਨੂੰ ਵਿਧਾਨ ਸਭਾ ਅਤੇ ਸਰਕਾਰੀ ਪੱਧਰ 'ਤੇ ਉਠਾ ਕੇ ਇਸ ਦੇ ਹੱਲ ਲਈ ਯੋਗ ਯਤਨ ਕਰਨ ਦੀ ਅਪੀਲ ਕੀਤੀ। ਇਸ ਮੌਕੇ 'ਤੇ ਪੰਜਾਬ ਲਾਇਬ੍ਰੇਰੀ ਯੂਨੀਅਨ ਅਤੇ ਬੇਰੁਜ਼ਗਾਰ ਲਾਇਬ੍ਰੇਰੀਅਨ ਯੂਨੀਅਨ ਦੇ ਸੂਬਾ ਕਨਵੀਨਰ ਰਾਜ ਸਿੰਘ ਬਰਨਾਲਾ, ਸਹਾਇਕ ਸੂਬਾ ਕਨਵੀਨਰ ਭੁਪਿੰਦਰ ਸਿੰਘ ਪਟਿਆਲਾ, ਸਕੱਤਰ ਪ੍ਰਮਿੰਦਰਜੀਤ ਕੌਰ ਸੰਗਰੂਰ, ਪ੍ਰੈਸ ਸਕੱਤਰ ਅਮਨਪ੍ਰੀਤ ਕੌਰ ਫਤਿਹਗੜ੍ਹ ਅਤੇ ਖਜ਼ਾਨਚੀ ਗਗਨਦੀਪ ਸਿੰਘ ਪਟਿਆਲਾ ਸਮੇਤ ਕਈ ਮੈਂਬਰ ਹਾਜ਼ਰ ਸਨ।

# ਫ਼ਿਰੋਜ਼ਪੁਰ ਦਿਹਾਤੀ ਤੋਂ ਗੁਰਚਰਨ ਸਿੰਘ ਨਾਹਰ ਮਜ਼ਬੂਤ ਦਾਅਵੇਦਾਰ ਵਜੋਂ ਉੱਭਰੇ

ਫ਼ਿਰੋਜ਼ਪੁਰ, 11 ਜੂਨ (ਮਨੋਹਰ ਲਾਲ) :— ਪੰਜਾਬ ਵਿੱਚ ਆਉਣ ਵਾਲੀਆਂ ਚੋਣਾਂ ਨੂੰ ਲੈ ਕੇ ਸਿਆਸੀ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਹਰ ਹਲਕੇ ਵਿੱਚ ਪਾਰਟੀਆਂ ਵੱਲੋਂ ਯੋਗ ਅਤੇ ਲੋਕ ਪ੍ਰਿਯ ਚਿਹਰਿਆਂ ਦੀ ਭਾਲ ਕੀਤੀ ਜਾ ਰਹੀ ਹੈ, ਇਸੇ ਦੌਰਾਨ ਹਲਕਾ ਫ਼ਿਰੋਜ਼ਪੁਰ ਦਿਹਾਤੀ ਤੋਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਪੰਜਾਬ ਐਸ.ਸੀ. ਵਿਭਾਗ ਦੇ ਵਾਈਸ ਚੇਅਰਮੈਨ ਗੁਰਚਰਨ ਸਿੰਘ ਨਾਹਰ ਇੱਕ ਬਹੁਤ ਹੀ ਮਜ਼ਬੂਤ ਅਤੇ ਪ੍ਰਭਾਵਸ਼ਾਲੀ ਉਮੀਦਵਾਰ ਵਜੋਂ ਸਾਹਮਣੇ ਆਏ ਹਨ। ਹਲਕੇ ਦੇ ਲੋਕਾਂ ਅਤੇ ਵਰਕਰਾਂ ਵਿੱਚ ਉਨ੍ਹਾਂ ਦੀ ਵਧਦੀ ਲੋਕਪ੍ਰਿਅਤਾ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਇਸ ਵਾਰ ਫ਼ਿਰੋਜ਼ਪੁਰ ਦਿਹਾਤੀ ਤੋਂ ਕਾਂਗਰਸ ਪਾਰਟੀ ਦਾ ਮੁੱਖ ਉਮੀਦਵਾਰ ਬਣਾਉਣ ਦੀ ਮੰਗ ਲਗਾਤਾਰ ਜ਼ੋਰ ਫੜ ਰਹੀ ਹੈ। ਜਿਕਰਯੋਗ ਹੈ ਕਿ ਗੁਰਚਰਨ ਸਿੰਘ ਨਾਹਰ ਕਿਸੇ ਪਛਾਣ ਦੇ ਮੁਥਾਜ ਨਹੀਂ ਹਨ, ਉਹ ਪਿਛਲੇ ਲੰਬੇ ਸਮੇਂ ਤੋਂ ਰਾਜਨੀਤੀ ਵਿੱਚ ਸਰਗਰਮ ਹਨ ਅਤੇ ਉਨ੍ਹਾਂ ਕੋਲ ਸੰਗਠਨ ਵਿੱਚ ਕੰਮ ਕਰਨ ਦਾ ਇੱਕ ਵਿਸ਼ਾਲ ਤਜਰਬਾ ਹੈ।ਉਹ ਕਾਂਗਰਸ ਪਾਰਟੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਵਜੋਂ ਵੀ ਸ਼ਾਨਦਾਰ ਸੇਵਾਵਾਂ ਨਿਭਾ ਚੁੱਕੇ ਹਨ ਅਤੇ ਜ਼ਿਲ੍ਹਾ ਪ੍ਰਧਾਨ ਰਹਿੰਦਿਆਂ ਉਨ੍ਹਾਂ ਨੇ ਜ਼ਮੀਨੀ ਪੱਧਰ ਤੇ ਵਰਕਰਾਂ ਨੂੰ ਇਕਜੁੱਟ ਕੀਤਾ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ—ਘਰ ਤੱਕ ਪਹੁੰਚਾਇਆ। ਉਨ੍ਹਾਂ ਵੱਖ—ਵੱਖ ਖੇਤਰਾਂ ਅਤੇ ਸਮਾਜਿਕ ਕਾਰਜਾਂ ਵਿੱਚ ਮੋਹਰੀ ਹੋ ਕੇ ਕੰਮ ਕੀਤਾ ਹੈ, ਜਿਸ ਕਾਰਨ ਹਲਕੇ ਦੇ ਹਰ ਵਰਗ ਦੇ ਲੋਕ ਉਨ੍ਹਾਂ ਦਾ ਦਿਲੋਂ ਸਤਿਕਾਰ ਕਰਦੇ ਹਨ। ਕਾਂਗਰਸ ਪਾਰਟੀ ਦੇ ਸੱਚੇ ਸਿਪਾਹੀ ਅਤੇ ਵਫ਼ਾਦਾਰ ਆਗੂ ਨਾਹਰ ਨੂੰ ਕਾਂਗਰਸ ਪਾਰਟੀ ਦਾ ਇੱਕ ਬੇਹੱਦ ਸੱਚਾ ਅਤੇ ਨਿਸ਼ਠਾਵਾਨ ਸਿਪਾਹੀ ਮੰਨਿਆ ਜਾਂਦਾ ਹੈ। ਪਾਰਟੀ ਤੇ ਭਾਵੇਂ ਕੋਈ ਵੀ ਚੰਗਾ ਜਾਂ ਮਾੜਾ ਸਮਾਂ ਆਇਆ ਹੋਵੇ, ਉਹ ਹਮੇਸ਼ਾ ਚਟਾਂਨ ਵਾਂਗ ਪਾਰਟੀ ਦੇ ਨਾਲ ਖੜ੍ਹੇ ਰਹੇ।ਕਾਂਗਰਸ ਹਾਈਕਮਾਂਡ ਵੱਲੋਂ ਜਦੋਂ ਵੀ ਅਤੇ ਜਿੱਥੇ ਵੀ ਉਨ੍ਹਾਂ ਦੀ ਡਿਊਟੀ ਲਗਾਈ ਗਈ ਉਨ੍ਹਾਂ ਨੇ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਆਪਣੀ ਜ਼ਿੰਮੇਵਾਰੀ ਨੂੰ ਨਿਭਾਇਆ। ਉਨ੍ਹਾਂ ਦੀ ਇਸੇ ਵਫ਼ਾਦਾਰੀ ਅਤੇ ਮਿਹਨਤ ਸਦਕਾ ਹੀ ਪਾਰਟੀ ਨੇ ਉਨ੍ਹਾਂ ਨੂੰ ਮਾਣ ਬਖਸ਼ਿਆ ਹੈ ਅਤੇ ਲੋਕਪ੍ਰਿਯਤਾ ਦੇ ਚਲਦਿਆਂ ਹਲਕਾ ਵਾਸੀ ਵੀ ਇਸ ਵਾਰ ਵਿਧਾਨ ਸਭਾ ਚੋਣਾਂ ਵਿਚ ਗੁਰਚਰਨ ਸਿੰਘ ਨਾਹਰ ਨੂੰ ਕਾਂਗਰਸੀ ਉਮੀਦਵਾਰ ਦੇਖਣਾ ਚਾਹੁੰਦੇ ਹਨ।



# ਆਪ ਪੰਜਾਬ ਸਰਕਾਰ ਵੱਲੋਂ ਮਨਜੀਤ ਸਿੰਘ ਔਲਖ ਨੂੰ ਰਾਮਗੜ੍ਹੀਆ ਭਲਾਈ ਬੋਰਡ ਜ਼ਿਲ੍ਹਾ ਫਿਰੋਜ਼ਪੁਰ ਦਾ ਚੈਅਰਮੈਨ ਕੀਤਾ ਨਿਯੁਕਤ

ਫ਼ਿਰੋਜ਼ਪੁਰ, 11 ਜੂਨ (ਮਨੋਹਰ ਲਾਲ) :— ਪੰਜਾਬ ਸਰਕਾਰ ਵੱਲੋਂ ਵੱਖ—ਵੱਖ ਵੈਲਫੇਅਰ ਬੋਰਡਾਂ ਦੇ ਸਟੇਟ ਮੈਬਰ ਚੇਅਰਮੈਨ, ਵਾਈਸ ਚੇਅਰਮੈਨ ਦੀ ਨਿਯੁਕਤੀ ਦਾ ਐਲਾਨ ਕੀਤਾ ਗਿਆ ਹੈ, ਜਿਸ ਤਹਿਤ ਮਨਜੀਤ ਸਿੰਘ ਔਲਖ ਨੂੰ ਰਾਮਗੜ੍ਹੀਆ ਭਲਾਈ ਬੋਰਡ ਜ਼ਿਲ੍ਹਾ ਫਿਰੋਜ਼ਪੁਰ ਚੈਅਰਮੈਨ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਨਾਲ ਸਮੂਹ ਰਾਮਗੜ੍ਹੀਆ ਭਾਈਚਾਰੇ ਵਲੋਂ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਅਤੇ ਹਲਕਾ ਫਿਰੋਜ਼ਪੁਰ ਸਹਿਰੀ ਵਿਧਾਇਕ ਰਣਬੀਰ ਸਿੰਘ ਭੁੱਲਰ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਨਵ ਨਿਯੁਕਤ ਰਾਮਗੜ੍ਹੀਆ ਭਲਾਈ ਬੋਰਡ ਦੇ ਜ਼ਿਲ੍ਹਾ ਚੇਅਰਮੈਨ ਮਨਜੀਤ ਸਿੰਘ ਔਲਖ ਨੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ, ਕੁਲਤਾਰ ਸਿੰਘ ਸੰਧਵਾਂ ਸਪੀਕਰ ਵਿਧਾਨ ਸਭਾ ਪੰਜਾਬ, ਸਤਪਾਲ ਸਿੰਘ ਸੋਖੀ ਚੇਅਰਮੈਨ ਰਾਮਗੜ੍ਹੀਆ ਬੋਰਡ ਪੰਜਾਬ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਉਂਦਾ ਕਿਹਾ ਕਿ ਮਿਲੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਵਾਂਗਾ ਅਤੇ ਰਾਮਗੜ੍ਹੀਆ ਬਰਾਦਰੀ ਦੀ ਭਲਾਈ ਲਈ ਵਚਨਬੱਧ ਰਹਾਂਗਾ। ਇਸ ਮੌਕੇ ਮੇਹਰ ਸਿੰਘ ਕਲਸੀ ਐਨ.ਆਰ.ਆਈ ਕਨੈਡਾ, ਹਰਨੇਕ ਸਿੰਘ ਮਠਾੜੂ, ਸੁਰਜੀਤ ਸਿੰਘ ਸੱਗੂ, ਭੁਪਿੰਦਰ ਸਿੰਘ ਪੰਪਾਂ ਵਾਲੇ, ਗੁਰਸ਼ਰਨ ਸਿੰਘ ਬਗਦਾਦੀ ਗੇਟ, ਸ਼ਮਸ਼ੇਰ ਸਿੰਘ ਕਲਸੀ, ਸਰਬਜੀਤ ਸਿੰਘ ਜੱਬਲ, ਅੰਗਰੇਜ ਸਿੰਘ ਫੌਜੀ ਬਲਾਕ ਪ੍ਰਧਾਨ, ਸੁਖਵਿੰਦਰ ਸਿੰਘ ਚਾਨਾ, ਜਸਵਿੰਦਰ ਸਿੰਘ ਰਿੰਕੂ, ਅਮਨਦੀਪ ਸਿੰਘ ਜੱਬਲ, ਰਾਜਬੀਰ ਸਿੰਘ ਗਾਬੜੀਆ, ਹਰਜਿੰਦਰ ਸਿੰਘ ਗਾਬੜੀਆ, ਗਗਨਦੀਪ ਸਿੰਘ ਚਾਵਲਾ, ਕਰਮਜੀਤ ਸਿੰਘ ਸਰਾਂ, ਬਲਦੇਵ ਸਿੰਘ ਦੇਬੀ, ਮਨਜੀਤ ਸਿੰਘ ਮਠਾੜੂ ਐਕਸੀਅਨ, ਸੁਖਦੇਵ ਸਿੰਘ, ਲਾਡੀ ਬਗਦਾਦੀ ਗੇਟ, ਲਖਵਿੰਦਰ ਸਿੰਘ ਲੱਖਾ ਬਗਦਾਦੀ ਗੇਟ, ਸੰਦੀਪ ਸਿੰਘ ਨਾਗੀ, ਸੁਖਚੈਨ ਸਿੰਘ ਨਾਗੀ, ਹਰਜੀਤ ਸਿੰਘ ਜੱਬਲ, ਰਜਿੰਦਰ ਸਿੰਘ, ਕਰਨੈਲ ਸਿੰਘ ਰਾਮਗੜ੍ਹੀਆ, ਜੱਸਾ ਸਿੰਘ, ਬਲਵਿੰਦਰ ਸਿੰਘ ਢਿੱਲੋਂ, ਜਸਵਿੰਦਰ ਸਿੰਘ, ਜੁਗਰਾਜ ਸਿੰਘ ਢਿੱਲੋਂ, ਸੁਖਪਾਲ ਸਿੰਘ ਚਾਨਾ, ਗੁਰਮੇਜ ਸਿੰਘ ਮਮਦੋਟ, ਜਸਕਰਨ ਸਿੰਘ ਰਾਮਗੜ੍ਹੀਆ ਨੇ ਬੋਲਦਿਆਂ ਕਿਹਾ ਕਿ ਰਾਮਗੜ੍ਹੀਆ ਵੈਲਫੇਅਰ ਬੋਰਡ ਬਣਨ ਨਾਲ ਭਾਈਚਾਰੇ ਨੂੰ ਬਹੁਤ ਵੱਡਾ ਫਾਇਦਾ ਹੋਵੇਗਾ ਅਤੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਹੋ ਰਹੀ ਹੈ।



# ਰੋਟਰੀ ਆਈ ਬੈਂਕ ਨੇ ਵਿਸ਼ਵ ਨੇਤਰਦਾਨ ਦਿਵਸ ਸੁੰਦਰ ਆਸ਼ਰਮ, ਹੁਸ਼ਿਆਰਪੁਰ ਵਿਖੇ ਮਨਾਇਆ

**ਹੁਸ਼ਿਆਰਪੁਰ 11 ਜੂਨ (ਆਵਾਜ਼ਿ ਕੌਮ ਬਿਊਰੋ)**-ਰੋਟਰੀ ਆਈ ਬੈਂਕ ਐਂਡ ਕੋਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ, ਹੁਸ਼ਿਆਰਪੁਰ ਵੱਲੋਂ 10 ਜੂਨ 2026 ਨੂੰ ਅੰਤਰਰਾਸ਼ਟਰੀ ਨੇਤਰ ਦਾਨ ਦਿਵਸ ਆਪਣੇ ਦਫ਼ਤਰ ਸੁੰਦਰ ਆਸ਼ਰਮ ਵਿਖੇ ਪ੍ਰਧਾਨ ਜੇ. ਬੀ. ਬਹਿਲ ਦੀ ਅਗਵਾਈ ਹੇਠ ਮਨਾਇਆ ਗਿਆ। ਇਸ ਸਮਾਗਮ ਵਿੱਚ ਸਾਬਕਾ ਰਾਜ ਸਭਾ ਮੈਂਬਰ ਸ਼੍ਰੀ ਅਵਿਨਾਸ਼ ਰਾਏ ਖੰਨਾ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਇਸ ਮੌਕੇ ਪ੍ਰਧਾਨ ਜੇ. ਬੀ. ਬਹਿਲ ਨੇ ਦੱਸਿਆ ਕਿ ਦੁਨੀਆ ਭਰ ਵਿੱਚ ਨੇਤਰਹੀਨ ਲੋਕਾਂ ਦੀ ਗਿਣਤੀ ਲੱਖਾਂ ਤੋਂ ਵੱਧ ਕੇ ਕਰੋੜਾਂ ਤੱਕ ਪਹੁੰਚ ਚੁੱਕੀ ਹੈ। ਨੇਤਰਹੀਨਤਾ ਵਿਰੁੱਧ ਇਸ ਜੰਗ ਵਿੱਚ ਜਿੱਤ ਹਾਸਲ ਕਰਨ ਅਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਹਰ ਸਾਲ 10 ਜੂਨ ਨੂੰ ਅੰਤਰਰਾਸ਼ਟਰੀ ਨੇਤਰ ਦਾਨ ਦਿਵਸ ਮਨਾਇਆ ਜਾਂਦਾ ਹੈ। ਇਸ ਦਾ ਉਦੇਸ਼ ਲੋਕਾਂ ਨੂੰ ਨੇਤਰ ਦਾਨ ਲਈ ਪ੍ਰੇਰਿਤ ਕਰਨਾ ਅਤੇ ਅੱਖਾਂ ਨਾਲ ਸੰਬੰਧਿਤ ਹਰ ਕਿਸਮ ਦੇ ਅੰਧੇਪਨ, ਖ਼ਾਸ ਤੌਰ ਤੇ ਕੋਰਨੀਆਲ ਅੰਧੇਪਨ ਨੂੰ ਖਤਮ ਕਰਨਾ ਹੈ। ਇਸ ਮੌਕੇ ਈਸ਼ਾਨ ਜੈਨ, ਮੁਕੇਸ਼ ਵਰਮਾ ਅਤੇ ਅਨੀਸ਼ਾ ਵਾਲੀਆ ਨੇ ਨੇਤਰ ਦਾਨ ਕਰਨ ਦਾ ਸੰਕਲਪ ਲਿਆ। ਸ੍ਰੀ ਅਵਿਨਾਸ਼ ਰਾਏ ਖੰਨਾ ਨੇ ਉਨ੍ਹਾਂ ਨੂੰ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਕੀਤਾ। ਆਪਣੇ ਸੰਬੋਧਨ ਦੌਰਾਨ ਸ੍ਰੀ ਖੰਨਾ ਨੇ ਨੇਤਰ ਦਾਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਅਤੇ ਨੇਤਰ ਦਾਨੀਆ ਦਾ ਧੰਨਵਾਦ ਕੀਤਾ। ਉਨ੍ਹਾਂ ਉਮੀਦ ਜਤਾਈ ਕਿ ਹੋਰ ਲੋਕ ਵੀ ਇਨ੍ਹਾਂ ਤੋਂ ਪ੍ਰੇਰਣਾ ਲੈ ਕੇ ਇਸ ਪਵਿੱਤਰ ਮੁਹਿੰਮ ਵਿੱਚ ਆਪਣਾ ਯੋਗਦਾਨ ਪਾਉਣਗੇ। ਉਨ੍ਹਾਂ ਨੇ ਸੋਸਾਇਟੀ ਦੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਹਮੇਸ਼ਾਂ ਦੀ ਤਰ੍ਹਾਂ ਹਰ ਸੰਭਵ ਸਹਿਯੋਗ ਦਾ ਭਰੋਸਾ ਵੀ ਦਿੱਤਾ।

ਇਸ ਮੌਕੇ ਸੋਸਾਇਟੀ ਦੇ ਸਕੱਤਰ ਪ੍ਰੋ. ਦਲਜੀਤ ਸਿੰਘ ਨੇ ਦੱਸਿਆ ਕਿ ਸੰਸਥਾ ਹੁਣ ਤੱਕ ਦੇਸ਼ ਦੇ ਵੱਖ-ਵੱਖ ਰਾਜਾਂ ਦੇ 4,168 ਨੇਤਰਹੀਨ ਵਿਅਕਤੀਆਂ ਨੂੰ ਮੁਫ਼ਤ ਰੌਸ਼ਨੀ ਪ੍ਰਦਾਨ ਕਰਵਾ ਚੁੱਕੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇਨ੍ਹਾਂ ਵਿੱਚੋਂ ਲਗਭਗ 450 ਬੱਚੇ ਅਜਿਹੇ ਹਨ ਜਿਨ੍ਹਾਂ ਦੀ ਉਮਰ ਕੁਝ ਮਹੀਨਿਆਂ ਤੋਂ ਲੈ ਕੇ ਕੁਝ ਸਾਲਾਂ ਤੱਕ ਹੈ। ਅੰਤ ਵਿੱਚ ਪ੍ਰੋ. ਦਲਜੀਤ ਸਿੰਘ ਨੇ ਪਹੁੰਚੇ ਹੋਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਆਸ ਪ੍ਰਗਟ ਕੀਤੀ ਕਿ ਸਭ ਦਾ ਸਹਿਯੋਗ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਲਦਾ ਰਹੇਗਾ ਅਤੇ ਸੋਸਾਇਟੀ ਲੋਕ ਭਲਾਈ ਲਈ ਆਪਣੇ ਯਤਨ ਜਾਰੀ ਰੱਖੇਗੀ। ਇਸ ਮੌਕੇ ਵਿਜੇ ਅਰੋੜਾ, ਅਸ਼ਵਨੀ ਕੁਮਾਰ ਦੱਤਾ, ਜਸਵੀਰ ਕੰਵਰ, ਕ੍ਰਿਸ਼ਨ ਕਿਸ਼ੋਰ, ਜਗਦੀਸ਼ ਅਗਰਵਾਲ, ਅਮ੍ਰਿਤਜੋਤ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

### ਦਸ ਰੋਜ਼ਾ ਗਿਆਨ ਅੰਜੁਨ ਸਮਰ ਕੈਂਪ

# ਇਨਾਮ ਵੰਡ ਸਮਾਗਮ ਨਾਲ ਹੋਇਆ ਸਮਾਪਤ







**ਤਲਵੰਡੀ ਸਾਬੋ, 11 ਜੂਨ (ਗੁਰਜੰਟ ਸਿੰਘ ਨਥੇਹਾ)**- ਵਿਦਿਆਰਥੀ ਵਰਗ ਵਿਚ ਆਪਣੇ ਅਮੀਰ ਵਿਰਸੇ, ਸਭਿਅਚਾਰ ਅਤੇ ਨੈਤਿਕ ਕਦਰਾਂ ਕੀਮਤਾਂ ਪ੍ਰਤੀ ਚੇਤੰਨਤਾ ਪੈਦਾ ਕਰਨ ਦੇ ਆਸ਼ੇ ਨੂੰ ਮੁੱਖ ਰੱਖਦਿਆਂ ਗੁਰੂ ਗੋਬਿੰਦਿ ਸਿੰਘ ਸਟੱਡੀ ਸਰਕਲ ਵੱਲੋਂ ਸਥਾਨਕ ਖਾਲਸਾ ਸੀ.ਸੈ.ਸਕੂਲ, ਤਲਵੰਡੀ ਸਾਬੋ ਵਿਖੇ ਲਗਾਇਆ ਗਿਆ 10 ਰੋਜ਼ਾ ਗਿਆਨ ਅੰਜੁਨ ਸਮਰ ਕੈਂਪ ਇਨਾਮ ਵੰਡ ਸਮਾਗਮ ਨਾਲ ਸਮਾਪਤ ਹੋ ਗਿਆ। ਇਨਾਮ ਵੰਡ ਸਮਾਗਮ ਵਿਚ ਸੁਖਮੰਦਰ ਸਿੰਘ ਭਾਗੀਵਾਂਦਰ, ਸ.ਹਰਬੰਸ ਸਿੰਘ ਸੰਧੂ ਰਿਟਾਇਰਡ ਡੀ.ਪੀ.ਆਈ (ਸਕੂਲਜ਼) ਸ.ਲਾਭਵੀਰ ਸਿੰਘ ਪਟਵਾਰੀ, ਮਾਸਟਰ ਜੋਗਿੰਦਰ ਸਿੰਘ, ਸ.ਰੇਸ਼ਮ ਸਿਘ ਏ.ਐਸ.ਆਈ, ਸੁਖਦੇਵ ਸਿੰਘ ਕਾਨੂੰਗੋ, ਸ.ਲਖਵੀਰ ਸਿੰਘ ਨੱਤ ਦਸਤਾਰ ਕੋਚ, ਪਰਮਿੰਦਰ ਸਿੰਘ ਅਤੇ ਭਾਈ ਮਨੀ ਸਿੰਘ ਸੇਵਾ ਸੁਸਾਇਟੀ ਦੇ ਮੈਂਬਰ ਸਾਹਿਬਾਨ ਵਿਸ਼ੇਸ਼ ਤੌਰ ’ਤੇ ਪਹੁੰਚੇ। ਰਿਟਾ. ਇੰਸਪੈਕਟਰ ਸ਼ਮਸ਼ੇਰ ਸਿੰਘ ਅਤੇ ਸੁਖਰਾਜ ਸਿੰਘ ਸੰਦੋਹਾ ਕੈਂਪ ਪ੍ਰਿੰਸੀਪਲ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਇਸ 10 ਰੋਜ਼ਾ ਕੈਂਪ ਦੌਰਾਨ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ, ਨਸ਼ਿਆਂ ਦੇ ਨੁਕਸਾਨ, ਸਿਹਤ ਸੰਭਾਲ, ਵਾਤਾਵਰਣ ਸੰਭਾਲ, ਇਮਾਨਦਾਰੀ ਚੰਗੀ ਨੀਤੀ, ਵੰਡ ਛਕੋ, ਸਫ਼ਲ ਜੀਵਨ ਦੇ ਰਾਜ, ਵੱਡਿਆ ਦਾ ਸਤਿਕਾਰ ਆਦਿ ਵਿਸ਼ਿਆਂ ਤੇ ਵੱਖ-ਵੱਖ ਵਿਦਵਾਨਾਂ ਵੱਲੋਂ ਲੈਕਚਰ ਦਿੱਤੇ ਗਏ। ਰੋਜ਼ਾਨਾ ਖੇਡਾਂ ਅਤੇ ਸਖਸ਼ੀਅਤ ਉਸਾਰੀ ਗਤੀਵਿਧੀਆਂ ਕਰਵਾਈਆਂ ਗਈਆਂ। ਵਿਦਿਆਰਥੀਆਂ ਨੂੰ ਸੰਗਤਾ ਦੇ ਸਹਿਯੋਗ ਨਾਲ ਰੋਜ਼ਾਨਾ ਰਿਫਰੈਸ਼ਮੈਂਟ ਵੀ ਦਿੱਤੀ ਗਈ। ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਭਾਸ਼ਨ, ਕਵਿਤਾ, ਕਵੀਸ਼ਰੀ, ਅਰਦਾਸ ਕੰਠ ਅਤੇ ਦਸਤਾਰ ਮੁਕਾਬਲੇ ਕਰਵਾਏ ਗਏ ਅਤੇ ਜੇਤੂਆਂ ਨੂੰ ਇਨਾਮ ਵੀ ਵੰਡੇ ਗਏ। ਕੈਂਪ ਦੇ ਅਖੀਰਲੇ ਦਿਨ ਵਿਦਿਆਰਥੀਆਂ ਨੂੰ ਆਪਣੇ ਇਤਿਹਾਸ ਨਾਲ ਜੋੜਨ ਲਈ ਧਾਰਮਿਕ ਟੂਰ ਲਿਜਾਇਆ ਗਿਆ ਜਿਸ ਦੌਰਾਨ ਬੱਚਿਆਂ ਨੂੰ ਗੁਰਦੁਆਰਾ ਜ਼ਫਰਨਾਮਾ ਸਾਹਿਬ ਦੀਨਾ ਕਾਂਗੜ, ਗੁ.ਗੁਰੂਸਰ ਮਹਿਰਾਜ, ਭਾਈ ਰੂਪਾ ਦੇ ਗੁਰਦੁਆਰਾ ਸਾਹਿਬ, ਭਗਤਾ ਭਾਈ ਕਾ ਅਤੇ ਚੱਕ ਫ਼ਤਿਹ ਸਿੰਘ ਵਿਖੇ ਮਾਈ ਦੇਸਾਂ ਜੀ ਗੁਰਦੁਆਰਾ ਸਾਹਿਬਾਨਾਂ ਦੇ ਦਰਸ਼ਨ ਕਰਵਾਏ ਗਏ ਅਤੇ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ। ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਪ੍ਰੋ.ਅਰਸ਼ਦੀਪ ਸਿੰਘ, ਸ.ਸਤਨਾਮ ਸਿੰਘ ਬਹਿਮਣ, ਜੁਗਾਦਪ੍ਰੀਤ ਸਿੰਘ, ਬੇਅੰਤ ਸਿੰਘ ਲਾਲੇਆਣਾ, ਬੂਟਾ ਸਿੰਘ ਆਰੇ ਵਾਲੇ, ਬਿੰਦਰ ਸਿੰਘ ਆਦਿ ਦਾ ਵਿਸ਼ੇਸ਼ ਸਹਿਯੋਗ ਰਿਹਾ।

### ਜਾਨਵਰਾਂ ਦੇ ਅਧਿਕਾਰਾਂ ਲਈ ਸੰਘਰਸ਼ ਕਰ ਰਹੇ ਸਾਥੀਆਂ ਦੇ ਨਾਂ ਇੱਕ ਖੁੱਲ੍ਹੀ ਚਿੱਠੀ

# ਸਾਡੀ ਹਮਦਰਦੀ ਸਿਰਫ਼ ਇੱਕ ਨਸਲ ਤੱਕ ਹੀ ਕਿਉਂ:ਇੰਜੀ ਮਨਜੀਤ ਸਿੰਘ ਸੈਣੀ

ਪਿਆਰੇ ਜੀਵ ਪ੍ਰੇਮੀਓ,

ਪੰਜਾਬ ਵਿੱਚ ਅਵਾਰਾ ਕੁੱਤਿਆਂ ਦੀ ਸੁਰੱਖਿਆ ਅਤੇ ਉਹਨਾਂ ਦੇ ਹੱਕਾਂ ਲਈ ਜੋ ਆਵਾਜ਼ ਤੁਸੀਂ ਬੁਲੰਦ ਕਰ ਰਹੇ ਹੋ, ਉਹ ਸ਼ਲਾਘਾਯੋਗ ਹੈ। ਬੇਜ਼ੁਬਾਨਾਂ ਦੇ ਹੱਕ ਵਿੱਚ ਖੜ੍ਹੇ ਹੋਣਾ ਇੱਕ ਚੰਗੇ ਇਨਸਾਨ ਦੀ ਪਛਾਣ ਹੈ। ਪਰ ਇਸ ਸੰਘਰਸ਼ ਦੇ ਦੌਰਾਨ, ਸਾਨੂੰ ਇੱਕ ਗੰਭੀਰ ਅਤੇ ਬੁਨਿਆਦੀ ਸਵਾਲ ’ਤੇ ਵੀ ਵਿਚਾਰ ਕਰਨ ਦੀ ਲੋੜ ਹੈ: ਕੀ ਸਾਡੀ ਹਮਦਰਦੀ ਸਿਰਫ਼ ਕੁੱਤਿਆਂ ਤੱਕ ਹੀ ਸੀਮਤ ਹੋਣੀ ਚਾਹੀਦੀ ਹੈ




ਜੇਕਰ ਅਸੀਂ ਸੱਚਮੁੱਚ ਹਰ ਜੀਵ ਦੇ ਦਰਦ ਨੂੰ ਮਹਿਸੂਸ ਕਰਦੇ ਹਾਂ, ਤਾਂ ਸਾਨੂੰ ਪੰਜਾਬ ਵਿੱਚ ਮਨੁੱਖੀ ਭੋਜਨ ਲਈ ਹਰ ਸਾਲ ਕੱਟੇ ਜਾਣ ਵਾਲੇ ਕਰੋੜਾਂ ਹੋਰ ਜੀਵਾਂ ਦੇ ਇਹਨਾਂ ਅੰਕੜਿਆਂ ਵੱਲ ਵੀ ਝਾਤੀ ਮਾਰਨੀ ਪਵੇਗੀ:

**ਪੰਜਾਬ ਵਿੱਚ ਜੀਵਾਂ ਦੀ ਕਟਾਈ ਦੇ ਕੁਝ ਅਸਲ ਅੰਕੜੇ:**

ਮੁਰਗੇ (ਬਰੋਇਲਰ): ਪੰਜਾਬ ਸਰਕਾਰ ਅਤੇ ਖੇਤੀਬਾੜੀ ਅਧਿਐਨ ਦੇ ਅੰਕੜਿਆਂ ਮੁਤਾਬਕ, ਪੰਜਾਬ ਵਿੱਚ ਹਰ ਸਾਲ 11 ਕਰੋੜ (110 ਮਿਲੀਅਨ) ਤੋਂ ਵੱਧ ਬਰੋਇਲਰ ਮੁਰਗੇ ਮੀਟ ਲਈ ਕੱਟੇ ਜਾਂਦੇ ਹਨ। ਇਹ ਸਾਲਾਨਾ ਲਗਭਗ 1,27,000 ਮੀਟ੍ਰਿਕ ਟਨ ਪੋਲਟਰੀ ਮੀਟ ਬਣਦਾ ਹੈ ਜੇਕਰ ਮੁਰਗਿਆਂ ਨੂੰ ਛੱਡ ਵੀ ਦਿੱਤਾ ਜਾਵੇ, ਤਾਂ ਵੀ ਪੰਜਾਬ ਵਿੱਚ ਹਰ ਸਾਲ ਦੂਜੇ ਜਾਨਵਰਾਂ ਦਾ ਲਗਭਗ 1,41,500 ਮੀਟ੍ਰਿਕ ਟਨ ਮੀਟ ਤਿਆਰ ਕੀਤਾ ਜਾਂਦਾ ਹੈ। ਯਾਨੀ ਲੱਖਾਂ ਦੀ ਗਿਣਤੀ ਵਿੱਚ ਵੱਡੇ-ਛੋਟੇ ਜਾਨਵਰ ਰੋਜ਼ ਕੱਟੇ ਜਾਂਦੇ ਹਨ ਸਾਡੇ ਸੂਬੇ ਵਿੱਚ ਹਰ ਸਾਲ ਲਗਭਗ 1,85,000 ਤੋਂ 2,000,000 ਮੀਟ੍ਰਿਕ ਟਨ ਮੱਛੀ ਦਾ ਉਤਪਾਦਨ ਹੁੰਦਾ ਹੈ, ਜਿਨ੍ਹਾਂ ਨੂੰ ਵਪਾਰਕ ਪੱਧਰ ’ਤੇ ਮਾਰਿਆ ਜਾਂਦਾ ਹੈ ਜੇਕਰ ਅਸੀਂ ਕੁਦਰਤ ਦੇ ਨਿਯਮਾਂ ਅਤੇ ਆਪਣੇ ਰੋਜ਼ਾਨਾ ਦੇ ਜੀਵਨ ਨੂੰ ਦੇਖੀਏ, ਤਾਂ ਅਸੀਂ ਮਨੁੱਖੀ ਸੁਰੱਖਿਆ ਅਤੇ ਸਹੂਲਤ ਲਈ ਹਰ ਰੋਜ਼ ਬਹੁਤ ਸਾਰੇ ਜੀਵਾਂ ਦਾ ਖ਼ਾਤਮਾ ਕਰਦੇ ਹਾਂ। ਆਪਣੇ ਘਰਾਂ ਅਤੇ ਫ਼ਸਲਾਂ ਨੂੰ ਬਚਾਉਣ ਲਈ ਅਸੀਂ ਨੁਕਸਾਨ ਪਹੁੰਚਾਉਣ ਵਾਲੇ ਅਣਗਿਣਤ ਕੀੜੇ-ਮਕੌੜਿਆਂ, ਪਤੰਗਿਆਂ ਅਤੇ ਇੱਥੋਂ ਤੱਕ ਕਿ ਸਿਉਂਕ ਨੂੰ ਵੀ ਜ਼ਿਹਰੀਲੀਆਂ ਦਵਾਈਆਂ ਪਾ ਕੇ ਬੇਦਰਦੀ ਨਾਲ ਮਾਰ ਮੁਕਾਉਂਦੇ ਹਾਂ। ਉੱਥੇ ਸਾਡੀ ਜੀਵ-ਦਇਆ ਕਿੱਥੇ ਚਲੀ ਜਾਂਦੀ ਹੈ

ਵਿਗਿਆਨਕ ਅਤੇ ਜਜ਼ਬਾਤੀ ਤੌਰ ’ਤੇ, ਜਿਸ ਤਰ੍ਹਾਂ ਇੱਕ ਕੁੱਤੇ ਨੂੰ ਦਰਦ ਹੁੰਦਾ ਹੈ, ਉਸੇ ਤਰ੍ਹਾਂ ਇੱਕ ਮੁਰਗੇ, ਬੱਕਰੇ ਜਾਂ ਮੱਛੀ ਜਾਂ ਕੀੜੇ ਮਕੌੜੇ ਨੂੰ ਵੀ ਤਕਲੀਫ਼ ਅਤੇ ਡਰ ਦਾ ਅਹਿਸਾਸ ਹੁੰਦਾ ਹੈ। ਫਿਰ ਅਸੀਂ ਇੱਕ ਜੀਵ ਦੀ ਰੱਖਿਆ ਲਈ ਤਾਂ ਸੜਕਾਂ ’ਤੇ ਉਤਰ ਰਹੇ ਹਾਂ, ਪਰ ਰੋਜ਼ਾਨਾ ਲੱਖਾਂ-ਕਰੋੜਾਂ ਹੋਰ ਬੇਜ਼ੁਬਾਨ ਜੀਵਾਂ ਦੀ ਹੱਤਿਆ ’ਤੇ ਬਿਲਕੁਲ ਖਾਮੋਸ਼ ਕਿਉਂ ਹਾਂ ਇਸ ਲਈ ਮੇਰੀ ਇਹ ਨਿੱਜੀ ਰਾਏ ਹੈ ਕਿ ਜਿੱਥੇ ਬਾਕੀ ਜੀਵਾਂ ਦੇ ਮੁਕਾਬਲੇ ਮਨੁੱਖੀ ਜੀਵਨ ਦੀ ਸੁਰੱਖਿਆ ਦਾ ਸਵਾਲ ਹੋਵੇ, ਉੱਥੇ ਸਾਨੂੰ ਵਧੇਰੇ ਸੰਜੀਦਾ ਹੋਣਾ ਪਵੇਗਾ। ਅੱਜ ਜਦੋਂ ਅਵਾਰਾ ਕੁੱਤੇ ਮਾਸੂਮ ਬੱਚਿਆਂ, ਬਜ਼ੁਰਗਾਂ ਅਤੇ ਆਮ ਲੋਕਾਂ ਦੇ ਜੀਵਨ ਲਈ ਇੱਕ ਵੱਡਾ ਖ਼ਤਰਾ ਬਣ ਚੁੱਕੇ ਹਨ, ਤਾਂ ਸਾਨੂੰ ਮਾਨਯੋਗ ਉੱਚ ਅਦਾਲਤ ਦੇ ਫ਼ੈਸਲੇ ਅਤੇ ਦਿਸ਼ਾ-ਨਿਰਦੇਸ਼ਾਂ ਦਾ ਪੂਰਾ ਸਨਮਾਨ ਕਰਨਾ ਚਾਹੀਦਾ ਹੈ। ਅਦਾਲਤ ਵੱਲੋਂ ਮਨੁੱਖੀ ਜੀਵਨ ਦੀ ਰੱਖਿਆ ਅਤੇ ਅਵਾਰਾ ਕੁੱਤਿਆਂ ਦੀ ਸਮੱਸਿਆ ਦੇ ਹੱਲ ਲਈ ਜੋ ਵੀ ਕਾਨੂੰਨੀ ਕਦਮ ਉਠਾਏ ਜਾ ਰਹੇ ਹਨ, ਸਾਨੂੰ ਉਹਨਾਂ ਦੇ ਰਸਤੇ ਵਿੱਚ ਬਿਨਾਂ ਵਜ੍ਹਾ ਰੁਕਾਵਟਾਂ ਖੜ੍ਹੀਆਂ ਨਹੀਂ ਕਰਨੀਆਂ ਚਾਹੀਦੀਆਂ। ਸੱਚੀ ਮਾਨਵਤਾ ਅਤੇ ਜੀਵ-ਦਇਆ ਦਾ ਸੰਤੁਲਨ ਇਹੀ ਮੰਗ ਕਰਦਾ ਹੈ।

**-ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਕ ਮਹਿਤਾ**

# ਗਿਆਨੀ ਰਘਬੀਰ ਸਿੰਘ ਨੇ ਸਿੱਟ ਅੱਗੇ ਪੇਸ਼ ਹੋ ਕੇ ਸਿੱਖ ਰਵਾਇਤਾਂ ਅਤੇ ਅਕਾਲ ਤਖ਼ਤ ਦੇ ਹੁਕਮਾਂ ਦੀ ਕੀਤੀ ਉਲੰਘਣਾ: ਸਰਨਾ



ਨਵੀਂ ਦਿੱਲੀ 11 ਜੂਨ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਸ੍ਰੀ ਦਰਬਾਰ ਸਾਹਿਬ ਦੇ ਸਾਬਕਾ ਮੁੱਖ ਗ੍ਰੰਥੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਸਿੱਟ ਅੱਗੇ ਪੇਸ਼ ਹੋ ਕੇ ਬਿਆਨ ਦਰਜ ਕਰਵਾਉਣ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਹੈ ਕਿ ਇਹ ਕਦਮ ਸਿੱਖ ਰਵਾਇਤਾਂ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਦੇ ਉਲਟ ਹੈ। ਪੱਤਰਕਾਰਾਂ ਨੂੰ ਜਾਰੀ ਕੀਤੇ ਬਿਆਨ ਵਿੱਚ ਸਰਨਾ ਨੇ ਕਿਹਾ ਕਿ ਗਿਆਨੀ ਰਘਬੀਰ ਸਿੰਘ ਕੌਮ ਦੇ ਸਭ ਤੋਂ ਉੱਚੇ ਧਾਰਮਿਕ ਅਹੁਦਿਆਂ ’ਤੇ ਰਹਿ ਚੁੱਕੇ ਹਨ, ਇਸ ਲਈ ਉਨ੍ਹਾਂ ਤੋਂ ਸਿੱਖ ਮਰਯਾਦਾ ਅਤੇ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦੀ ਪਾਲਣਾ ਦੀ ਵੱਧ ਉਮੀਦ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਿੱਟ ਅੱਗੇ ਪੇਸ਼ ਹੋ ਕੇ ਗਿਆਨੀ ਰਘਬੀਰ ਸਿੰਘ ਨੇ ਇਹ ਪ੍ਰਭਾਵ ਦਿੱਤਾ ਹੈ ਕਿ ਉਹ ਸਰਕਾਰੀ ਸੰਸਥਾਵਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਉੱਪਰ ਤਰਜੀਹ ਦੇ ਰਹੇ ਹਨ। ਸਰਨਾ ਨੇ ਯਾਦ ਦਿਵਾਇਆ ਕਿ 2 ਜਨਵਰੀ 2004 ਨੂੰ ਤਤਕਾਲੀ ਜਥੇਦਾਰ ਗਿਆਨੀ ਜੁਗਿੰਦਰ ਸਿੰਘ ਵੇਦਾਂਤੀ ਵੱਲੋਂ ਜਾਰੀ ਆਦੇਸ਼ ਅਤੇ 5 ਮਈ 2017 ਨੂੰ ਪੰਜ ਸਿੰਘ ਸਾਹਿਬਾਨਾਂ ਵੱਲੋਂ ਲਏ ਗਏ ਫ਼ੈਸਲੇ ਵਿੱਚ ਸਪੱਸ਼ਟ ਕੀਤਾ ਗਿਆ ਸੀ ਕਿ ਗੁਰੂ ਘਰਾਂ ਨਾਲ ਸਬੰਧਤ ਮਸਲਿਆਂ ਨੂੰ ਅਦਾਲਤਾਂ ਜਾਂ ਹੋਰ ਸਰਕਾਰੀ ਮੰਚਾਂ ’ਤੇ ਨਾ ਲਿਜਾਇਆ ਜਾਵੇ। ਉਨ੍ਹਾਂ ਕਿਹਾ ਕਿ ਇਸ ਦੇ ਬਾਵਜੂਦ ਗਿਆਨੀ ਰਘਬੀਰ ਸਿੰਘ ਦਾ ਸਿੱਟ ਅੱਗੇ ਪੇਸ਼ ਹੋਣਾ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਦੀ ਉਲੰਘਣਾ ਹੈ। ਉਨ੍ਹਾਂ ਗਿਆਨੀ ਰਘਬੀਰ ਸਿੰਘ ਤੋਂ ਇਹ ਵੀ ਸਪੱਸ਼ਟ ਕਰਨ ਦੀ ਮੰਗ ਕੀਤੀ ਕਿ ਕੀ ਉਹ ਸਿੱਟ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਉੱਚਾ ਮੰਨਦੇ ਹਨ ਅਤੇ ਕੀ ਸਰਕਾਰੀ ਸਹੂਲਤਾਂ ਅਤੇ ਸੁਰੱਖਿਆ ਕੌਮੀ ਹਿੱਤਾਂ ਤੋਂ ਵੱਧ ਮਹੱਤਵ ਰੱਖਦੀਆਂ ਹਨ। ਸਰਨਾ ਨੇ ਕਿਹਾ ਕਿ ਸਿੱਖ ਕੌਮ ਨੂੰ ਵੀ ਇਸ ਮਾਮਲੇ ’ਤੇ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ ਅਤੇ ਆਪਣੇ ਨਤੀਜੇ ਕੱਢਣੇ ਚਾਹੀਦੇ ਹਨ। ਉਨ੍ਹਾਂ ਦੇ ਅਨੁਸਾਰ, ਗਿਆਨੀ ਰਘਬੀਰ ਸਿੰਘ ਦਾ ਇਹ ਕਦਮ ਕੌਮੀ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਹੈ ਅਤੇ ਇਸ ਬਾਰੇ ਉਨ੍ਹਾਂ ਨੂੰ ਸੰਗਤ ਅੱਗੇ ਆਪਣਾ ਪੱਖ ਸਪੱਸ਼ਟ ਕਰਨਾ ਚਾਹੀਦਾ ਹੈ।

## ਵਰੁਣ ਭਾਟੀਆ ਕਾਂਗਰਸ ਪਾਰਟੀ ਵਲੋਂ ਆਰ.ਟੀ.ਆਈ ਸੈੱਲ ਦੇ ਦੂਸਰੀ ਵਾਰ ਚੇਅਰਮੈਨ ਨਿਯੁਕਤ



**ਚੌਕ ਮਹਿਤਾ, 11 ਜੂਨ (ਮਨਵੀਰ ਸਿੰਘ ਚੰਨਣਕੇ )**-ਵਰੁਣ ਭਾਟੀਆ ਨੂੰ ਕਾਂਗਰਸ ਪਾਰਟੀ ਪ੍ਰਤੀ ਵਫ਼ਾਦਾਰ ਸੇਵਾਵਾਂ ਦੇ ਮੱਦੇਨਜ਼ਰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ, ਸ਼੍ਰੀ ਅਮਰਿੰਦਰ ਸਿੰਘ ਜੀ ਰਾਜਾ ਵੜਿੰਗ ਅਤੇ ਕਾਂਗਰਸ ਪਾਰਟੀ ਦੇ ਹਲਕਾ ਪੂਰਬੀ ਦੇ ਇੰਚਾਰਜ ਜਸਬੀਰ ਸਿੰਘ ਗਿੱਲ ਡਿੰਪਾ ਅਤੇ ਕਾਂਗਰਸ ਪਾਰਟੀ ਦੇ ਸ਼ਹਿਰੀ ਪ੍ਰਧਾਨ ਸੌਰਵ ਮਿੱਠੂ ਮਦਾਨ ਵਲੋ ਨਾਲ ਕਾਂਗਰਸ ਪਾਰਟੀ ਅੰਮ੍ਰਿਤਸਰ ਜ਼ਿਲ੍ਹੇ ਦੇ ਆਰਟੀਆਈ ਸੈੱਲ ਚੇਅਰਮੈਨ ਵਜੋਂ ਨਿਯੁਕਤ ਕੀਤਾ ਗਿਆ ਇਸ ਮੌਕੇ ਵਰੁਣ ਭਾਟੀਆ ਨੇ ਕਿਹਾ ਕਿ ਪਾਰਟੀ ਵਲੋ ਓਹਨਾਂ ਨੂੰ ਮਹੱਤਵਪੂਰਨ ਜ਼ਿੰਮੇਵਾਰੀ ਦਿੱਤੀ ਗਈ ਹੈ ਓਸਨੂੰ ਪੂਰੀ ਮਿਹਨਤ, ਇਮਾਨਦਾਰੀ ਅਤੇ ਪੂਰੀ ਵਫ਼ਾਦਾਰੀ ਨਾਲ ਨਿਭਾਉਣਗੇ ਅਤੇ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਯਤਨਸ਼ੀਲ ਰਹਾਗਾ ਇਸ ਤੋਂ ਇਲਾਵਾ,ਧੜੇਬੰਦੀਆਂ ਤੋਂ ਉੱਪਰ ਉੱਠੋ ਕੇ ਸਾਰੇ ਵਰਕਰਾਂ ਨੂੰ ਇੱਕਜੁੱਟ ਕਰਕੇ ਸੰਗਠਨ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਵਾਗਾ ਅਤੇ ਪਾਰਟੀ ਦੀਆਂ ਉਮੀਦਾਂ ’ਤੇ ਖਰੇ ਉਤਰਕੇ ਕਾਂਗਰਸ ਸੰਗਠਨ ਨੂੰ ਨਵੀਂ ਤਾਕਤ ਦੇਵਾਗਾ

## “ਖੇਤੀਬਾੜੀ ਵਿਭਾਗ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਕਰਵਾਈ ਗਈ”



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਖੇਤੀਬਾੜੀ ਅਫ਼ਸਰ ਸੰਗਰੂਰ ਡਾ ਧਰਮਿੰਦਰਜੀਤ ਸਿੰਘ ਸਿੱਧੂ ਦੇ ਨਿਰਦੇਸ਼ਾਂ ਅਤੇ ਬਲਾਕ ਖੇਤੀਬਾੜੀ ਅਫ਼ਸਰ ਡਾ ਅਮਨਦੀਪ ਕੌਰ ਦੀ ਅਗਵਾਈ ਵਿੱਚ ਪਿੰਡ ਜੱਖਲਾਂ ਵਿਖੇ ਝੋਨੇ ਦੀ ਸਿੱਧੀ ਬਿਜਾਈ ਸਫਲਤਾ ਪੂਰਵਕ ਕਰਵਾਈ ਗਈ। ਇਸ ਮੌਕੇ ਖੇਤੀਬਾੜੀ ਅਧਿਕਾਰੀਆਂ ਨੇ ਦਸਿਆ ਕਿ ਤੇਜ਼ੀ ਨਾਲ ਧਰਤੀ ਹੇਠਲੇ ਪਾਣੀ ਦੇ ਘੱਟ ਰਹੇ ਪੱਧਰ ਨੂੰ ਧਿਆਨ ਵਿੱਚ ਰੱਖਦੇ ਹੋਏ ਅਤੇ ਖੇਤੀ ਖ਼ਰਚੇ ਘਟਾਉਣ ਲਈ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਅਪਣਾਉਣੀ ਚਾਹੀਦੀ ਹੈ। ਨਾਲ ਹੀ ਉਹਨਾਂ ਵੱਲੋਂ ਇਸ ਤਕਨੀਕ ਲਈ ਮਿਲ ਰਹੀ 1500/- ਰੁਪਏ ਪ੍ਰਤੀ ਏਕੜ ਦੀ ਸਰਕਾਰੀ ਸਬਸਿਡੀ ਬਾਰੇ ਵੀ ਜਾਣੂ ਕਰਵਾਇਆ ਗਿਆ। ਕਿਸਾਨ ਗੁਰਵਿੰਦਰ ਸਿੰਘ ਪੁੱਤਰ ਬਲਦੇਵ ਸਿੰਘ ਨੇ ਗੱਲਬਾਤ ਦੌਰਾਨ ਦਸਿਆ ਕਿ ਖੇਤੀਬਾੜੀ ਵਿਭਾਗ ਅਤੇ 756-7 ਪ੍ਰੋਜੈਕਟ ਦੇ ਸਹਿਯੋਗ ਨਾਲ ਉਹ ਪਹਿਲੀ ਵਾਰ ਪੰਜ ਏਕੜ ਰਕਬੇ ਵਿੱਚ ਝੋਨੇ ਦੀ ਸਿੱਧੀ ਬਿਜਾਈ ਦਾ ਤਜ਼ਰਬਾ ਕਰ ਰਹੇ ਹਨ।

### ਸਵਿਸ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ

# ਗੁਰਦੁਆਰਾ ਸਾਹਿਬ ਡੈਨੀਕਨ ਵਿਖੇ ਸਿੱਖ ਧਰਮ ਬਾਰੇ ਹਾਸਲ ਕੀਤੀ ਜਾਣਕਾਰੀ





**ਨਵੀਂ ਦਿੱਲੀ, 11 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਸਵਿਸ ਯੂਨੀਵਰਸਿਟੀ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਇੱਕ ਵਫ਼ਦ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਦੁਆਰਾ ਸਾਹਿਬ ਡੈਨੀਕਨ ਵਿਖੇ ਸਿੱਖ ਧਰਮ, ਸਿੱਖ ਇਤਿਹਾਸ ਅਤੇ ਗੁਰਮਤਿ ਪਰੰਪਰਾਵਾਂ ਬਾਰੇ ਜਾਣਕਾਰੀ ਹਾਸਲ ਕਰਨ ਲਈ ਪਹੁੰਚਿਆ। ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਜਾਣਕਾਰੀ ਦਿੰਦਿਆਂ ਸਰਦਾਰ ਪ੍ਰਿਤਪਾਲ ਸਿੰਘ ਖਾਲਸਾ ਨੇ ਦੱਸਿਆ ਕਿ ਪਿਛਲੇ ਕਈ ਸਾਲਾਂ ਤੋਂ ਸਵਿਸ ਯੂਨੀਵਰਸਿਟੀ ਦੇ ਵਿਦਿਆਰਥੀ ਅਤੇ ਅਧਿਆਪਕ ਗੁਰਦੁਆਰਾ ਸਾਹਿਬ ਡੈਨੀਕਨ ਵਿਖੇ ਆ ਕੇ ਸਿੱਖ ਧਰਮ ਬਾਰੇ ਜਾਣਕਾਰੀ ਪ੍ਰਾਪਤ ਕਰਦੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਦੌਰੇ ਵੱਖ-ਵੱਖ ਧਰਮਾਂ ਅਤੇ ਸਭਿਆਚਾਰਾਂ ਵਿਚਕਾਰ ਆਪਸੀ ਸਮਝ ਅਤੇ ਸਾਂਝ ਨੂੰ ਮਜ਼ਬੂਤ ਕਰਦੇ ਹਨ।ਓਨ੍ਹਾ ਦਸਿਆ ਸਭ ਤੋਂ ਪਹਿਲਾਂ ਮਹਿਮਾਨਾਂ ਨੂੰ ਲੰਗਰ ਹਾਲ ਵਿੱਚ ਲਿਜਾਇਆ ਗਿਆ, ਜਿੱਥੇ ਉਨ੍ਹਾਂ ਦੀ ਚਾਹ, ਪਾਣੀ ਅਤੇ ਬ੍ਰੈਡ-ਪਕੌੜਿਆਂ ਨਾਲ ਸੇਵਾ ਕੀਤੀ ਗਈ। ਇਸ ਤੋਂ ਬਾਅਦ ਉਨ੍ਹਾਂ ਨੂੰ ਦੀਵਾਨ ਹਾਲ ਵਿੱਚ ਲਿਆਂਦਾ ਗਿਆ, ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਹਜ਼ੂਰੀ ਵਿੱਚ ਸਾਰਿਆਂ ਨੇ ਸ਼ਰਧਾ ਨਾਲ ਨਤਮਸਤਕ ਹੋ ਕੇ ਸਤਿਕਾਰ ਪ੍ਰਗਟਾਇਆ। ਸਰਦਾਰ ਪ੍ਰਿਤਪਾਲ ਸਿੰਘ ਖਾਲਸਾ ਨੇ ਲਗਭਗ ਇੱਕ ਘੰਟੇ ਤੱਕ ਸਿੱਖ ਧਰਮ ਦੇ ਮੁੱਢਲੇ ਸਿਧਾਂਤਾਂ, ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ, ਖਾਲਸਾ ਪੰਥ ਦੀ ਸਥਾਪਨਾ ਅਤੇ ਮਨੁੱਖਤਾ ਦੀ ਭਲਾਈ ਲਈ ਸਿੱਖ ਧਰਮ ਦੇ ਯੋਗਦਾਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਦੌਰਾਨ ਵਿਦਿਆਰਥੀਆਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਵੀ ਤਸੱਲੀਬਖ਼ਸ਼ ਜਵਾਬ ਦਿੱਤੇ ਗਏ। ਇਸ ਮੌਕੇ ਭਾਈ ਸਾਹਿਬ ਗ੍ਰੰਥੀ ਸਿੰਘ ਨੇ ਹੁਕਮਨਾਮੇ ਦਾ ਪਾਵਨ ਸ਼ਬਦ ਸਰਵਣ ਕਰਵਾਇਆ, ਜਿਸ ਨੂੰ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਬੜੀ ਸ਼ਰਧਾ ਅਤੇ ਸ਼ਾਂਤੀ ਨਾਲ ਸੁਣਿਆ ਉਪਰੰਤ ਸਰਦਾਰ ਪ੍ਰਿਤਪਾਲ ਸਿੰਘ ਖਾਲਸਾ ਨੇ ਹੁਕਮਨਾਮੇ ਦੀ ਮਹੱਤਤਾ ਅਤੇ ਸਿੱਖ ਜੀਵਨ ਵਿੱਚ ਇਸ ਦੀ ਅਹਿਮ ਭੂਮਿਕਾ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਮਹਿਮਾਨਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਰਿਕਰਮਾ ਵੀ ਕੀਤੀ।ਪ੍ਰੋਗਰਾਮ ਦੇ ਅੰਤ ਵਿੱਚ ਸਮੂਹ ਵੱਲੋਂ ਯਾਦਗਾਰੀ ਤਸਵੀਰ ਖਿਚਵਾਈ ਗਈ। ਇਸ ਤੋਂ ਬਾਅਦ ਸਾਰੇ ਮਹਿਮਾਨਾਂ ਨੇ ਲੰਗਰ ਹਾਲ ਵਿੱਚ ਪੰਗਤ ਵਿਚ ਬੈਠ ਕੇ ਗੁਰੂ ਕਾ ਲੰਗਰ ਛਕਿਆ ਅਤੇ ਸਿੱਖ ਧਰਮ ਦੀ ਲੰਗਰ ਪਰੰਪਰਾ ਦੀ ਭਰਪੂਰ ਸ਼ਲਾਘਾ ਕੀਤੀ। ਅਖੀਰ ਵਿੱਚ ਵਫ਼ਦ ਦੀ ਅਧਿਆਪਕਾ ਨੇ ਸਰਦਾਰ ਪ੍ਰਿਤਪਾਲ ਸਿੰਘ ਖਾਲਸਾ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਧੰਨਵਾਦ ਕਰਦਿਆਂ ਆਉਣੀ ਵਿਥ ਅਨੁਸਾਰ ਗੁਰੂ ਘਰ ਲਈ ਭੇਟ ਵਜੋਂ ਮਾਇਆ ਅਰਪਣ ਕੀਤੀ। ਇਸ ਸਮੁੱਚੇ ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਸਰਦਾਰ ਤਰਸੇਮ ਸਿੰਘ ਨੇ ਵੀ ਵਿਸ਼ੇਸ਼ ਯੋਗਦਾਨ ਪਾਇਆ।

ਆਵਾਜ਼ਿ ਕੌਮ AWAZE QAUM International Newspaper & WEB TV

### ਸ਼੍ਰੋਮਣੀ ਕਮੇਟੀ ਵਫ਼ਦ ਨੇ ਯੂਬਾ ਸਿਟੀ ’ਚ

# ਕੀਤੇ ਜਾਣ ਵਾਲੇ ਕਾਰਜਾਂ ਲਈ ਜਗ੍ਹਾ ਦਾ ਲਿਆ ਜਾਇਜ਼ਾ



ਨਵੀਂ ਦਿੱਲੀ, 11 ਜੂਨ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ’ਚ ਅਮਰੀਕਾ ਪੁੱਜੇ ਵਫ਼ਦ ਨੇ ਅਮਰੀਕਾ ਦੇ ਯੂਬਾ ਸਿਟੀ ਵਿਖੇ ਸਥਾਪਿਤ ਕੀਤੇ ਜਾਣ ਵਾਲੇ ਧਰਮ ਪ੍ਰਚਾਰ ਕੇਂਦਰ, ਪ੍ਰੈੱਸ, ਸਿੱਖ ਮਿਸ਼ਨ ਅਤੇ ਗੁਰਮਤਿ ਵਿਦਿਆਲੇ ਲਈ ਜ਼ਮੀਨ ਦਾ ਜਾਇਜ਼ਾ ਲਿਆ ਅਤੇ ਇਥੇ ਕੀਤੇ ਜਾਣ ਵਾਲੇ ਕਾਰਜਾਂ ਸਬੰਧੀ ਆਰਕੀਟੈਂਕਟਾਂ ਅਤੇ ਸਥਾਨਕ ਸਿੱਖ ਆਗੂਆਂ ਨਾਲ ਵਿਚਾਰ ਚਰਚਾ ਕੀਤੀ। ਜ਼ਿਕਰਯੋਗ ਹੈ ਕਿ ਇਹ 14 ਏਕੜ ਦੇ ਕਰੀਬ ਜ਼ਮੀਨ ਸਵਰਗੀ ਸ. ਦੀਦਾਰ ਸਿੰਘ ਬੈਂਸ ਅਤੇ ਪਰਿਵਾਰ ਵੱਲੋਂ ਸ਼੍ਰੋਮਣੀ ਕਮੇਟੀ ਨੂੰ ਦਿੱਤੀ ਗਈ ਹੈ। ਸ਼੍ਰੋਮਣੀ ਕਮੇਟੀ ਵਫ਼ਦ ਵਿਚ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਮੌਜੂਦ ਸਨ। ਇਸ ਸਬੰਧੀ ਦਫ਼ਤਰ ਤੋਂ ਜਾਰੀ ਪ੍ਰੈੱਸ ਬਿਆਨ ਵਿਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅਮਰੀਕਾ ਅਤੇ ਕੈਨੇਡਾ ਦੀਆਂ ਸੰਗਤਾਂ ਦੀਆਂ ਭਾਵਨਾਵਾਂ ਨੂੰ ਧਿਆਨ ਵਿਚ ਰੱਖਦਿਆਂ ਬੀਤੇ ਸਮੇਂ ਸ਼੍ਰੋਮਣੀ ਕਮੇਟੀ ਨੇ ਅਮਰੀਕਾ ਅੰਦਰ ਧਰਮ ਪ੍ਰਚਾਰ ਕੇਂਦਰ, ਪ੍ਰੈੱਸ, ਸਿੱਖ ਮਿਸ਼ਨ ਅਤੇ ਗੁਰਮਤਿ ਵਿਦਿਆਲਾ ਸਥਾਪਤ ਕਰਨ ਦਾ ਫੈਸਲਾ ਕੀਤਾ ਸੀ। ਇਸ ਕਾਰਜ ਲਈ ਸਵਰਗੀ ਸ. ਦੀਦਾਰ ਸਿੰਘ ਬੈਂਸ ਵੱਲੋਂ ਸ਼੍ਰੋਮਣੀ ਕਮੇਟੀ ਨੂੰ 14.5 ਏਕੜ ਜ਼ਮੀਨ ਦਿੱਤੀ ਗਈ ਸੀ। ਉਨ੍ਹਾਂ ਕਿਹਾ ਕਿ ਅਮਰੀਕਾ ਕੈਨੇਡਾ ਤੋਂ ਬਹੁਤ ਸਾਰੀਆਂ ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਵੱਡੀ ਮੰਗ ਪੁੱਜਦੀ ਹੈ, ਜੋ ਇਥੇ ਪ੍ਰੈੱਸ ਸਥਾਪਤ ਹੋਣ ਨਾਲ ਸਹਿਜੇ ਪੂਰਿਆਂ ਕੀਤੀ ਜਾ ਸਕੇਗੀ। ਉਨ੍ਹਾਂ ਕਿਹਾ ਕਿ ਧਰਮ ਪ੍ਰਚਾਰ ਦੇ ਮਕਸਦ ਨਾਲ ਸਥਾਪਤ ਕੀਤਾ ਜਾ ਰਿਹਾ ਇਹ ਕੇਂਦਰ ਜਿਥੇ ਪ੍ਰਵਾਸੀ ਸਿੱਖ ਭਾਈਚਾਰੇ ਅਤੇ ਸਿੱਖ ਸੰਸਥਾ ਦੇ ਆਪਸੀ ਸਹਿਯੋਗ ਨੂੰ ਹੋਰ ਮਜ਼ਬੂਤ ਕਰੇਗਾ, ਉਥੇ ਇਹ ਕੇਂਦਰ ਪ੍ਰਵਾਸੀ ਸਿੱਖ ਬੱਚਿਆਂ ਨੂੰ ਗੁਰਮਤਿ ਸਿਧਾਂਤਾਂ ਅਤੇ ਸਿੱਖੀ ਪ੍ਰੰਪਰਾਵਾਂ ਨਾਲ ਜੋੜਨ ਵਿਚ ਵੀ ਸਹਾਈ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਕਾਰਜ ਨੂੰ ਸਥਾਨਕ ਸਿੱਖ ਆਗੂਆਂ ਤੇ ਸੰਗਤਾਂ ਦੇ ਸਹਿਯੋਗ ਨਾਲ ਜਲਦ ਮੁਕੰਮਲ ਕੀਤਾ ਜਾਵੇਗਾ। ਇਸ ਮੌਕੇ ਅਮਰੀਕਾ ਨਿਵਾਸੀ ਸ. ਕਰਮਦੀਪ ਸਿੰਘ ਬੈਂਸ, ਸ. ਹਰਗੁਰਜੀਤ ਸਿੰਘ ਬੱਲ, ਸ. ਦਲਬੀਰ ਸਿੰਘ ਗਿੱਲ, ਸ. ਪਰਮਜੀਤ ਸਿੰਘ ਗਿੱਲ, ਸ. ਗੁਰਮੀਤ ਸਿੰਘ ਗਿੱਲ, ਸ. ਗੁਰਨਾਮ ਸਿੰਘ ਪੰਮਾ, ਸ. ਕੁਲਵੰਤ ਸਿੰਘ ਖੈਹਰਾ, ਸ. ਬਲਜੀਤ ਸਿੰਘ ਮਾਨ, ਸ. ਜੀਵਨ ਸਿੰਘ, ਸ. ਗੁਰਸੇਵਕ ਸਿੰਘ ਭੰਗੂ, ਸ. ਸੁਖਵੰਤ ਸਿੰਘ ਖੈਹਰਾ, ਸ. ਸੁਖਵਿੰਦਰ ਸਿੰਘ, ਸ. ਨਿਰਮਲ ਸਿੰਘ ਜੰਡਾ, ਸ. ਮੁਖਤਿਆਰ ਸਿੰਘ ਗਰੇਵਾਲ, ਸ. ਗੁਰਪ੍ਰੀਤ ਸਿੰਘ ਗਿੱਲ, ਸ. ਇੰਦਰਜੀਤ ਸਿੰਘ ਹੈਪੀ, ਸ. ਦਲਬੀਰ ਸਿੰਘ ਸੰਘੇੜਾ, ਸ. ਜੋਗਿੰਦਰ ਸਿੰਘ ਨਿੱਜਰ ਅਤੇ ਹੋਰ ਮੌਜੂਦ ਸਨ।

**ਸਥਾਪਿਤ ਕੀਤਾ ਜਾ ਰਿਹਾ ਗੁਰਮਤਿ ਕੇਂਦਰ ਸਿੱਖ ਬੱਚਿਆਂ ਨੂੰ ਗੁਰਮਤਿ ਸਿਧਾਂਤਾਂ ਤੇ ਸਿੱਖ ਪ੍ਰੰਪਰਾਵਾਂ ਨਾਲ ਜੋੜਨ ’ਚ ਸਹਾਈ ਹੋਵੇਗਾ- ਐਡਵੋਕੇਟ ਧਾਮੀ**

ਆਵਾਜ਼ਿ ਕੌਮ AWAZE QAUM International Newspaper & WEB TV

## ਸਰਕਾਰ ਬਣਨ ’ਤੇ ਚੌਵੀ ਘੰਟਿਆਂ ਵਿੱਚ ਇਨਸਾਫ ਦੀ ਗਾਰੰਟੀ ਵਾਲੇ ਹੁਣ ਬੇਅਦਬੀ ਮਾਮਲਿਆਂ ’ਚ ਸਾਡੀਆਂ ਧਾਰਮਿਕ ਰਵਾਇਤਾਂ ਨੂੰ ਵਰਤ ਰਹੇ ਹਨ- ਸ ਰਵੀਇੰਦਰ ਸਿੰਘ



**ਚੰਡੀਗੜ੍ਹ, 11 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਰਪ੍ਰਸਤ ਅਤੇ ਸੀਨੀਅਰ ਸਿੱਖ ਆਗੂ ਸ ਰਵੀਇੰਦਰ ਸਿੰਘ ਨੇ ਇਕ ਪ੍ਰੈੱਸ ਬਿਆਨ ਰਾਹੀਂ ਦੋਸ਼ ਲਾਇਆ ਹੈ ਕਿ 2022 ਵਿੱਚ ਸਰਕਾਰ ਬਣਨ ਤੋਂ ਪਹਿਲਾਂ ਜਿੰਨਾਂ ਨੇ ਗਾਰੰਟੀ ਦਿੱਤੀ ਸੀ ਕਿ ਸਰਕਾਰ ਬਣਨ ’ਤੇ ਚੌਵੀ ਘੰਟਿਆਂ ਵਿੱਚ ਬੇਅਦਬੀਆਂ ਦਾ ਇਨਸਾਫ ਹੋਵੇਗਾ, ਉਹ ਚਾਰ ਸਾਲ ਬੀਤਣ ਬਾਅਦ ਵੀ ਇਨਸਾਫ ਦੇ ਨਾਮ ਤੇ ਸਿਰਫ ਰਾਜਨੀਤੀ ਕਰ ਰਹੇ ਹਨ। ਪੰਜਾਬ ਸਰਕਾਰ ਵੱਲੋਂ ਸ ਬਲਤੇਜ ਸਿੰਘ ਪੰਨੂੰ ਦੀ ਅੱਜ ਦੀ ਪ੍ਰੈੱਸ ਕਾਨਫਰੰਸ ਇਹ ਸਾਬਤ ਕਰਦੀ ਹੈ ਕਿ ਆਮ ਆਦਮੀ ਪਾਰਟੀ ਰਾਜਨੀਤਿਕ ਲਾਹੇ ਖਾਤਰ ਸਿੱਖ ਧਾਰਮਿਕ ਰਵਾਇਤਾਂ ਨੂੰ ਆਪਣੇ ਹਿੱਤ ਵਿੱਚ ਵਰਤਣ ਦੀ ਕੋਸ਼ਿਸ਼ ਕਰ ਰਹੀ ਹੈ। ਸ ਰਵੀਇੰਦਰ ਸਿੰਘ ਨੇ ਸਵਾਲ ਉਠਾਉਂਦਿਆਂ ਪੁੱਛਿਆ, ਕੀ ਗਿਆਰਾਂ ਸਾਲ ਦੀ ਕਮਿਸ਼ਨਾਂ, ਏਜੰਸੀਆਂ ਅਤੇ ਵੱਖ ਵੱਖ ਸਿਟਾਂ ਦੀ ਜਾਂਚ ਪੜਤਾਲ ਬੇਕਾਰ ਦੀ ਮੁਸ਼ੱਕਤ ਸੀ ਕਿ ਹੁਣ ਕਿਸੇ ਨੂੰ ਸਜਾ ਦੇਣ ਲਈ ਸ੍ਰੀ ਅਕਾਲ ਤਖਤ ਸਾਹਿਬ ’ਤੇ ਹੋਈਆਂ ਧਾਰਮਿਕ ਕਾਰਵਾਈਆਂ ਦਾ ਸਹਾਰਾ ਲੈਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ? ਇਹ ਬੜੇ ਦੁੱਖ ਦੀ ਗੱਲ ਹੈ ਕਿ ਹਰ ਸਰਕਾਰ ਸਿੱਖਾਂ ਨਾਲ ਹੋਈ ਧੱਕੇਸ਼ਾਹੀ ਅਤੇ ਜਬਰ ਜ਼ੁਲਮ ਲਈ ਕਿਸੇ ਸਿੱਖ ਨੂੰ ਹੀ ਦੋਸ਼ੀ ਬਣਾਉਣ ਲਈ ਪੂਰਾ ਜੋਰ ਲਾ ਦਿੰਦੀ ਹੈ, ਪਰ ਅਸਲ ਦੋਸ਼ੀਆਂ ਨੂੰ ਬਿਲਕੁਲ ਅੱਖੋਂ-ਪਰੋਖੇ ਕਰ ਦਿੱਤਾ ਜਾਂਦਾ ਹੈ। ਸਬੂਤ ਵਜੋਂ ਜਦੋਂ ਜੂਨ 2015 ਵਿੱਚ ਬੁਰਜ ਜਵਾਹਰ ਸਿੰਘ ਵਾਲਾ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਚੋਰੀ ਹੋਏ ਸਨ ਤਾਂ ਸਾਰੇ ਪਿੰਡ ਵਾਸੀਆਂ ਨੇ ਮੰਗ ਕੀਤੀ ਸੀ ਕਿ ਗੁਰੂ ਘਰ ਦੇ ਨੇੜੇ ਦਰਜੀ ਦੀ ਦੁਕਾਨ ਕਰਦੇ ਡੇਰਾ ਪ੍ਰੇਮੀ ਨੂੰ ਫੜ ਲਵੋ, ਸਾਰੀ ਸੱਚਾਈ ਸਾਹਮਣੇ ਆ ਜਾਵੇਗੀ। ਪਰ ਉਸ ਵੇਲੇ ਦੀ ਅਖੌਤੀ ਅਕਾਲੀ ਸਰਕਾਰ ਨੇ ਗ੍ਰੰਥੀ ਸਿੰਘ ਅਤੇ ਦਸ ਦੇ ਕਰੀਬ ਅੰਮ੍ਰਿਤਧਾਰੀ ਸਿੱਖ ਨੌਜਵਾਨਾਂ ਅਤੇ ਬੀਬੀਆਂ ਨੂੰ ਤਾਂ ਤਸ਼ੱਦਦ ਦਾ ਸ਼ਿਕਾਰ ਬਣਾਇਆ ਪਰ ਉਸ ਦਰਜੀ ਤੋਂ ਕੋਈ ਪੁੱਛਗਿੱਛ ਨਾ ਕੀਤੀ। ਜਿਸਦਾ ਬਾਦ ਵਿੱਚ ਕਤਲ ਹੋ ਗਿਆ ਅਤੇ ਅਗਲੀ ਪੜਤਾਲ ਦਾ ਰਾਹ ਵੀ ਬੰਦ ਹੋ ਗਿਆ।

ਸ ਰਵੀਇੰਦਰ ਸਿੰਘ ਨੇ ਅੱਗੇ ਕਿਹਾ ਕਿ ਜਦੋਂ ਬੇਅਦਬੀ ਮਾਮਲਿਆਂ ਦਾ ਦੋਸ਼ੀ ਪ੍ਰਦੀਪ ਕਲੇਰ ਇਕ ਨਿੱਜੀ ਚੈਨਲ ’ਤੇ ਬੈਠ ਕੇ ਖੁੱਲ੍ਹੇਆਮ ਇਕਬਾਲ ਕਰਦਾ ਹੈ ਕਿ ਬੇਅਦਬੀਆਂ ਦੀ ਸਾਜਿਸ਼ ਸਿਰਸਾ ਡੇਰੇ ਵਿੱਚ ਘੜੀ ਗਈ ਸੀ। ਜਿਥੇ ਸੌਦਾ ਸਾਧ ਅਤੇ ਉਸਦੀ ਸਾਥਣ ਹਨੀਪ੍ਰੀਤ ਇਸ ਵਿੱਚ ਸ਼ਾਮਿਲ ਸਨ ਅਤੇ ਉਹਨਾਂ ਨੇ ਦੋਸ਼ੀਆਂ ਨੂੰ ਬੇਅਦਬੀਆਂ ਲਈ ਹੁਕਮ ਦਿੱਤੇ ਸਨ, ਤਾਂ ਸਰਕਾਰ ਅਜੇ ਤੱਕ ਵੀ ਉਹਨਾਂ ਨੂੰ ਰਿਮਾਂਡ ਤੇ ਲੈ ਕੇ ਸ਼ਾਮਿਲ ਤਫਤੀਸ਼ ਨਹੀਂ ਕਰ ਸਕੀ। ਡੇਰੇ ਨੇ ਆਪਣਾ ਰਸੂਖ ਵਰਤ ਕੇ ਸਾਰੇ ਕੇਸ ਵੀ ਚੰਡੀਗੜ੍ਹ ਤਬਦੀਲ ਕਰਵਾ ਲਏ ਹਨ ਤਾਂ ਜੋ ਕੋਈ ਗਵਾਹ ਹੀ ਨਾ ਭੁਗਤ ਸਕੇ। ਉਹ ਸਾਰੇ ਦੋਸ਼ੀ ਪੁਲੀਸ ਗੰਨਮੈਨਾਂ ਦੀਆਂ ਗਾਰਦਾਂ ਲੈ ਕੇ ਸ਼ਰੇਆਮ ਘੁੰਮ ਰਹੇ ਹਨ। ਬਿਆਨ ਦੇ ਅੰਤ ਵਿੱਚ ਉਹਨਾਂ ਕਿਹਾ ਕਿ ਸਰਕਾਰ ਕੋਲ ਕਿਸੇ ਵੀ ਕੇਸ ਦੀ ਜਾਂਚ ਪੜਤਾਲ ਲਈ ਆਪਣੀਆਂ ਏਜੰਸੀਆਂ ਹੁੰਦੀਆਂ ਹਨ ਅਤੇ ਕਿਸੇ ਕੇਸ ਨੂੰ ਅੰਜਾਮ ਤੱਕ ਪਹੁੰਚਾਉਣ ਦੀ ਜਿੰਮੇਵਾਰੀ ਉਹਨਾਂ ਦੀ ਹੀ ਰਹਿਣੀ ਚਾਹੀਦੀ ਹੈ। ਸ੍ਰੀ ਅਕਾਲ ਤਖਤ ਸਾਹਿਬ ਬਖਸ਼ਿੰਦ ਗੁਰੂ ਦਾ ਸੱਚਾ ਤਖਤ ਹੈ, ਉੱਥੇ ਹੋਣ ਵਾਲੀਆਂ ਧਾਰਮਿਕ ਕਾਰਵਾਈਆਂ ਨੂੰ ਆਪਣੀ ਰਾਜਨੀਤੀ ਲਈ ਵਰਤ ਕੇ ਸਰਕਾਰ ਨੂੰ ਇਹ ਸਾਬਤ ਨਹੀਂ ਕਰਨਾ ਚਾਹੀਦਾ ਕਿ ਉਸਦੀਆਂ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਪੂਰੀ ਤਰਾਂ ਫੇਲ੍ਹ ਹੋ ਚੁੱਕੀਆਂ ਹਨ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਗਿਆਨੀ ਰਘਬੀਰ ਸਿੰਘ ਨੇ ਸੀਟ ਅੱਗੇ ਪੇਸ਼ ਹੋ ਕੇ ਅਕਾਲ ਤਖ਼ਤ ਦੀ ਸਰਵਉੱਚਤਾ ਨੂੰ ਲਾਈ ਠੇਸ, ਪੰਥ ਵਿਚ ਭਾਰੀ ਰੋਸ: ਪਰਮਜੀਤ ਸਿੰਘ ਵੀਰਜੀ



ਨਵੀਂ ਦਿੱਲੀ, 11 ਜੂਨ (ਮਨਪ੍ਰੀਤ ਸਿੰਘ ਖਾਲਸਾ): ਗੁਰਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ-ਚੇਅਰਮੈਨ ਪਰਮਜੀਤ ਸਿੰਘ ਵੀਰਜੀ ਨੇ ਗਿਆਨੀ ਰਘਬੀਰ ਸਿੰਘ ਵੱਲੋਂ ਐੱਸ.ਆਈ.ਟੀ. ਅੱਗੇ ਪੇਸ਼ ਹੋ ਕੇ ਬਿਆਨ ਦੇਣ ਦੀ ਸਖ਼ਤ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਕਦਮ ਨੇ ਪੰਥਕ ਹਲਕਿਆਂ ਵਿੱਚ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਅਕਾਲ ਤਖ਼ਤ ਦੇ ਮੌਜੂਦਾ ਜਾਂ ਸਾਬਕਾ ਜਥੇਦਾਰ ਕਿਸੇ ਵੀ ਦੁਨਿਆਵੀ ਅਦਾਲਤ, ਅਧਿਕਾਰੀ ਜਾਂ ਸੰਸਥਾ ਅੱਗੇ ਪੇਸ਼ ਨਹੀਂ ਹੋ ਸਕਦੇ ਹਨ, ਕਿਉਂਕਿ ਜਥੇਦਾਰ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਕਰਦਾ ਹੈ। ਸ਼੍ਰੀ ਅਕਾਲ ਤਖ਼ਤ ਸਾਹਿਬ ਸਿੱਖ ਪੰਥ ਦੀ ਇੱਕ ਸੁਤੰਤਰ ਅਤੇ ਸਰਵਉੱਚ ਧਾਰਮਿਕ ਸੰਸਥਾ ਹੈ, ਜੋ ਕਿਸੇ ਹੋਰ ਅਥਾਰਟੀ ਦੇ ਅਧੀਨ ਨਹੀਂ ਹੈ। ਵੀਰਜੀ ਨੇ ਦੋਸ਼ ਲਗਾਇਆ ਕਿ ਗਿਆਨੀ ਰਘਬੀਰ ਸਿੰਘ ਦਾ ਐੱਸਆਈਟੀ ਅੱਗੇ ਪੇਸ਼ ਹੋਣ ਦਾ ਫ਼ੈਸਲਾ ਪੰਥਕ ਮਰਿਆਦਾਵਾਂ ਅਤੇ ਸਿੱਖ ਪਰੰਪਰਾਵਾਂ ਦੇ ਉਲਟ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਕਦਮ ਸਿੱਖ ਰਵਾਇਤਾਂ ਦੀ ਉਲੰਘਣਾ ਹਨ ਅਤੇ ਸੰਗਤ ਇਹ ਜਾਣਨਾ ਚਾਹੁੰਦੀ ਹੈ ਕਿ ਅਜਿਹੇ ਬਿਆਨਾਂ ਤੋਂ ਲਾਭ ਕਿਸ ਨੂੰ ਮਿਲਣਾ ਹੈ ਅਤੇ ਇਹ ਸਭ ਕੁਝ ਕਿਹੜੀਆਂ ਤਾਕਤਾਂ ਦੇ ਇਸ਼ਾਰੇ ‘ਤੇ ਹੋ ਰਿਹਾ ਹੈ। ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ, ਸੁਤੰਤਰਤਾ ਅਤੇ ਸਰਵਉੱਚਤਾ ਸਿੱਖ ਕੌਮ ਦੀ ਰੂਹ ਹੈ, ਜਿਸ ਨਾਲ ਕਿਸੇ ਵੀ ਪੱਧਰ ‘ਤੇ ਸਮਝੌਤਾ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਸਰਦਾਰ ਸੁਖਬੀਰ ਸਿੰਘ ਬਾਦਲ ਦਾ ਹਵਾਲਾ ਦਿੰਦਿਆਂ ਕਿਹਾ ਕਿ ਉਹ ਇੱਕ ਸਧਾਰਨ ਸਿੱਖ ਵਜੋਂ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਪੇਸ਼ ਹੋਏ, ਸਿਰ ਨਿਵਾਇਆ ਅਤੇ ਆਪਣੀ ਸਰਕਾਰ ਦੇ ਸਮੇਂ ਹੋਈਆਂ ਗ਼ਲਤੀਆਂ ਦੀ ਜ਼ਿੰਮੇਵਾਰੀ ਸਵੀਕਾਰ ਕੀਤੀ ਭਾਵੇਂ ਓਨ੍ਹਾ ਵਿਚ ਓਨ੍ਹਾ ਦਾ ਕੋਈ ਹੱਥ ਨਹੀਂ ਸੀ । ਵੀਰਜੀ ਦੇ ਅਨੁਸਾਰ ਇਹ ਸਿੱਖ ਪਰੰਪਰਾ ਅਤੇ ਤਖ਼ਤ ਸਾਹਿਬ ਪ੍ਰਤੀ ਸਤਿਕਾਰ ਦੀ ਮਿਸਾਲ ਸੀ, ਪਰ ਕੁਝ ਲੋਕ ਉਸ ਇਤਿਹਾਸਕ ਨਿਮਰਤਾ ਨੂੰ ਵੀ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਗਵਾਹ ਹੈ ਕਿ ਵੱਡੇ ਤੋਂ ਵੱਡੇ ਜਰਨੈਲਾਂ ਅਤੇ ਪੰਥਕ ਆਗੂਆਂ ਨੇ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਆਪਣਾ ਸੀਸ ਨਿਵਾਇਆ ਹੈ। ਪਰ ਅੱਜ ਕੁਝ ਲੋਕ ਆਪਣੀਆਂ ਨਿੱਜੀ ਵਿਆਖਿਆਵਾਂ ਅਤੇ ਬਿਆਨਾਂ ਰਾਹੀਂ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਚੁਣੌਤੀ ਦੇਣ ਦਾ ਯਤਨ ਕਰ ਰਹੇ ਹਨ। ਵੀਰਜੀ ਨੇ ਦਾਅਵਾ ਕੀਤਾ ਕਿ ਮੌਜੂਦਾ ਘਟਨਾਕ੍ਰਮ ਇਹ ਸਾਬਤ ਕਰਦਾ ਹੈ ਕਿ ਗਿਆਨੀ ਰਘਬੀਰ ਸਿੰਘ ਨੂੰ ਜਥੇਦਾਰੀ ਤੋਂ ਹਟਾਉਣ ਬਾਰੇ ਲਿਆ ਗਿਆ ਫ਼ੈਸਲਾ ਸਹੀ ਸੀ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਅਹੁਦਾ ਕਿਸੇ ਸਰਕਾਰ, ਸਿਆਸੀ ਧਿਰ ਜਾਂ ਪ੍ਰਸ਼ਾਸਕੀ ਦਬਾਅ ਅੱਗੇ ਝੁਕਣ ਲਈ ਨਹੀਂ ਬਣਿਆ, ਸਗੋਂ ਇਹ ਪੰਥ ਦੀ ਅਜ਼ਾਦ ਅਤੇ ਬੇਖ਼ੌਫ਼ ਆਵਾਜ਼ ਦਾ ਪ੍ਰਤੀਕ ਹੈ। ਅੰਤ ਵਿੱਚ ਉਨ੍ਹਾਂ ਚੇਤਾਵਨੀ ਦਿੱਤੀ ਕਿ ਜੋ ਵੀ ਵਿਅਕਤੀ ਤਖ਼ਤ ਸਾਹਿਬ ਦੀ ਮਰਿਆਦਾ ਨੂੰ ਠੇਸ ਪਹੁੰਚਾਉਣ ਜਾਂ ਪੰਥਕ ਸੰਸਥਾਵਾਂ ਦੀ ਅਜ਼ਾਦੀ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰੇਗਾ, ਉਸ ਨੂੰ ਸਿੱਖ ਸੰਗਤ ਅਤੇ ਇਤਿਹਾਸ ਦੇ ਸਖ਼ਤ ਸਵਾਲਾਂ ਦਾ ਸਾਹਮਣਾ ਕਰਨਾ ਪਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜੂਨ 1984 ਦੇ ਘਲੂਘਾਰੇ ਦੀ ਯਾਦ ਵਿੱਚ ਓਟਾਵਾ ਪਾਰਲੀਮੈਂਟ ਮੂਹਰੇ ਹੋਵੇਗਾ ਵਿਸ਼ਾਲ ਰੋਸ ਪ੍ਰਦਰਸ਼ਨ

# ਹਜ਼ਾਰਾਂ ਸੰਗਤਾਂ ਨੂੰ ਸ਼ਮੂਲੀਅਤ ਦਾ ਸੱਦਾ: ਬਾਬਾ ਖੇਲਾ




ਨਵੀਂ ਦਿੱਲੀ, 11 ਜੂਨ (ਮਨਪ੍ਰੀਤ ਸਿੰਘ ਖਾਲਸਾ):- ਜੂਨ 1984 ਦੀਆਂ ਘਟਨਾਵਾਂ ਨੂੰ ਯਾਦ ਕਰਦਿਆਂ ਓਟਾਵਾ ਦੇ ਪਾਰਲੀਮੈਂਟ ਹਿੱਲ ਵਿਖੇ ਕੈਨੇਡੀਅਨ ਪਾਰਲੀਮੈਂਟ ਮੂਹਰੇ 13 ਜੂਨ 2026 ਨੂੰ ਦੁਪਹਿਰ 12 ਵਜੇ ਇੱਕ ਵਿਸ਼ਾਲ ਰੋਸ ਪ੍ਰਦਰਸ਼ਨ ਕਰਵਾਇਆ ਜਾ ਰਿਹਾ ਹੈ। ਸਮਾਗਮ ਦਾ ਮਕਸਦ 1984 ਦੌਰਾਨ ਸ੍ਰੀ ਹਰਿਮੰਦਰ ਸਾਹਿਬ ਅਤੇ ਹੋਰ ਗੁਰਧਾਮਾਂ ’ਤੇ ਹੋਏ ਫੌਜੀ ਹਮਲੇ ਦੌਰਾਨ ਸ਼ਹੀਦ ਹੋਏ ਸਿੰਘਾਂ-ਸਿੰਘਣੀਆਂ ਅਤੇ ਨਿਰਦੋਸ਼ ਲੋਕਾਂ ਨੂੰ ਸ਼ਰਧਾਂਜਲੀ ਭੇਟ ਕਰਨਾ ਹੈ। ਜਲਾਵਤਨੀ ਆਗੂ ਬਾਬਾ ਸੰਤੋਖ ਸਿੰਘ ਖੇਲਾ, ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਭਾਈ ਜਸਵਿੰਦਰ ਸਿੰਘ ਮੌਂਟਰੀਆਲ ਅਤੇ ਹੋਰ ਪੰਥਕ ਨੁਮਾਇੰਦਿਆਂ ਅਨੁਸਾਰ ਵੱਖ-ਵੱਖ ਸਿੱਖ ਸੰਸਥਾਵਾਂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਇਸ ਸਮਾਗਮ ਵਿੱਚ ਕੈਨੇਡਾ ਭਰ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਦੇ ਪਹੁੰਚਣ ਦੀ ਉਮੀਦ ਹੈ। ਬਾਬਾ ਖੇਲਾ ਅਤੇ ਆਯੋਜਕਾਂ ਵੱਲੋਂ ਸਮੂਹ ਸਿੱਖ ਭਾਈਚਾਰੇ ਅਤੇ ਮਨੁੱਖੀ ਅਧਿਕਾਰਾਂ ਦੇ ਹਮਾਇਤੀਆਂ ਨੂੰ ਇਸ ਸਮਾਗਮ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ ਹੈ। ਇਸ ਮੌਕੇ ਬਾਬਾ ਸੰਤੋਖ ਸਿੰਘ ਖੇਲਾ, ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਭਾਈ ਜਸਵਿੰਦਰ ਸਿੰਘ ਮੌਂਟਰੀਆਲ ਨੇ ਦਸਿਆ ਸੰਗਤਾਂ ਦੀ ਸਹੂਲਤ ਲਈ ਮੌਂਟਰੀਅਲ ਦੇ ਗੁਰੂ ਨਾਨਕ ਦਰਬਾਰ ਲਾਸਾਲ ਅਤੇ ਗੁਰਦੁਆਰਾ ਨਾਨਕ ਦਰਬਾਰ ਪਾਰਕ ਐਕਸ ਤੋਂ ਸਵੇਰੇ 9:30 ਵਜੇ ਬੱਸਾਂ ਰਵਾਨਾ ਹੋਣਗੀਆਂ। ਆਯੋਜਕਾਂ ਨੇ ਪਹਿਲਾਂ ਹੀ ਆਪਣੀ ਸੀਟ ਰਜਿਸਟਰ ਕਰਵਾਉਣ ਦੀ ਵੀ ਅਪੀਲ ਕੀਤੀ ਹੈ ਤਾਂ ਜੋ ਆਵਾਜਾਈ ਦੇ ਪ੍ਰਬੰਧ ਸੁਚੱਜੇ ਢੰਗ ਨਾਲ ਕੀਤੇ ਜਾ ਸਕਣ। ਓਨ੍ਹਾ ਦਸਿਆ ਕਿ ਇਹ ਪ੍ਰੋਗਰਾਮ ਕੇਵਲ ਯਾਦਗਾਰੀ ਇਕੱਠ ਨਹੀਂ, ਸਗੋਂ 1984 ਦੀਆਂ ਘਟਨਾਵਾਂ ਸਬੰਧੀ ਇਨਸਾਫ਼ ਅਤੇ ਇਤਿਹਾਸਕ ਸੱਚਾਈ ਦੀ ਮੰਗ ਨੂੰ ਦੁਹਰਾਉਣ ਦਾ ਮੰਚ ਵੀ ਹੋਵੇਗਾ। ਸਮਾਗਮ ਦੌਰਾਨ ਧਾਰਮਿਕ ਦੀਵਾਨ, ਸੰਬੋਧਨ ਅਤੇ ਸ਼ਹੀਦਾਂ ਨੂੰ ਸਮਰਪਿਤ ਵਿਸ਼ੇਸ਼ ਸ਼ਰਧਾਂਜਲੀ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ। ਇਸ ਮੌਕੇ ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਕਿਹਾ ਕਿ ਜੂਨ 1984 ਸਿੱਖ ਇਤਿਹਾਸ ਦਾ ਇੱਕ ਅਹਿਮ ਅਤੇ ਦਰਦਨਾਕ ਅਧਿਆਇ ਹੈ, ਜਿਸ ਦੀ ਯਾਦ ਨੂੰ ਜਿਉਂਦਾ ਰੱਖਣਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਤੱਕ ਇਸ ਦਾ ਸੰਦੇਸ਼ ਪਹੁੰਚਾਉਣਾ ਹਰ ਸਿੱਖ ਦੀ ਸਾਂਝੀ ਜ਼ਿੰਮੇਵਾਰੀ ਹੈ। ਇਸ ਮੌਕੇ ’ਤੇ ਕੈਨੇਡਾ ਦੇ ਵੱਖ-ਵੱਖ ਸ਼ਹਿਰਾਂ ਤੋਂ ਸੰਗਤਾਂ ਦੇ ਵੱਡੇ ਕਾਫ਼ਲੇ ਓਟਾਵਾ ਪਹੁੰਚਣ ਦੀ ਸੰਭਾਵਨਾ ਹੈ।

## ਨਿਊ ਐਮਪੀਏਪੀ 100 ਦੇ ਬਲਾਕ ਝਬਾਲ ਦੀ ਮਹੀਨਾਵਾਰ ਮੀਟਿੰਗ ਹੋਈ

# ਸੂਬਾ ਪ੍ਰਧਾਨ ਡਾਕਟਰ ਤੇਜਿੰਦਰ ਸਿੰਘ ਢਿੱਲੋਂ ਨੇ ਕੀਤੀਆਂ ਨਵੀਆਂ ਨਿਯੁਕਤੀਆਂ

ਤਰਨ-ਤਾਰਨ, 11 ਜੂਨ (ਆਵਾਜ਼ਿ ਕੌਮ ਬਿਊਰੋ)- ਨਿਊ ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ ਪੰਜਾਬ ਰਜਿਸਟਰਡ ਨੰਬਰ 100 ਦੇ ਜ਼ਿਲ੍ਹਾ ਤਰਨ ਤਾਰਨ ਤੋਂ ਬਲਾਕ ਝਬਾਲ ਦੀ ਮਹੀਨਾਵਾਰ ਮੀਟਿੰਗ ਬਾਬਾ ਬੁੱਢਾ ਸਾਹਿਬ ਜੀ ਦੀਵਾਨ ਹਾਲ ਠੱਠਾ ਵਿਖੇ ਹੋਈ. ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਡਾਕਟਰ ਕਸ਼ਮੀਰ ਸਿੰਘ ਜੀ ਸੱਪਲ ਨੇ ਦੱਸਿਆ ਕਿ ਅੱਜ ਦੀ ਮੀਟਿੰਗ ਸੂਬਾ ਪ੍ਰਧਾਨ ਡਾਕਟਰ ਤੇਜਿੰਦਰ ਸਿੰਘ ਢਿੱਲੋਂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਬਲਾਕ ਪ੍ਰਧਾਨ ਡਾਕਟਰ ਮੱਸਾ ਸਿੰਘ ਜੀ ਰੰਧਾਵਾ ਦੀ ਪ੍ਰਧਾਨਗੀ ਹੇਠ ਹੋਈ! ਮੀਟਿੰਗ ਦੀ ਸਮੁੱਚੀ ਸਟੇਜ ਸੰਚਾਲਨ ਦੀ ਜਿੰਮੇਵਾਰੀ ਬਲਾਕ ਦੇ ਜਨਰਲ ਸਕੱਤਰ ਡਾਕਟਰ ਲਖਬੀਰ ਸਿੰਘ ਜੀ ਇਬਣ ਨੇ ਨਿਭਾਈ ਅਤੇ ਵੀਡੀਓਗ੍ਰਾਫੀ ਡਾਕਟਰ ਡਾਇਮੰਡ ਹੀਰਾ ਜੀ ਨੇ ਕੀਤੀ! ਅੱਜ ਦੀ ਮੀਟਿੰਗ ਵਿੱਚ ਹਾਜ਼ਰ ਸਾਰੇ ਸਾਥੀਆਂ ਨਾਲ ਸਲਾਹ ਮਸ਼ਵਰਾ ਕਰਦੇ ਹੋਏ ਕਈ ਮਹੱਤਵਪੂਰਨ ਫੈਸਲੇ ਕੀਤੇ ਗਏ! ਅੱਜ ਦੇ ਬੁਲਾਰਿਆਂ ਵਿੱਚ ਡਾਕਟਰ ਮੱਸਾ ਸਿੰਘ ਜੀ ਰੰਧਾਵਾ; ਗੁਰਦੇਵ ਸਿੰਘ ਜੀ ਸੋਹਲ; ਗੁਰਪ੍ਰੀਤ ਸਿੰਘ ਜੀ ਉਦੇ; ਹਰਸਿਮਰਨ ਸਿੰਘ ਜੀ ਹੈਪੀ ਅਤੇ ਅਮਰੀਕ ਸਿੰਘ ਜੀ ਲਾਹੌਰੀਆ ਨੇ ਸਾਰੇ ਸਾਥੀਆਂ ਨੂੰ ਸਾਫ ਸੁਥਰੀ ਪ੍ਰੈਕਟਿਸ ਕਰਨ; ਕਲੀਨਿਕਾਂ ਨੂੰ ਸਾਫ ਸੁਥਰਾ ਰੱਖਣ; ਨਸ਼ੇ ਦੇ ਕਾਰੋਬਾਰ ਤੋਂ ਕੋਹਾਂ ਦੂਰ ਰਹਿਣ ਅਤੇ ਆਪਣੇ ਦਾਇਰੇ ਵਿੱਚ ਰਹਿ ਕੇ ਪ੍ਰੈਕਟਿਸ ਕਰਨ ਦੀ ਅਪੀਲ ਕਰਦੇ ਹੋਏ ਕਿਹਾ ਕਿ ਸਾਨੂੰ ਇਮਾਨਦਾਰੀ ਅਤੇ ਕਿਰਤ ਕਮਾਈ ਦੀ ਰੋਜੀ ਰੋਟੀ ਹੀ ਖਾਣੀ ਚਾਹੀਦੀ ਹੈ! ਉਹਨਾਂ ਕਿਹਾ ਕਿ ਸਾਨੂੰ ਮੌਸਮੀ ਅਤੇ ਛੂਤ ਵਾਲੀਆਂ ਬਿਮਾਰੀਆਂ ਬਾਰੇ ਪੂਰੀ ਜਾਣਕਾਰੀ ਰੱਖਣੀ ਚਾਹੀਦੀ ਹੈ ਤਾਂ ਕਿ ਅਸੀਂ ਆਉਣ ਵਾਲੇ ਮਰੀਜ਼ਾਂ ਨੂੰ ਬਿਮਾਰੀ ਦੇ ਕਾਰਨ; ਲੱਛਣ; ਸਾਵਧਾਨੀਆਂ ਅਤੇ ਬਚਾਓ ਦੇ ਤਰੀਕਿਆਂ ਬਾਰੇ ਪੂਰੀ ਤਰ੍ਹਾਂ ਜਾਗਰੂਕ ਕਰ ਸਕੀਏ! ਇਹੋ ਜਾਣਕਾਰੀ ਹੀ ਸਾਡੀ ਸਿਆਣਪ ਅਤੇ ਗਿਆਨ ਵਿੱਚ ਵਾਧਾ ਕਰਦੀ ਹੈ ਅਤੇ ਮਰੀਜ਼ਾਂ ਨਾਲ ਸਾਡੇ ਭਵਨਾਤਮਕ ਸਬੰਧ ਹੋਰ ਮਜ਼ਬੂਤ ਹੁੰਦੇ ਹਨ !ਹੋਰ ਬੁਲਾਰਿਆਂ ਵਿੱਚ ਜ਼ਿਲ੍ਹਾ ਪ੍ਰਧਾਨ ਡਾਕਟਰ ਸੁਰਜੀਤ ਸਿੰਘ ਜੀ ਢੰਡ; ਡਾਕਟਰ ਲਖਬੀਰ ਸਿੰਘ ਜੀ ਇਬਣ; ਬਲਾਕ ਦੇ ਨਵ ਨਿਯੁਕਤ ਸੀਨੀਅਰ ਮੀਤ ਪ੍ਰਧਾਨ ਡਾਕਟਰ ਨਿਰਮਲ ਸਲਹੋਤਰਾ ਜੀ; ਨਵ ਨਿਯੁਕਤ ਮੁੱਖ ਸਲਾਹਕਾਰ ਡਾਕਟਰ ਮਲਕੀਅਤ ਸਿੰਘ ਜੀ ਚਾਹਲ; ਨਵ ਨਿਯੁਕਤ ਸਲਾਹਕਾਰ ਡਾਕਟਰ ਡਾਇਮੰਡ ਹੀਰਾ ਜੀ ਨੇ ਸਾਂਝੇ ਵਿਚਾਰ ਪੇਸ਼ ਕਰਦੇ ਹੋਏ ਜਥੇਬੰਦੀ ਦੀ ਮਹਾਨਤਾ ਬਾਰੇ ਅਤੇ ਮਹੀਨਾਵਾਰ ਮੀਟਿੰਗ ਦੀ ਲੋੜ ਬਾਰੇ ਦੱਸਦੇ ਹੋਏ ਕਿਹਾ ਕਿ ਮੀਟਿੰਗ ਵਿੱਚ ਆਉਣ ਦਾ ਇਹ ਵਾਧਾ ਹੁੰਦਾ ਹੈ ਕਿ ਨਵੇਂ ਪੁਰਾਣੇ ਅਤੇ ਦੂਰ ਦੁਰਾਡੇ ਤੋਂ ਆਉਣ ਵਾਲੇ ਡਾਕਟਰ ਸਾਥੀਆਂ ਨਾਲ ਸਾਂਝ ਵੱਧਦੀ ਹੈ! ਇਸ ਤੋਂ ਇਲਾਵਾ ਦਵਾਈਆਂ ਬਾਰੇ; ਬਿਮਾਰੀਆਂ ਬਾਰੇ ਗਿਆਨ ਵਿੱਚ ਵਾਧਾ ਹੁੰਦਾ ਹੈ! ਸਾਡੇ ਜਿਹੜੇ ਡਾਕਟਰ ਸਾਥੀ ਭਰਾ ਮੀਟਿੰਗ ਵਿੱਚ ਹਾਜ਼ਰ ਨਹੀਂ ਹੁੰਦੇ ਉਨਾਂ ਅੱਗੇ ਅਪੀਲ ਹੈ ਕਿ ਉਹ ਮੀਟਿੰਗ ਵਿੱਚ ਹਾਜ਼ਰੀ ਜਰੂਰ ਲਵਾਉਣ; ਆਪਣੇ ਵਿਚਾਰਾਂ ਦੀ ਸਾਂਝ ਪਾਉਣ; ਜਥੇਬੰਦੀ ਨੂੰ ਵੱਧ ਤੋਂ ਵੱਧ ਸਪੋਰਟ ਕਰਨ ਅਤੇ ਗਰੋਥ ਵਧਾਉਣ ਲਈ ਉਚੇਚੇ ਯਤਨ ਕਰਨ! ਜਥੇਬੰਦੀ ਦੀ ਲੋੜ ਕਿਉਂ ਪੈਂਦੀ ਹੈ ਬਾਰੇ ਚਾਨਣਾ ਪਾਉਂਦੇ ਹੋਏ ਉਹਨਾਂ ਕਿਹਾ ਕਿ ਇਹ ਕਿਸਾਨ ਮਜ਼ਦੂਰ ਜਥੇਬੰਦੀਆਂ ਦੀ ਬਦੌਲਤ ਹੀ ਸੀ ਕਿ ਉਹਨਾਂ ਵੱਲੋਂ ਚਲਾਏ ਗਏ ਅੰਦੋਲਨ ਕਾਰਨ ਹੀ ਕੇਂਦਰ ਸਰਕਾਰ ਨੂੰ ਕਿਸਾਨ ਮਜ਼ਦੂਰ ਮਾਰੂ ਨੀਤੀਆਂ ਵਾਲੇ ਖੇਤੀਬਾੜੀ ਦੇ ਕਾਲੇ ਕਾਨੂੰਨਾਂ ਨੂੰ ਰੱਦ ਕਰਨਾ ਪਿਆ ਸੀ ਅਤੇ ਕਿਸਾਨਾਂ ਦੇ ਜੋਸ਼ ਅੱਗੇ ਗੋਡੇ ਟੇਕਣੇ ਪਏ ਸਨ! ਵਰਨਾ ਹੁਣ ਤੱਕ ਕਿਸਾਨੀ ਅਤੇ ਖੇਤੀਬਾੜੀ ਤੇ ਅਡਾਣੀ; ਅੰਬਾਨੀ ਅਤੇ ਕਾਰਪੋਰੇਟ ਘਰਾਣਿਆਂ ਦਾ ਕਬਜ਼ਾ ਹੋ ਜਾਣਾ ਸੀ ਅਤੇ ਕਿਸਾਨਾਂ ਦਾ ਬੁਰੀ ਤਰ੍ਹਾਂ ਉਜਾੜਾ ਹੋਣਾ ਸੀ! ਸੋ ਸਾਥੀਓ ਇਸੇ ਤਰ੍ਹਾਂ ਆਪਣੇ ਪੇਸ਼ੇ ਵਿੱਚ ਵੀ ਆਰਐਮਪੀ ਜਥੇ ਬੰਦੀਆਂ ਦੀ ਬਦੌਲਤ ਹੀ ਹੈ ਕਿ ਅਸੀਂ ਆਪਣੀਆਂ ਦੁਕਾਨਾਂ ਖੋਲ ਕੇ ਬੈਠੇ ਹਾਂ ਅਤੇ ਆਪੋ ਆਪਣੇ ਪਰਿਵਾਰਾਂ ਲਈ ਰੋਜੀ ਰੋਟੀ ਕਮਾ ਰਹੇ ਹਾਂ! ਵਰਨਾ ਹੁਣ ਤੱਕ ਪ੍ਰਸ਼ਾਸਨ; ਸਿਹਤ ਵਿਭਾਗ ਜਾਂ ਸੂਬਾ ਸਰਕਾਰਾਂ ਨੇ ਆਰਐਮਪੀ ਡਾਕਟਰਾਂ ਦੇ ਉਜਾੜੇ ਵਿੱਚ ਕੋਈ ਕਸਰ ਬਾਕੀ ਨਹੀਂ ਸੀ ਛੱਡਣੀ।

# ਕਿਸਾਨ ਸਿਖਲਾਈ ਕੈਂਪ ਤੇ ਖਾਦਾਂ ਦੀ ਸੰਤੁਲਿਤ ਵਰਤੋਂ ਸਬੰਧੀ ਇੱਕ ਰੋਜ਼ਾ ਟ੍ਰੇਨਿੰਗ ਆਯੋਜਿਤ



**ਤਲਵੰਡੀ ਸਾਬੋ, 11 ਜੂਨ (ਗੁਰਜੰਟ ਸਿੰਘ ਨਥੇਹਾ)-** ਮੁੱਖ ਖੇਤੀਬਾੜੀ ਅਫਸਰ ਬਠਿੰਡਾ ਡਾ. ਹਰਪ੍ਰੀਤਪਾਲ ਕੌਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਬਲਾਕ ਖੇਤੀਬਾੜੀ ਅਫਸਰ ਰਾਮਪੁਰਾ ਡਾ. ਭਾਰਤ ਭੂਸ਼ਨ ਰਾਮਪੁਰਾ ਦੀ ਯੋਗ ਅਗਵਾਈ ਹੇਠ ਅੱਜ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪਿੰਡ ਡਿੱਖ ਵਿਖੇ ਕਿਸਾਨ ਸਿਖਲਾਈ ਕੈਂਪ ਅਤੇ ਆਤਮਾ ਸਕੀਮ ਅਧੀਨ ਖਾਦਾਂ ਦੀ ਸੰਤੁਲਿਤ ਵਰਤੋਂ ਸਬੰਧੀ ਇੱਕ ਰੋਜ਼ਾ ਟ੍ਰੇਨਿੰਗ ਆਯੋਜਿਤ ਕੀਤੀ ਗਈ। ਇਸ ਮੌਕੇ ਡਾ. ਭਾਰਤ ਭੂਸ਼ਨ ਬਲਾਕ ਖੇਤੀਬਾੜੀ ਅਫਸਰ ਰਾਮਪੁਰਾ ਨੇ ਕਿਸਾਨਾਂ ਨੂੰ ਖੇਤ ਬਚਾਓ ਅਭਿਆਨ ਤਹਿਤ ਸੰਤੁਲਿਤ ਖਾਦਾਂ ਦੀ ਵਰਤੋਂ ਕਰਨ ਦੀ ਅਪੀਲ ਕੀਤੀ। ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਜਲਦ ਤੋਂ ਜਲਦ ਕਿਸਾਨ ਆਈਡੀ ਬਨਵਾ ਲਈ ਜਾਵੇ ਜਿਸ ਕਾਰਨ ਉਹ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦਾ ਰੁਕਿਆ ਹੋਇਆ ਲਾਭ ਅਤੇ ਹੋਰ ਮਹਿਕਮੇ ਦੀਆਂ ਸਰਕਾਰੀ ਸਕੀਮਾਂ ਦਾ ਲਾਭ ਲੈ ਸਕਣ। ਉਨਾਂ ਕਿਸਾਨ ਵੀਰਾਂ ਨੂੰ ਖੇਤੀਬਾੜੀ ਵਿਭਾਗ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਸਿੱਧੀ ਬਿਜਾਈ ‘ਤੇ ਦਿੱਤੀ ਜਾ ਰਹੀ 1500 ਰੁਪਏ ਪ੍ਰਤੀ ਏਕੜ ਦੀ ਵਿੱਤੀ ਸਹਾਇਤਾ, ਸਾਉਣੀ ਮੱਕੀ ਦੀ ਕਾਸ਼ਤ ‘ਤੇ ਦਿੱਤੀ ਜਾ ਰਹੀ 17500 ਰੁਪਏ ਪ੍ਰਤੀ ਹੈਕਟੇਅਰ ਦੀ ਵਿੱਤੀ ਸਹਾਇਤਾ ਅਤੇ ਨਰਮੇ ਦੇ ਬੀਜ ‘ਤੇ 33 ਪ੍ਰਤੀਸ਼ਤ ਸਬਸਿਡੀ ਸਬੰਧੀ ਜਾਣਕਾਰੀ ਦਿੱਤੀ। ਡਾ. ਹਰਦੀਪ ਸਿੰਘ ਖੇਤੀਬਾੜੀ ਅਫਸਰ ਟਰੇਨਿੰਗ ਬਠਿੰਡਾ ਨੇ ਝੋਨੇ ਦੀ ਫਸਲ ਵਿੱਚ ਖੁਰਾਕੀ ਤੱਤਾਂ ਦੀ ਘਾਟ, ਨਦੀਨਾਂ ਦੀ ਰੋਕਥਾਮ ਅਤੇ ਕੀੜੇ ਮਕੌੜਿਆਂ ਦੀ ਸਰਵਪਖੀ ਰੋਕਥਾਮ ਸਬੰਧੀ ਤਕਨੀਕੀ ਜਾਣਕਾਰੀ ਸਾਂਝੀ ਕੀਤੀ। ਡਾ. ਜਗਪਾਲ ਸਿੰਘ ਖੇਤੀਬਾੜੀ ਵਿਕਾਸ ਅਫਸਰ ਰਾਮਪੁਰਾ ਨੇ ਝੋਨੇ ਦੀ ਸਿੱਧੀ ਬਜਾਈ ਅਤੇ ਸਾਉਣੀ ਮੁੱਕੀ ਦੀ ਸੁਚੱਜੀ ਕਾਸ਼ਤ ਸਬੰਧੀ ਤਕਨੀਕੀ ਜਾਣਕਾਰੀ ਦਿੱਤੀ। ਉਹਨਾਂ ਕਿਸਾਨ ਵੀਰਾਂ ਨੂੰ ਖਾਦਾਂ ਦੀ ਸੁਚੱਜੀ ਵਰਤੋਂ ਕਰਨ ਦੀ ਅਪੀਲ ਕੀਤੀ ਅਤੇ ਹਰੇਕ ਫਸਲ ਤੇ ਖਾਦਾਂ ਅਤੇ ਕੀੜੇਮਾਰ ਦਵਾਈਆਂ ਦੀ ਵਰਤੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀਆਂ ਸਿਫਾਰਸ਼ਾਂ ਦੇ ਅਧਾਰ ਤੇ ਪਾਉਣ ਦੀ ਹੀ ਸਿਫਾਰਿਸ਼ ਕੀਤੀ। ਡਾ. ਜਸਵਿੰਦਰ ਕੌਰ ਖੇਤੀਬਾੜੀ ਵਿਕਾਸ ਅਫਸਰ ਬਠਿੰਡਾ ਨੇ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਕਿ ਉਹ ਰਵਾਇਤੀ ਫਸਲੀ ਚੱਕਰ ਤੋਂ ਬਾਹਰ ਹਟ ਕੇ ਬਹੁ ਫਸਲੀ ਚੱਕਰ ਅਪਨਾਉਣ ਜਿਸ ਨਾਲ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋ ਸਕੇ। ਉਨਾਂ ਨੇ ਸੁਚੱਜੇ ਕੀਟ ਪ੍ਰਬੰਧਨ ਸਬੰਧੀ ਵੀ ਜਾਣਕਾਰੀ ਕਿਸਾਨਾਂ ਨਾਲ ਸਾਂਝੀ ਕੀਤੀ। ਡਾ. ਯਾਦਵੀਰ ਕੌਰ ਖੇਤੀਬਾੜੀ ਵਿਕਾਸ ਅਫਸਰ ਬਠਿੰਡਾ ਨੇ ਕਿਸਾਨ ਵੀਰਾਂ ਨੂੰ ਖਾਦਾਂ ਦੀ ਵਰਤੋਂ ਮਿੱਟੀ ਪਰਖ ਅਧਾਰ ਤੇ ਹੀ ਕਰਨ ਦੀ ਅਪੀਲ ਕੀਤੀ ਅਤੇ ਉਹਨਾਂ ਨੇ ਕਿਸਾਨਾਂ ਨੂੰ ਮਿੱਟੀ ਪਾਣੀ ਦੇ ਸੈਂਪਲ ਲੈਣ ਦਾ ਤਰੀਕੇ ਸਬੰਧੀ ਵੀ ਜਾਣਕਾਰੀ ਦਿੱਤੀ। ਅਜਿਹਾ ਕਰਨ ਨਾਲ ਜਿਸ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਬਰਕਰਾਰ ਰਹਿੰਦੀ ਹੈ ਦੂਜੇ ਪਾਸੇ ਕਿਸਾਨਾਂ ਦੀ ਆਮਦਨ ਵਿੱਚ ਵੀ ਵਾਧਾ ਹੁੰਦਾ ਹੈ ਕਿਉਂ ਜੋ ਬੇਲੋੜੇ ਖੇਤੀ ਖਰਚੇ ਘੱਟ ਜਾਂਦੇ ਹਨ। ਇਸ ਮੌਕੇ ਡਾ. ਮਨਦੀਪ ਸਿੰਘ ਖੇਤੀਬਾੜੀ ਵਿਕਾਸ ਅਫਸਰ, ਡਾ. ਧਰਮਪਾਲ ਸਿੰਘ ਖੇਤੀਬਾੜੀ ਵਿਕਾਸ ਅਫਸਰ, ਯਾਦਵਿੰਦਰ ਸਿੰਘ ਖੇਤੀਬਾੜੀ ਵਿਕਾਸ ਅਫਸਰ, ਸੈਫ਼ ਏਟੀਐਮ, ਇਕੱਤਰ ਸਿੰਘ ਏਟੀਐਮ, ਅੰਮ੍ਰਿਤਪਾਲ ਸਿੰਘ ਬੇਲਦਾਰ ਅਤੇ ਭਾਰੀ ਗਿਣਤੀ ਵਿੱਚ ਕਿਸਾਨ ਆਦਿ ਹਾਜ਼ਰ ਸਨ।

# ਦੋ ਦਸੰਬਰ ਦੇ ਹੁਕਮਨਾਮਿਆਂ ਨਾਲ ਪੁਨਰ ਸੁਰਜੀਤ ਹੋਇਆ ਅਕਾਲੀ ਦਲ ਪੂਰੀ ਤਰਾਂ ਪੰਥ ਅਤੇ ਪੰਜਾਬ ਨੂੰ ਸਮਰਪਿਤ- ਸ ਵਡਾਲਾ



**ਚੰਡੀਗੜ੍ਹ, 11 ਜੂਨ (ਆਵਾਜ਼ਿ ਕੌਮ ਬਿਊਰੋ)**-ਦੋ ਦਸੰਬਰ 2024 ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋਂ ਹੋਏ ਆਦੇਸ਼ ਅਨੁਸਾਰ ਪੁਨਰ ਸੁਰਜੀਤ ਹੋਇਆ ਸ਼੍ਰੋਮਣੀ ਅਕਾਲੀ ਦਲ ਪੰਥਕ ਹਿੱਤਾਂ ਦੀ ਪਹਿਰੇਦਾਰੀ ਕਰਨ ਵਾਲੀ ਖੇਤਰੀ ਪਾਰਟੀ ਹੈ ਜੋ ਪੂਰੀ ਤਰਾਂ ਪੰਥ ਅਤੇ ਪੰਜਾਬ ਨੂੰ ਸਮਰਪਿਤ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਇਕ ਲਿਖਤੀ ਪ੍ਰੈੱਸ ਬਿਆਨ ਵਿੱਚ ਕੀਤਾ। ਉਹਨਾਂ ਕਿਹਾ ਕਿ ਕੁੱਝ ਛੋਟੇ ਮੋਟੇ ਸੋਸ਼ਲ ਮੀਡੀਆ ਚੈਨਲ ਇਹ ਪ੍ਰਚਾਰ ਕਰ ਰਹੇ ਹਨ ਕਿ ਅਕਾਲੀ ਦਲ ਨੇ ਕੁੱਝ ਪਾਰਟੀਆਂ ਨਾਲ ਗਠਜੋੜ ਕਰ ਲਿਆ ਹੈ, ਜਿੱਥੇ ਸੀਟਾਂ ਦੀ ਵੰਡ ਵੀ ਕਰ ਦਿੱਤੀ ਗਈ ਹੈ। ਸ ਵਡਾਲਾ ਨੇ ਕਿਹਾ ਕਿ ਇਹ ਪ੍ਰਚਾਰ ਸਿਰਫ ਆਪਣੇ ਵਿਊ ਵਧਾਉਣ ਦੀ ਕਵਾਇਦ ਹੈ ਜਿਸ ਵਿੱਚ ਜਰਾ ਵੀ ਸਚਾਈ ਨਹੀਂ ਹੈ। ਸ਼੍ਰੋਮਣੀ ਅਕਾਲੀ ਦਲ ਪੰਥ ਦੀ ਇਕ ਸਦੀ ਪੁਰਾਣੀ ਪਾਰਟੀ ਹੈ, ਜਿਸ ਦਾ ਇਤਿਹਾਸ ਰਿਹਾ ਹੈ ਕਿ ਇਸਨੇ ਹਮੇਸ਼ਾਂ ਪੰਥ ਅਤੇ ਪੰਜਾਬ ਦੇ ਹੱਕਾਂ ਦੀ ਲੜਾਈ ਲੜੀ ਹੈ। ਇਹ ਠੀਕ ਹੈ ਕਿ ਪਿਛਲੇ ਕੁਝ ਸਾਲ ਸੱਤ੍ਹਾ ਦੇ ਲਾਲਚੀ ਲੋਕਾਂ ਨੇ ਇਸ ਜਥੇਬੰਦੀ ਨੂੰ ਅਗਵਾ ਕਰ ਲਿਆ ਸੀ, ਪਰ ਦੋ ਦਸੰਬਰ ਦੇ ਹੁਕਮਨਾਮਿਆਂ ਨਾਲ ਉਹ ਸਾਰੀ ਮੈਲ ਧੋਤੀ ਗਈ ਹੈ। ਇਸ ਜਥੇਬੰਦੀ ਦੀ ਮੌਜੂਦਾ ਲੀਡਰਸ਼ਿਪ ਪੰਥ ਅਤੇ ਪੰਜਾਬ ਨੂੰ ਸਮਰਪਿਤ ਹੈ। ਅਸੀ ਕਿਸੇ ਵੀ ਅਜਿਹੇ ਗਠਜੋੜ ਦਾ ਹਿੱਸਾ ਨਹੀਂ ਬਣਾਂਗੇ ਜਿਸ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਤੋ ਭਗੌੜੇ ਹੋਏ ਲੋਕ ਸ਼ਾਮਲ ਹੋਣਗੇ। ਸ ਵਡਾਲਾ ਨੇ ਕਿਹਾ ਕਿ ਅਸੀਂ ਖੇਤਰੀ ਪਾਰਟੀ ਹਾਂ ਅਤੇ ਸੰਘੀ ਢਾਂਚੇ ਵਿੱਚ ਰਹਿੰਦਿਆਂ ਪੰਥ ਅਤੇ ਪੰਜਾਬ ਦੇ ਮੁੱਦਿਆ ਨੂੰ ਅੱਗੇ ਰੱਖ ਕੇ ਰਾਜਨੀਤੀ ਕਰਾਂਗੇ। ਰਾਜਨੀਤੀ ਵਿੱਚ ਸਾਡਾ ਮਕਸਦ ਸਿਰਫ਼ ਰਾਜਭਾਗ ਮਾਨਣਾ ਨਹੀਂ, ਸਗੋਂ ਉਸ ਪਾਰਟੀ ਨਾਲ ਹੀ ਗਠਜੋੜ ਕੀਤਾ ਜਾਏਗਾ ਜੋ ਪੰਥ ਅਤੇ ਪੰਜਾਬ ਨੂੰ ਬਣਦਾ ਮਾਣ ਸਤਿਕਾਰ ਦੇਣਗੇ। ਸਾਡਾ ਨਿਸ਼ਾਨਾ ਲੰਬੇ ਸਮੇਂ ਤੋਂ ਲਟਕਦੇ ਮਸਲਿਆਂ ਨੂੰ ਸੁਹਿਰਦਤਾ ਨਾਲ ਹੱਲ ਕਰਾਉਣਾ ਹੈ ਨਾ ਕਿ ਸਿਰਫ ਸਿਆਸੀ ਲਾਹਾ ਲੈਣ ਦਾ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243